

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 18, ਅਗਸਤ 2019 (ਸਾਵਣ-ਭਾਦੋਂ ਸੰਮਤ ਨਾਨਕਸ਼ਾਹੀ 551) | ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ | ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ | ਫੋਨ : 01832553956-60 | ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਨੇ ਸ੍ਰੀ ਨਨਕਾਣਾ ਸਾਹਿਬ ਤੋਂ ਭਾਰਤ ਲਈ ਜਾਹੋ-ਜਲਾਲ ਨਾਲ ਅੰਤਰਰਾਸ਼ਟਰੀ ਨਗਰ ਕੀਰਤਨ ਸਜਾਇਆ

- **ਗੁਰੂ ਨਾਨਕ ਸਾਹਿਬ ਦਾ ਫ਼ਲਸਫਾ ਅਜੋਕੀਆਂ ਮਨੁੱਖੀ ਸਮੱਸਿਆਵਾਂ ਦਾ ਸਭ ਤੋਂ ਸਟੀਕ ਹੱਲ- ਜਥੇਦਾਰ ਹਰਪ੍ਰੀਤ ਸਿੰਘ**
- **ਇਹ ਅੰਤਰਰਾਸ਼ਟਰੀ ਨਗਰ ਕੀਰਤਨ ਇਤਿਹਾਸ ਅੰਦਰ ਸੁਨਹਿਰੀ ਅੱਖਰਾਂ 'ਚ ਸਦਾ ਚਮਕੇਗਾ- ਭਾਈ ਲੌਂਗੋਵਾਲ**

### ਭਾਰਤ ਵਿਚ ਪੰਜ ਤਖ਼ਤਾਂ ਤੇ 17 ਸੂਬਿਆਂ ਦੀ ਯਾਤਰਾ ਉਪਰੰਤ ਸੁਲਤਾਨਪੁਰ ਲੋਧੀ ਵਿਖੇ ਹੋਵੇਗਾ ਸੰਪੂਰਨ

ਸ੍ਰੀ ਨਨਕਾਣਾ ਸਾਹਿਬ/ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਹਿਲ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਾਕਿਸਤਾਨ 'ਚ ਸਥਿਤ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਇਤਿਹਾਸਕ ਅੰਤਰਰਾਸ਼ਟਰੀ ਨਗਰ ਕੀਰਤਨ ਖ਼ਾਲਸਈ ਜਾਹੋ-ਜਲਾਲ ਨਾਲ ਨਗਾਰੇ ਦੀ ਗੂੰਜ ਵਿਚ ਭਾਰਤ ਲਈ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੀ





ਆਰੰਭਤਾ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਫੁੱਲਾਂ ਨਾਲ ਸਜੀ ਸੁਨਹਿਰੀ ਬੱਸ ਵਿਚ ਸੁਸ਼ੋਭਿਤ ਪਾਲਕੀ ਸਾਹਿਬ ਅੰਦਰ ਸੁਭਾਏਮਾਨ ਕਰਨ ਦੀ ਸੇਵਾ ਨਿਭਾਈ। ਨਗਰ ਕੀਰਤਨ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਕੇ ਸੇਵਾ ਨਿਭਾ ਰਹੇ ਸਨ। ਸੰਨ 1947 ਦੀ ਵੰਡ ਮਗਰੋਂ 72 ਸਾਲਾਂ ਦੌਰਾਨ ਇਹ ਪਹਿਲਾ ਇਤਿਹਾਸਕ ਇਤਫ਼ਾਕ ਸੀ ਜਦੋਂ ਪਾਕਿਸਤਾਨ ਤੋਂ ਆਰੰਭ ਹੋ ਕੇ ਕੋਈ ਨਗਰ ਕੀਰਤਨ ਜੈਕਾਰਿਆਂ ਦੀ ਗੂੰਜ ਵਿਚ ਭਾਰਤ ਪੁੱਜਾ ਹੋਵੇ, ਇਸ ਤਰ੍ਹਾਂ ਇਹ ਨਗਰ ਕੀਰਤਨ ਭਾਰਤ-ਪਾਕਿਸਤਾਨ ਦੀ ਆਵਾਮ ਦੇ ਮਨਾਂ ਅੰਦਰ ਅਮਨ-ਸ਼ਾਂਤੀ ਤੇ ਮਨੁੱਖੀ ਸਾਂਝ ਦੀ ਸੁਗੰਧੀ ਖਿਲਾਰ ਗਿਆ। ਇਸ ਮੌਕੇ ਜਿਥੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਸੀਨੀਅਰ ਆਗੂ ਸ. ਦਰਬਾਰਾ ਸਿੰਘ ਗੁਰੂ, ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਨਿਹੰਗ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਸਮੇਤ ਵੱਡੀ ਗਿਣਤੀ ਵਿਚ ਭਾਰਤ ਤੋਂ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ, ਉਥੇ ਹੀ ਓਕਾਫ ਬੋਰਡ ਦੇ ਸਕੱਤਰ ਜਨਾਬ ਤਾਰਿਕ ਵਜ਼ੀਰ ਖਾਂ ਤੇ ਇਮਰਾਨ ਗੋਂਦਲ, ਪਾਕਿਸਤਾਨ ਸਿੱਖ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਸਤਵੰਤ ਸਿੰਘ, ਜਨਰਲ ਸਕੱਤਰ ਸ. ਅਮੀਰ ਸਿੰਘ, ਸਾਬਕਾ ਪ੍ਰਧਾਨ ਸ. ਬਿਸ਼ਨ ਸਿੰਘ, ਸ. ਮਸਤਾਨ ਸਿੰਘ ਅਤੇ ਪਾਕਿਸਤਾਨ ਕਮੇਟੀ ਦੇ ਮੈਂਬਰ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ। ਇਹ ਵੀ ਦੱਸਣਾ ਬਣਦਾ ਹੈ ਕਿ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ ਸਿੰਧ, ਪੇਸ਼ਾਵਰ, ਲਾਹੌਰ ਅਤੇ ਹੋਰ ਆਸ-ਪਾਸ ਦੇ ਇਲਾਕਿਆਂ ਤੋਂ ਵੀ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਇਸ ਇਤਿਹਾਸਕ ਮੌਕੇ 'ਤੇ ਗੁਰੂ ਸਾਹਿਬ ਨੂੰ ਸ਼ਰਧਾ ਭੇਟ ਕਰਨ ਲਈ ਪੁੱਜੀਆਂ ਹੋਈਆਂ ਸਨ। ਪਾਕਿਸਤਾਨ ਦੀ ਨਨਕਾਣਾ ਸਾਹਿਬ ਜ਼ਿਲ੍ਹਾ ਪੁਲਿਸ ਵੱਲੋਂ ਬੈਂਡ ਪਾਰਟੀ ਰਾਹੀਂ ਨਗਰ ਕੀਰਤਨ ਨੂੰ ਸਲਾਮੀ ਦਿੱਤੀ



ਗਈ ਅਤੇ ਗਤਕਾ ਪਾਰਟੀਆਂ ਨੇ ਨਗਰ ਕੀਰਤਨ ਦੌਰਾਨ ਸਿੱਖ ਮਾਰਸ਼ਲ ਆਰਟ ਦੀ ਬਾਖ਼ੂਬੀ ਪੇਸ਼ਕਾਰੀ ਕੀਤੀ। ਸ੍ਰੀ ਨਨਕਾਣਾ ਸਾਹਿਬ ਦੇ ਸਿੱਖ ਬੱਚੇ ਵੀ ਖ਼ਾਲਸਈ ਬਾਣੇ ਵਿਚ ਸੰਗਤਾਂ ਲਈ ਖਿੱਚ ਦੇ ਕੇਂਦਰ ਬਣੇ ਹੋਏ ਸਨ। ਇਹ ਇਕ ਅਲੌਕਿਕ ਤੇ ਇਤਿਹਾਸਕ ਪ੍ਰਭਾਵ ਸੀ, ਜਦੋਂ ਸਿੱਖ-ਜਗਤ ਲਈ ਪੂਜਣਯੋਗ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋ ਨਗਰ ਕੀਰਤਨ ਰਵਾਨਾ ਹੋ ਰਿਹਾ ਸੀ ਅਤੇ ਚੁਫੇਰੇ ਸ਼ਰਧਾ ਦਾ ਸਮੁੰਦਰ ਹਰ ਇਕ ਲਈ ਭਾਵੁਕ ਪਲ ਪੈਦਾ ਕਰ ਰਿਹਾ ਸੀ। ਨਗਰ ਕੀਰਤਨ ਦੀ ਆਰੰਭਤਾ ਮੌਕੇ ਭਾਰਤ ਤੋਂ ਪੁੱਜੀਆਂ ਸੰਗਤਾਂ ਗੁਰੂ ਸਾਹਿਬ ਨੂੰ ਨਤਮਸਤਕ ਹੁੰਦਿਆਂ ਆਪਣੇ-ਆਪ ਨੂੰ ਭਾਗਸ਼ਾਲੀ ਮਹਿਸੂਸ ਕਰ ਰਹੀਆਂ ਸਨ। ਜਿਉਂ ਹੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਰਵਾਨਾ ਹੋਇਆ ਤਾਂ ਸਥਾਨਕ ਸੰਗਤਾਂ ਨੇ ਦੂਰ ਤੱਕ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਕੇ ਪ੍ਰਸੰਨਤਾ ਹਾਸਲ ਕੀਤੀ। ਸਥਾਨਕ ਸਿੱਖ ਆਗੂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਵਾਹਗਾ ਸਰਹੱਦ ਤੱਕ ਵੀ ਨਗਰ ਕੀਰਤਨ ਵਿਚ ਸ਼ਾਮਲ ਰਹੀਆਂ। ਇਹ ਵੀ ਦੱਸਣਯੋਗ ਹੈ ਕਿ ਪਾਕਿਸਤਾਨ ਦੇ ਮੀਡੀਆ ਵੱਲੋਂ ਵੀ ਇਸ ਅਲੌਕਿਕ ਨਗਰ ਕੀਰਤਨ ਦੀ ਕਵਰੇਜ਼ ਕਰਨ ਵਿਚ ਵਿਸ਼ੇਸ਼ ਰੁਚੀ ਦਿਖਾਈ ਗਈ। ਨਗਰ ਕੀਰਤਨ ਦੌਰਾਨ ਸ੍ਰੀ ਨਨਕਾਣਾ ਸਾਹਿਬ ਤੋਂ ਵਾਹਗਾ ਸਰਹੱਦ ਤੱਕ ਪਾਕਿਸਤਾਨ ਸਰਕਾਰ ਵੱਲੋਂ ਬਕਾਇਦਾ ਸੁਰੱਖਿਆ ਪ੍ਰਬੰਧਾਂ ਦੇ ਨਾਲ-ਨਾਲ ਮੈਡੀਕਲ ਵੈਨਾਂ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਤੋਂ ਪਹਿਲਾਂ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਰਖਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਓਕਾਫ ਬੋਰਡ ਦੇ ਸਕੱਤਰ ਜਨਾਬ ਤਾਰਿਕ ਵਜ਼ੀਰ ਖਾਂ, ਇਮਰਾਨ ਗੋਂਦਲ, ਪਾਕਿਸਤਾਨ ਕਮੇਟੀ ਪ੍ਰਧਾਨ ਸ. ਸਤਵੰਤ ਸਿੰਘ, ਜਨਰਲ ਸਕੱਤਰ ਸ. ਅਮੀਰ ਸਿੰਘ ਅਤੇ ਹੋਰ ਕਮੇਟੀ ਮੈਂਬਰਾਂ ਨੂੰ ਸਿਰੋਪਾਓ, ਮਾਡਲ, ਸ੍ਰੀ ਸਾਹਿਬ ਅਤੇ ਸੋਨੇ ਦੇ ਵਿਸ਼ੇਸ਼ ਸਿੱਕੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਸਿੰਘ ਸਾਹਿਬਾਨ, ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।



#### ਨਨਕਾਣਾ ਸਾਹਿਬ ਤੋਂ ਅੰਤਰਰਾਸ਼ਟਰੀ ਨਗਰ ਕੀਰਤਨ ਇਤਿਹਾਸ ਅੰਦਰ ਸੁਨਹਿਰੀ ਅੱਖਰਾਂ 'ਚ ਸਦਾ ਚਮਕੇਗਾ- ਭਾਈ ਲੌਂਗੋਵਾਲ

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਸੰਗਤਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਦੇਸ਼ ਦੀ ਵੰਡ ਮਗਰੋਂ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਭਾਰਤ ਵਿਚਲੇ ਪੰਜ ਤਖ਼ਤਾਂ ਲਈ ਨਗਰ ਕੀਰਤਨ ਨਾਲ ਗੁਰੂ ਨਾਨਕ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸਮਾਗਮਾਂ ਦੀ ਲੜੀ ਵਿਚ ਇਕ ਇਤਿਹਾਸਕ ਪੰਨਾ ਦਰਜ਼ ਹੋ ਗਿਆ ਹੈ, ਜੋ ਇਤਿਹਾਸ ਅੰਦਰ ਸਦਾ ਸੁਨਹਿਰੀ ਅੱਖਰਾਂ ਵਿਚ ਚਮਕਦਾ ਰਹੇਗਾ।

ਉਨ੍ਹਾਂ ਆਖਿਆ ਕਿ ਇਹ ਗੁਰੂ ਸਾਹਿਬ ਦੀ ਮਿਹਰ ਨਾਲ ਹੀ ਸੰਭਵ ਹੋਇਆ ਹੈ, ਯਤਨ ਭਾਵੇਂ ਹਰ ਇਕ ਨੇ ਕੀਤੇ ਹਨ। ਉਨ੍ਹਾਂ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਵੱਲੋਂ ਦਿਖਾਈ ਗਈ ਵਿਸ਼ੇਸ਼ ਰੁਚੀ ਨੂੰ ਵੀ ਸਲਾਹਿਆ ਅਤੇ ਅਜਿਹੇ ਸਹਿਯੋਗ ਦੀ ਅੱਗੋਂ ਲਈ ਵੀ ਆਸ ਪ੍ਰਗਟ ਕੀਤੀ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ।

#### ਗੁਰੂ ਨਾਨਕ ਸਾਹਿਬ ਦਾ ਫ਼ਲਸਫਾ ਅਜੋਕੀਆਂ ਮਨੁੱਖੀ ਸਮੱਸਿਆਵਾਂ ਦਾ ਸਭ ਤੋਂ ਸਟੀਕ ਹੱਲ – ਗਿਆਨੀ ਹਰਪ੍ਰੀਤ ਸਿੰਘ

ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਅਜੋਕੇ ਵਿਸ਼ਵ ਪ੍ਰਸੰਗ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਦਾ ਵਖਿਆਨ ਕਰਦਿਆਂ ਕਿਹਾ ਕਿ ਅੱਜ ਮਨੁੱਖਤਾ ਨੂੰ ਦਰਪੇਸ਼ ਆਰਥਿਕ, ਸਮਾਜਿਕ, ਧਾਰਮਿਕ, ਰਾਜਨੀਤਿਕ ਸਮੱਸਿਆਵਾਂ ਦਾ ਹੱਲ ਗੁਰੂ ਨਾਨਕ ਸਾਹਿਬ ਦੇ ਫਲਸਫੇ ਅਨੁਸਾਰ ਜੀਵਨ ਜੀਅ ਕੇ ਸਹਿਜੇ ਹੀ ਕੀਤਾ ਜਾ ਸਕਦਾ ਹੈ। ਉਨ੍ਹਾਂ ਆਪਣੇ ਸੰਦੇਸ਼ ਰਾਹੀਂ ਕਿਹਾ ਕਿ ਗੁਰੂ ਸਾਹਿਬ ਨੇ ਸ਼ਬਦ ਦੀ ਤਾਕਤ ਨਾਲ ਮਨੁੱਖਤਾ ਨੂੰ ਜੀਵਨ ਬਿਹਤਰ ਬਣਾਉਣ ਦੀ ਜੁਗਤ ਦੱਸੀ, ਜੋ ਅਗਿਆਨਤਾ ਦਾ ਹਨ੍ਹੇਰਾ ਦੂਰ ਕਰਕੇ ਲੋਕਾਈ ਨੂੰ ਰੌਸ਼ਨ ਜੀਵਨ ਮਾਰਗ ਦਿਖਾਉਂਦੀ ਹੈ। ਉਨ੍ਹਾਂ ਨਗਰ ਕੀਰਤਨ ਲਈ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ, ਸਿੱਖ ਸੰਸਥਾਵਾਂ ਅਤੇ ਸੰਗਤਾਂ ਨੂੰ ਵਧਾਈ ਦਿੱਤੀ, ਉਥੇ ਹੀ ਕਿਹਾ ਕਿ ਸੰਸਾਰ ਵਿਚ ਅੰਤਰ-ਧਰਮ ਸਦਭਾਵਨਾ ਲਈ ਇਹ ਇਕ ਚੰਗੀ ਸ਼ੁਰੂਆਤ ਹੈ, ਜਿਸ ਨੂੰ ਅੱਗੇ ਵਧਾਉਣ ਲਈ ਇਹੀ ਭਾਵਨਾ ਬਰਕਰਾਰ ਰਹਿਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪੰਜਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਪੁਰਬ ਸਾਰੀਆਂ ਸਿੱਖ ਸੰਸਥਾਵਾਂ, ਜਥੇਬੰਦੀਆਂ, ਕੌਮਾਂਤਰੀ ਸਿੱਖ ਕਮੇਟੀਆਂ ਅਤੇ ਸੰਗਤਾਂ ਵੱਲੋਂ ਸਾਂਝੇ ਤੌਰ 'ਤੇ ਲਾਹੌਰ ਵਿਖੇ ਮਨਾਉਣ ਲਈ ਯਤਨ ਕੀਤੇ ਜਾਣਗੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਾਕਿਸਤਾਨ ਦੇ ਸਿੱਖਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਰ ਤਰ੍ਹਾਂ ਦੇ ਯਤਨ ਹੋਣਗੇ।

#### ਪਾਕਿਸਤਾਨ ਸਰਕਾਰ 550ਵੇਂ ਪ੍ਰਕਾਸ਼ ਪੁਰਬ ਮੌਕੇ ਦੇਵੇਗੀ ਖੁੱਲ੍ਹਦਿਲੀ ਨਾਲ ਵੀਜ਼ੇ- ਜਨਾਬ ਤਾਰਿਕ ਵਜ਼ੀਰ

ਓਕਾਫ ਬੋਰਡ ਦੇ ਸਕੱਤਰ ਜਨਾਬ ਤਾਰਿਕ ਵਜੀਰ ਖਾਂ ਨੇ ਸ੍ਰੀ ਨਨਕਾਣਾ ਸਾਹਿਬ ਪੁੱਜੀਆਂ ਸੰਗਤਾਂ ਦਾ ਸਵਾਗਤ ਕਰਦਿਆਂ ਆਖਿਆ ਕਿ 550 ਸਾਲਾ ਪ੍ਰਕਾਸ਼ ਪੁਰਬ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਨੂੰ ਜੋੜਨ ਲਈ ਅਹਿਮ ਮੌਕਾ ਹੈ। ਉਨ੍ਹਾਂ ਦੱਸਿਆ ਕਿ ਇਸ ਮਹੱਤਵਪੂਰਨ ਸਮੇਂ ਸ੍ਰੀ ਨਨਕਾਣਾ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਸਮਾਗਮਾਂ ਵਿਚ ਹਿੱਸਾ ਲੈਣ ਲਈ ਪਾਕਿਸਤਾਨ ਸਰਕਾਰ ਵੱਲੋਂ ਵੱਡੀ ਪੱਧਰ 'ਤੇ ਸੰਗਤਾਂ ਨੂੰ ਵੀਜ਼ੇ ਦਿੱਤੇ ਜਾਣਗੇ।

ਉਨ੍ਹਾਂ ਕਿਹਾ ਕਿ ਪਾਕਿਸਤਾਨ ਆਉਣ ਵਾਲੀਆਂ ਸੰਗਤਾਂ ਦੀ ਖ਼ਾਤਰਦਾਰੀ ਕਰਨਾ ਓਕਾਫ ਬੋਰਡ ਅਤੇ ਪਾਕਿਸਤਾਨ ਗੁਰਦੁਆਰਾ ਕਮੇਟੀ ਦੀ ਜ਼ੁੰਮੇਵਾਰੀ ਹੈ ਜਿਸ ਲਈ ਉਹ ਤਤਪਰ ਰਹਿਣਗੇ ਅਤੇ ਪ੍ਰਕਾਸ਼ ਪੁਰਬ ਸਮਾਗਮਾਂ ਲਈ ਤਿਆਰ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪਾਕਿਸਤਾਨ ਸਰਕਾਰ ਵੱਲੋਂ ਸ੍ਰੀ ਨਨਕਾਣਾ ਸਾਹਿਬ ਵਿਖੇ ਹੋਣ ਵਾਲੇ ਵਿਕਾਸ ਕਾਰਜ ਸਿੱਖਾਂ ਦੇ ਮਸ਼ਵਰੇ ਨਾਲ ਹੀ ਕਰਵਾਏ ਜਾਣਗੇ ਅਤੇ ਹਰ ਕਾਰਜ ਲਈ ਸਿੱਖ ਭਾਵਨਾਵਾਂ ਦਾ ਖ਼ਿਆਲ ਰੱਖਿਆ ਜਾਵੇਗਾ। ਉਨ੍ਹਾਂ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਜਲਦ ਮੁਕੰਮਲ ਕਰਨ ਦੀ ਗੱਲ ਵੀ ਆਖੀ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ, ਦਿੱਲੀ ਕਮੇਟੀ ਪ੍ਰਧਾਨ, ਸਿੰਘ ਸਾਹਿਬਾਨ ਨੂੰ ਲਾਂਘੇ ਦੇ ਉਦਘਾਟਨ ਸਮੇਂ ਸੱਦਾ ਵੀ ਦਿੱਤਾ।

#### ਗੁਰੂ ਨਾਨਕ ਸਾਹਿਬ ਭਾਈਚਾਰਕ ਏਕਤਾ ਦੇ ਮਸੀਹਾ- ਪਾਕਿਸਤਾਨ ਕਮੇਟੀ

ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਸਤਵੰਤ ਸਿੰਘ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਭਾਈਚਾਰਕ ਏਕਤਾ ਦੀ ਗੱਲ ਕੀਤੀ, ਜੋ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਨਵੇਕਲੀ ਪੈੜ ਸੀ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦੀ ਸ਼ਖ਼ਸੀਅਤ ਬ੍ਰਹਿਮੰਡੀ ਹੈ, ਜਿਸ ਦੀ ਵਿਸ਼ਵ ਵਿਚ ਵੱਸਣ ਵਾਲੇ ਲੋਕਾਂ ਅੰਦਰ ਭਾਰੀ ਮਾਨਤਾ ਹੈ। ਉਨ੍ਹਾਂ ਨਗਰ ਕੀਰਤਨ ਨੂੰ ਇਤਿਹਾਸਕ ਮੌਕਾ ਦੱਸਦਿਆਂ ਕਿਹਾ ਕਿ ਇਹ ਸਿੱਖ ਇਤਿਹਾਸ ਅੰਦਰ ਯਾਦਗਾਰੀ ਪਲਾਂ ਵਜੋਂ ਅੰਕਿਤ ਹੋਵੇਗਾ। ਉਨ੍ਹਾਂ ਸਮੁੱਚੀਆਂ ਸੰਗਤਾਂ ਦਾ ਪਾਕਿਸਤਾਨ ਪੁੱਜਣ 'ਤੇ ਧੰਨਵਾਦ ਵੀ

ਬਾਕੀ ਸਫ਼ਾ 9 'ਤੇ



# ਸਰਬ ਸਾਂਝੀਵਾਲਤਾ ਦੇ ਪੈਗ਼ਾਮ ਨਾਲ ਆਰੰਭ ਹੋਇਆ ਇਤਿਹਾਸਕ ਅੰਤਰ-ਰਾਸ਼ਟਰੀ ਨਗਰ ਕੀਰਤਨ

ਮਨੁੱਖਤਾ ਦੇ ਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ 550ਵਾਂ ਪ੍ਰਕਾਸ਼ ਪੁਰਬ ਵਿਸ਼ਵ ਭਰ ਦੀਆਂ ਸੰਗਤਾਂ ਵੱਲੋਂ 12 ਨਵੰਬਰ 2019 ਨੂੰ ਮਨਾਇਆ ਜਾ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਸ ਸਬੰਧੀ ਵੱਖ-ਵੱਖ ਪ੍ਰੋਗਰਾਮਾਂ ਦੀ ਵਿਉਂਤਬੰਦੀ ਕੀਤੀ ਗਈ ਹੈ। 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਦੇ ਵੱਖ-ਵੱਖ ਭਾਗਾਂ ਵਿੱਚ ਗੁਰਮਤਿ ਸਮਾਗਮਾਂ, ਗੁਰੂ ਨਾਨਕ ਸਾਹਿਬ ਦੇ ਜੀਵਨ ਤੇ ਬਾਣੀ ਸਬੰਧੀ ਵੱਖ-ਵੱਖ ਵਿਸ਼ਿਆਂ 'ਤੇ ਸੈਮੀਨਾਰਾਂ ਅਤੇ ਗੁਰਮਤਿ ਸਿਖਲਾਈ ਕੈਪਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੀ ਅਲੌਕਿਕ ਸ਼ਖ਼ਸੀਅਤ ਅਤੇ ਉਨ੍ਹਾਂ ਦੀਆਂ ਜੀਵਨਦਾਇਕ ਸਿੱਖਿਆਵਾਂ ਤੋਂ ਜਾਣੂੰ ਕਰਵਾਉਣ ਦਾ ਜਤਨ ਕੀਤਾ ਜਾ ਰਿਹਾ ਹੈ। ਗੁਰੂ ਸਾਹਿਬ ਦਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਸਥਿਤ ਹੈ ਜਿੱਥੇ ਗੁਰੂ ਜੀ ਦੇ ਜੀਵਨ ਨਾਲ ਜੁੜੀਆਂ ਕਈ ਯਾਦਗਾਰਾਂ ਮੌਜੂਦ ਹਨ। ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨਗਰ ਕੀਰਤਨ ਸਜਾਇਆ ਗਿਆ।

1 ਅਗਸਤ 2019 ਨੂੰ ਗੁਰਦੁਆਰਾ ਜਨਮ ਅਸਥਾਨ ਤੋਂ ਆਰੰਭ ਹੋਏ ਇਸ ਅੰਤਰਰਾਸ਼ਟਰੀ ਨਗਰ ਕੀਰਤਨ ਨੇ ਜਦ ਵਾਹਗਾ ਬਾਰਡਰ ਰਾਹੀਂ ਭਾਰਤ ਅੰਦਰ ਪ੍ਰਵੇਸ਼ ਕੀਤਾ ਤਾਂ ਇਹ ਪਲ ਇਤਿਹਾਸ ਦਾ ਹਿੱਸਾ ਬਣ ਗਏ। ਇਸ ਨਗਰ ਕੀਰਤਨ ਨੇ ਅਮਨ-ਸ਼ਾਂਤੀ ਲਈ ਅਜਿਹੀ ਭਾਵਨਾ ਪੈਦਾ ਕੀਤੀ ਕਿ ਪਾਕਿਸਤਾਨ ਨੇ ਗੁਰੂ ਗ੍ਰੰਥ ਸਾਹਿਬ ਦੀ ਪਾਲਕੀ ਦੇ ਵਾਹਗਾ ਬਾਰਡਰ 'ਪੁਰ ਪੁੱਜਣ ਸਮੇਂ ਆਪਣਾ ਕੌਮਾਂਤਰੀ ਝੰਡਾ ਹੇਠਾ ਝੁਕਾ ਕੇ ਅਦਬ ਤੇ ਸਤਿਕਾਰ ਭੇਟ ਕੀਤਾ। ਸ੍ਰੀ ਨਨਕਾਣਾ ਸਾਹਿਬ ਵਿਖੇ ਆਰੰਭਤਾ ਤੋਂ ਲੈ ਕੇ ਵਾਹਗਾ ਬਾਰਡਰ ਤੱਕ ਪਾਕਿਸਤਾਨ ਅੰਦਰ ਵਸਣ ਵਾਲੇ ਸਿੱਖਾਂ ਸਮੇਤ ਮੁਸਲਿਮ ਭਾਈਚਾਰੇ ਵਿੱਚ ਵੀ ਨਗਰ ਕੀਰਤਨ ਪ੍ਰਤੀ ਉਤਸ਼ਾਹ ਅਤੇ ਸ਼ਰਧਾ ਭਾਵਨਾ ਬਿਆਨ ਕਰਨ ਤੋਂ ਬਾਹਰੀ ਸੀ। ਭਾਰਤ ਵਿੱਚ ਪ੍ਰਵੇਸ਼ ਕਰਨ ਸਮੇਂ ਨਗਰ ਕੀਰਤਨ ਦਾ ਸਵਾਗਤ ਕਰਨ ਲਈ ਲੱਖਾਂ ਦੀ ਗਿਣਤੀ 'ਚ ਸੰਗਤਾਂ ਪੁੱਜੀਆਂ। ਇਥੋਂ ਨਗਰ ਕੀਰਤਨ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਲਈ ਰਵਾਨਾ ਹੋਇਆ। ਨਗਰ ਕੀਰਤਨ ਦੇ ਸਵਾਗਤ ਲਈ ਰਸਤੇ ਵਿਚ ਸੰਗਤਾਂ ਏਨੀ ਵੱਡੀ ਗਿਣਤੀ ਵਿੱਚ ਪਹੁੰਚੀਆਂ ਸਨ ਕਿ ਰਾਤ ਨੂੰ ਸ੍ਰੀ ਦਰਬਾਰ ਸਾਹਿਬ ਪਹੁੰਚਣ ਵਾਲਾ ਨਗਰ ਕੀਰਤਨ ਅਗਲੀ ਸਵੇਰ ਸਮੇਂ ਪਹੁੰਚ ਸਕਿਆ। ਇਸੇ ਤਰ੍ਹਾਂ 2 ਅਗਸਤ ਨੂੰ ਸ੍ਰੀ ਦਰਬਾਰ ਸਾਹਿਬ ਤੋਂ ਚੱਲ ਕੇ ਡੇਰਾ ਬਾਬਾ ਨਾਨਕ ਵਿਖੇ ਰਾਤ ਵਿਸ਼ਰਾਮ ਲਈ ਨਗਰ ਕੀਰਤਨ ਨੇ ਪਹੁੰਚਣਾ ਸੀ ਪਰ ਸੰਗਤਾਂ ਦੇ ਵੱਡੇ ਇਕੱਠ ਵੱਲੋਂ ਰਸਤੇ ਵਿੱਚ ਕੀਤੇ ਜਾ ਰਹੇ ਸਵਾਗਤਾਂ ਕਾਰਨ 3 ਅਗਸਤ ਨੂੰ ਸਵੇਰੇ 8 ਵਜੇ ਤੋਂ ਬਾਅਦ ਡੇਰਾ ਬਾਬਾ ਨਾਨਕ ਵਿਖੇ ਪਹੁੰਚਿਆ। ਦੱਸਣਯੋਗ ਹੈ ਕਿ ਇਸ ਨਗਰ ਕੀਰਤਨ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਵਾਲੀ ਪਾਲਕੀ ਸਾਹਿਬ ਦੇ ਨਾਲ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਜਿਸ ਵਿੱਚ ਗੁਰੂ ਨਾਨਕ ਸਾਹਿਬ ਜੀ ਦੀਆਂ ਖੜਾਵਾਂ ਜੋ ਗੁ: ਗੁਰੂ ਨਾਨਕ ਦਰਬਾਰ ਲਖਪਤ ਸਾਹਿਬ ਗੁਜਰਾਤ ਤੋਂ ਵਿਸ਼ੇਸ ਤੌਰ ਤੇ ਲਿਆਂਦੀਆਂ ਗਈਆਂ ਹਨ, ਇਤਿਹਾਸਕ ਵੱਟੇ ਅਤੇ ਇਤਿਹਾਸਕ ਸ਼ਸਤਰ ਸਜਾਏ ਗਏ ਹਨ ਵੀ ਚੱਲ ਰਹੀ ਹੈ। ਸੰਗਤਾਂ ਗੁਰੂ ਸਾਹਿਬ ਦੀਆਂ ਨਿਸ਼ਾਨੀਆਂ ਦੇ ਦਰਸ਼ਨ ਕਰਕੇ ਨਿਹਾਲ ਹੋ ਰਹੀਆਂ ਹਨ।

ਇਸ ਇਤਿਹਾਸਕ ਨਗਰ ਕੀਰਤਨ ਵਿਚ ਸ੍ਰੀ ਦਰਬਾਰ ਸਾਹਿਬ ਦੇ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਾਹਿਬ, ਮੈਂਬਰ ਸਾਹਿਬਾਨ ਤੇ ਅਧਿਕਾਰੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ, ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ, ਸਿੱਖ ਸੰਪ੍ਰਦਾਵਾਂ ਤੇ ਸਿੰਘ ਸਭਾਵਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਲ ਸਨ। ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਕਾਰ ਵੱਲੋਂ ਵੀ ਨਗਰ ਕੀਰਤਨ ਸਬੰਧੀ ਭਰਵਾਂ ਸਹਿਯੋਗ ਦਿੱਤਾ ਗਿਆ। ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ ਪੰਜ ਤਖ਼ਤ ਸਾਹਿਬਾਨ ਸਮੇਤ ਭਾਰਤ ਦੇ 17 ਸੂਬਿਆਂ ਦੇ ਵੱਖ-ਵੱਖ ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਤੋਂ ਹੁੰਦਾ ਹੋਇਆ ਗੁਰੂ ਜੀ ਦੀ ਚਰਨ ਛੋਹ ਪ੍ਰਾਪਤ ਮੁਕੱਦਸ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਨਵੰਬਰ ਮਹੀਨੇ ਸੰਪੂਰਨ ਹੋਵੇਗਾ।

ਇਹ ਇਤਿਹਾਸਕ ਨਗਰ ਕੀਰਤਨ ਜਿੱਥੇ ਭਾਰਤ ਅਤੇ ਪਾਕਿਸਤਾਨ ਦੇ ਲੋਕਾਂ ਅੰਦਰ ਆਜ਼ਾਦੀ ਤੋਂ ਪਹਿਲਾਂ ਵਾਲੀ ਆਪਸੀ ਅਮਨ-ਸ਼ਾਂਤੀ ਤੇ ਭਾਈਚਾਰਕ ਭਾਵਨਾ ਨੂੰ ਮੁੜ ਸੁਰਜੀਤ ਕਰ ਗਿਆ ਉਥੇ ਹੀ ਗੁਰੂ ਬਾਬਾ ਨਾਨਕ ਸਾਹਿਬ ਦੀ ਕਿਰਪਾ ਨਾਲ ਦੋਵਾਂ ਦੇਸ਼ਾਂ ਦੇ ਬਣ ਰਹੇ ਆਪਸੀ ਸਹਿਯੋਗੀ ਸਬੰਧਾਂ ਨਾਲ ਹਾਲਾਤ ਸੁਧਾਰਨ ਲਈ ਵੀ ਸਹਾਈ ਹੋਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਅਤੇ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੇ ਸਹਿਯੋਗ ਸਦਕਾ ਇਹ ਇਤਿਹਾਸਕ ਨਗਰ ਕੀਰਤਨ ਗੁਰੂ ਸਾਹਿਬ ਜੀ ਦੇ ਸਰਬ-ਸਾਂਝੀਵਾਲਤਾ ਦੇ ਸਿਧਾਂਤ ਨੂੰ ਦੁਨੀਆਂ ਵਿੱਚ ਪ੍ਰਚਾਰਨ ਲਈ ਸੁਨਹਿਰੀ ਮੌਕਾ ਬਣਿਆ ਹੈ। ਆਓ! ਇਸ ਇਤਿਹਾਸਕ ਨਗਰ ਕੀਰਤਨ ਦੇ ਪਰਿਵਾਰਾਂ ਸਮੇਤ ਦਰਸ਼ਨ ਕਰਕੇ ਆਪਣੀ ਹਾਜ਼ਰੀ ਗੁਰੂ ਚਰਨਾ ਵਿਚ ਲਗਵਾਈਏ।

-ਬਲਵਿੰਦਰ ਸਿੰਘ ਜੌੜਾਸਿੰਘਾ

# ਸ਼੍ਰੋਮਣੀ ਕਮੇਟੀ ਨੇ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਮਨਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਤਾ। ਅਰਦਾਸ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਗਿਆਨੀ ਗੁਰਮੁੱਖ ਸਿੰਘ ਨੇ ਲਿਆ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਰਜਣਾ ਦਿਵਸ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਇਸ ਪਾਵਨ ਤਖ਼ਤ ਦੀ ਸਿਰਜਣਾ ਕਰਕੇ ਸਿੱਖ ਕੌਮ ਦੀ ਨਿਆਰੀ ਹੋਂਦ ਹਸਤੀ ਨੂੰ ਦੁਨੀਆਂ ਸਾਹਮਣੇ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਇਹ ਤਖ਼ਤ ਮੀਰੀ-ਪੀਰੀ ਦੇ ਵਿਲੱਖਣ ਸਿਧਾਂਤ ਦਾ ਪ੍ਰਤੀਕ ਹੈ ਅਤੇ ਸਿੱਖ ਜਗਤ ਅੰਦਰ ਇਸ ਦਾ ਵੱਡਾ ਸਤਿਕਾਰ ਹੈ। ਉਨ੍ਹਾਂ ਇਸ ਦਿਹਾੜੇ 'ਤੇ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੀ ਧਾਰਨੀ ਬਣਨ ਦੀ ਅਪੀਲ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ ਗਿਆ ਮੀਰੀ ਪੀਰੀ ਦਿਵਸ



ਅੰਮ੍ਰਿਤਸਰ- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮੀਰੀ ਪੀਰੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਮੀਰੀ ਪੀਰੀ ਦਾ ਸਿਧਾਂਤ ਧਰਮ ਦਾ ਪਾਲਣ ਕਰਦਿਆਂ ਜ਼ਬਰ ਅਤੇ ਜ਼ੁਲਮ ਵਿਰੁੱਧ ਇਕ ਸੰਘਰਸ਼ ਹੈ।

ਉਨ੍ਹਾਂ ਆਖਿਆ ਕਿ ਪੰਚਮ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਭਗਤੀ ਤੇ ਸ਼ਕਤੀ ਦੀਆਂ ਦੋ ਕਿਰਪਾਨਾਂ ਧਾਰਨ ਕਰਕੇ ਸਮਕਾਲੀ ਜ਼ਾਲਮ ਹਕੂਮਤ ਨੂੰ ਇਹ ਸੁਨੇਹਾ ਦਿੱਤਾ ਕਿ ਹੁਣ ਉਸ ਵੱਲੋਂ ਕੀਤੇ ਜਾਂਦੇ ਜ਼ਬਰ ਤੇ ਜ਼ੁਲਮ ਬਹੁਤੀ ਦੇਰ ਨਹੀਂ ਚੱਲਣੇ। ਉਨ੍ਹਾਂ ਕਿਹਾ ਕਿ ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਗੁਰੂ ਦਰਸਾਏ ਮੀਰੀ ਪੀਰੀ ਦੇ ਸਿਧਾਂਤ ਅਨੁਸਾਰ ਜਬਰ ਦਾ ਮੁਕਾਬਲਾ ਕਰਦਿਆਂ ਕੌਮ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੋਈਏ। ਗਿਆਨੀ ਹਰਪ੍ਰੀਤ ਸਿੰਘ ਨੇ ਸਮੁੱਚੇ ਸਿੱਖ ਜਗਤ ਨੂੰ ਮੀਰੀ ਪੀਰੀ ਦਿਵਸ ਦੀ ਵਧਾਈ ਵੀ ਦਿੱਤੀ।

ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਲਿਆ।

ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਬਿਧੀ ਚੰਦ ਸੰਪਰਦਾ ਵੱਲੋਂ ਬਾਬਾ ਸਾਧ ਸਿੰਘ, ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਬਘੇਲ ਸਿੰਘ, ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਸ਼ਾਹਬਾਜ਼ ਸਿੰਘ ਇੰਚਾਰਜ, ਸ. ਮਨਜੀਤ ਸਿੰਘ, ਸ. ਨਿਰਵੈਲ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

# ਪਿੰਡ ਹਦਾਇਤਪੁਰ ਵਿਖੇ 15 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁ:ਪ੍ਰ: ਕਮੇਟੀ) ਸ੍ਰੀ ਅੰਮ੍ਰਿਤਸਰ ਵੱਲੋਂ ਪਿੰਡ ਹਦਾਇਤਪੁਰ ਵਿਖੇ 4 ਤੋਂ 19 ਜੁਲਾਈ ਤੀਕ 15 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿਚ 80 ਦੇ ਕਰੀਬ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਕੈਂਪ ਵਿਚ ਬੱਚਿਆਂ ਨੂੰ ਸਿੱਖ ਰਹਿਤ ਮਰਯਾਦਾ, ਗੁਰੂ ਤੇ ਸਿੱਖ ਇਤਿਹਾਸ ਦੀ ਜਾਣਕਾਰੀ ਦੇ ਨਾਲ ਨਾਲ ਗੁਰਬਾਣੀ ਸੰਥਿਆ ਵੀ ਦਿੱਤੀ ਗਈ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਲਿਖਤੀ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪ੍ਰੇਮਜੀਤ ਸਿੰਘ ਢੱਡੇ ਨੇ ਬੱਚਿਆਂ ਦੀਆਂ ਗੁਰਮਤਿ ਕਲਾਸਾਂ ਲਗਾਈਆਂ। ਆਖਰੀ ਦਿਨ ਭਾਈ ਕੰਵਲਜੀਤ ਸਿੰਘ ਸਰਾੜੇਵਾਸ ਅਤੇ ਭਾਈ ਅਮਰਜੀਤ ਸਿੰਘ ਕੋਮਲ ਢੱਡੇ ਦੇ ਕਵੀਸ਼ਰੀ ਜੱਥੇ ਨੇ ਗੁਰ ਇਤਿਹਾਸ ਸਰਵਣ ਕਰਵਾਇਆ। ਕੈਂਪ ਦੀ ਸਮਾਪਤੀ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਜਥੇ. ਅਮਰਜੀਤ ਸਿੰਘ ਬੰਡਾਲਾ ਨੇ ਬੱਚਿਆਂ ਨੂੰ ਸ਼ੀਲਡਾਂ, ਮੈਡਲਾਂ, ਪ੍ਰਸ਼ੰਸਾ ਪੱਤਰਾਂ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ। ਜਥੇ. ਬੰਡਾਲਾ ਨੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਕਰਵਾਏ ਜਾ ਰਹੇ ਵੱਖ-ਵੱਖ ਧਾਰਮਿਕ ਸਮਾਗਮਾਂ ਦਾ ਹਿੱਸਾ ਬਣਨ ਲਈ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਵੱਡੇ ਭਾਗਾਂ ਵਾਲੇ ਹਾਂ ਕਿ ਇਹ 550 ਸਾਲਾ ਪ੍ਰਕਾਸ਼ ਪੁਰਬ ਸਾਡੀ ਜ਼ਿੰਦਗੀ ਦੇ ਸਮੇਂ ਵਿਚ ਆ ਰਿਹਾ ਹੈ ਅਤੇ ਅਸੀਂ ਇਸ ਇਤਿਹਾਸਕ ਪੁਰਬ ਮੌਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੇ ਵਡਭਾਗੀ ਬਣ ਰਹੇ ਹਾਂ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬੱਸਾਂ ਰਾਹੀਂ ਸੁਲਤਾਨਪੁਰ ਲੋਧੀ, ਸ੍ਰੀ ਗੋਇੰਦਵਾਲ ਸਾਹਿਬ, ਸ੍ਰੀ ਖਡੂਰ ਸਾਹਿਬ ਦੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਗਏ। ਪਿੰਡ ਵਾਸੀਆਂ ਵੱਲੋਂ ਸ. ਗਗਨਦੀਪ ਸਿੰਘ ਵੜੈਚ ਨੇ ਜਥੇ. ਅਮਰਜੀਤ ਸਿੰਘ ਬੰਡਾਲਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਭਾਈ ਹਰਮਨਦੀਪ ਸਿੰਘ ਗ੍ਰੰਥੀ ਗੁਰਦੁਆਰਾ ਸਿੰਘ ਸਭਾ, ਭਾਈ ਜਸਵੀਰ ਸਿੰਘ, ਸ. ਮਨਮੀਤ ਸਿੰਘ, ਸ. ਜਸਬੀਰ ਸਿੰਘ, ਸ. ਜੋਗਿੰਦਰ ਸਿੰਘ ਗਿੱਲ, ਸ. ਚਰਨਜੀਤ ਸਿੰਘ ਗਿੱਲ, ਸ. ਗੁਰਮੀਤ ਸਿੰਘ ਜਾਣੀਆ, ਸ. ਭੁਪਿੰਦਰ ਸਿੰਘ, ਮੈਡਮ ਜਸਵਿੰਦਰ ਕੌਰ, ਸ. ਬਖਸ਼ੀਸ਼ ਸਿੰਘ, ਸ. ਗੁਰਿੰਦਰ ਸਿੰਘ ਤੇ ਵੱਡੀ ਗਿਣਤੀ ਇਲਾਕਾ ਨਿਵਾਸੀ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਨੇ ਸ਼ਰਧਾ ਨਾਲ ਮਨਾਇਆ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ, ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਅਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ।

ਇਸ ਮੌਕੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਭਾਈ ਹਰਮਿੱਤਰ ਸਿੰਘ ਕਥਾਵਾਚਕ ਨੇ ਸ਼ਹੀਦ ਭਾਈ ਤਾਰੂ ਸਿੰਘ ਦੇ ਇਤਿਹਾਸ ਤੋਂ ਸੰਗਤ ਨੂੰ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਦਾ ਜੀਵਨ ਸਾਡੇ ਲਈ ਪ੍ਰੇਰਨਾ ਸਰੋਤ ਹੈ। ਭਾਈ ਤਾਰੂ ਸਿੰਘ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ ਵਾਲੇ ਅਣਖੀ ਤੇ ਸਿਦਕੀ ਸਿੱਖ ਸਨ, ਜਿਨ੍ਹਾਂ ਨੇ ਸਿੱਖੀ ਕੇਸਾਂ ਸਵਾਸਾਂ ਨਾਲ ਨਿਭਾਉਂਦਿਆਂ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਦਾ ਜੀਵਨ ਇਕ ਮਿਸਾਲ ਹੈ, ਜਿਸ ਦੀ ਪ੍ਰੇਰਣਾ ਬੱਚਿਆਂ ਅਤੇ ਨੌਜੁਆਨਾਂ ਨੂੰ ਦੇਣੀ ਚਾਹੀਦੀ ਹੈ ਤਾਂ ਜੋ ਉਹ ਸਿੱਖੀ ਸਰੂਪ ਵਿਚ ਪ੍ਰਪੱਕ ਰਹਿਣ। ਇਸ ਉਪਰੰਤ ਸਜੇ ਦੀਵਾਨ ਵਿਚ ਸਿੱਖ ਕੌਮ ਦੇ ਢਾਡੀ ਤੇ ਕਵੀਸ਼ਰ ਜਥਿਆਂ ਨੇ ਜ਼ੋਸ਼ੀਲੀਆਂ ਵਾਰਾਂ ਰਾਹੀਂ ਸੰਗਤਾਂ ਨੂੰ ਭਾਈ ਤਾਰੂ ਸਿੰਘ ਦੇ ਇਤਿਹਾਸਕ ਪ੍ਰਸੰਗ ਨਾਲ ਜੋੜਿਆ। ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ ਤੇ ਸ. ਨਿਸ਼ਾਨ ਸਿੰਘ, ਮੈਨੇਜਰ ਸ. ਮਨਜਿੰਦਰ ਸਿੰਘ ਮੰਡ, ਵਧੀਕ ਮੈਨੇਜਰ ਸ. ਬਘੇਲ ਸਿੰਘ ਤੇ ਸ. ਨਿਸ਼ਾਨ ਸਿੰਘ, ਇੰਚਾਰਜ ਸ. ਕਰਤਾਰ ਸਿੰਘ, ਸ. ਗੁਰਿੰਦਰ ਸਿੰਘ ਠਰੂ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਸਮੇਤ ਸੰਗਤਾਂ ਹਾਜ਼ਰ ਸਨ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਨੇ ਲਏ ਅਹਿਮ ਫੈਸਲੇ

## ਭਾਈ ਮਰਦਾਨਾ ਜੀ ਦੀ ਵੰਸ਼ 'ਚੋਂ ਭਾਈ ਸਰਫਰਾਜ਼ ਦੇ ਜਥੇ ਨੂੰ 21 ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ-ਭਾਈ ਲੌਂਗੋਵਾਲ



ਚੰਡੀਗੜ੍ਹ, 8 ਜੁਲਾਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਪਾਕਿਸਤਾਨ ਵਿਖੇ ਵਿਦਿਆ ਤੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਬਾਬਾ ਗੁਰਪਾਲ ਸਿੰਘ ਪਿਸ਼ਾਵਰ ਨੂੰ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਚੰਡੀਗੜ੍ਹ ਸਥਿਤ ਉਪ ਦਫ਼ਤਰ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਇਕੱਤਰਤਾ ਵਿਚ ਭਾਈ ਮਰਦਾਨਾ ਜੀ ਦੀ ਵੰਸ਼ ਵਿੱਚੋਂ ਭਾਈ ਲਾਲ ਜੀ ਦੇ ਪੋਤਰੇ ਕੀਰਤਨੀਏ ਭਾਈ ਸਰਫਰਾਜ਼ ਦੇ ਜਥੇ ਨੂੰ 21 ਹਜ਼ਾਰ ਰੁਪਏ ਪ੍ਰਤੀ ਮਹੀਨਾ ਸਹਾਇਤਾ ਨੂੰ ਵੀ ਪ੍ਰਵਾਨਗੀ ਦਿੱਤੀ ਗਈ।

ਇਕੱਤਰਤਾ 'ਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਭਾਈ ਮਰਦਾਨਾ ਜੀ ਦੀ 19ਵੀਂ ਪੀੜ੍ਹੀ ਵਿੱਚੋਂ ਭਾਈ ਸਰਫਰਾਜ਼ ਦੇ ਜਥੇ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਹਰ ਮਹੀਨੇ ਸਹਾਇਤਾ ਦਿੱਤੀ ਜਾਇਆ ਕਰੇਗੀ। ਇਸ ਤੋਂ ਇਲਾਵਾ ਰਾਗੀ ਭਾਈ ਲਾਲ ਜੀ ਦੀ ਨੂੰਹ ਨੂੰ ਅੱਖਾਂ ਦੇ ਇਲਾਜ਼ ਲਈ ਸ਼੍ਰੋਮਣੀ ਕਮੇਟੀ 11 ਹਜ਼ਾਰ ਰੁਪਏ ਦੀ ਮੱਦਦ ਕਰੇਗੀ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਵਿਖੇ ਸਿੱਖ ਨੌਜੁਆਨਾਂ ਨੂੰ ਗਤਕਾ ਸਿਖਲਾਈ ਲਈ ਗਤਕਾ ਕਿੱਟਾਂ ਵੀ ਭੇਜੀਆਂ ਜਾਣਗੀਆਂ ਅਤੇ ਪਾਕਿਸਤਾਨ ਵਿਖੇ ਮੈਰਿਟ ਵਿਚ ਆਏ ਚਾਰ ਸਿੱਖ ਬੱਚਿਆਂ ਨੂੰ ਵੀ 11-11 ਹਜ਼ਾਰ ਰੁਪਏ ਹੌਂਸਲਾ ਅਫ਼ਜਾਈ ਵਜੋਂ ਦਿੱਤੇ ਜਾਣਗੇ। ਹੋਰ ਫੈਸਲਿਆਂ ਸਬੰਧੀ ਉਨ੍ਹਾਂ ਦੱਸਿਆ ਕਿ ਫੈਡਰੇਸ਼ਨ ਦੇ ਮੋਢੀ ਆਗੂ ਡਾ. ਸੰਤੋਖ ਸਿੰਘ ਦੀ ਯਾਦ ਵਿਚ ਭੋਪਾਲ ਸਥਿਤ ਲਾਇਬ੍ਰੇਰੀ ਨੂੰ 1 ਲੱਖ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸੇ ਤਰ੍ਹਾਂ ਜੰਮੂ ਵਿਚ ਕੌਣ ਬਣੇਗਾ ਗੁਰਸਿੱਖ ਪਿਆਰਾ ਮੁਕਾਬਲਿਆਂ ਵਿੱਚੋਂ ਪਹਿਲੇ ਸਥਾਨ 'ਤੇ ਆਉਣ ਵਾਲੇ 50 ਬੱਚਿਆਂ ਦੀ ਫੀਸ ਵੀ ਸ਼੍ਰੋਮਣੀ ਕਮੇਟੀ ਵੱਲੋਂ ਦੇਣ ਦਾ ਫੈਸਲਾ ਕੀਤਾ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ 25 ਜੁਲਾਈ ਨੂੰ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਸਜਾਇਆ ਗਿਆ ਅੰਤਰਰਾਸ਼ਟਰੀ ਨਗਰ ਕੀਰਤਨ ਇਤਿਹਾਸਕ ਹੋਵੇਗਾ ਅਤੇ ਇਸ ਨਗਰ ਕੀਰਤਨ ਲਈ ਪੂਰੇ ਭਾਰਤ ਅੰਦਰ ਅਗਾਂਊਂ ਪ੍ਰਬੰਧ ਲਈ ਨਿੱਗਰ ਵਿਉਂਤਬੰਦੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵੱਖ-ਵੱਖ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ, ਜੋ ਰੂਟ ਸਬੰਧੀ ਰੂਪ-ਰੇਖਾ ਬਣਾਉਣਗੀਆਂ। ਉਨ੍ਹਾਂ ਕਿਹਾ ਕਿ ਇਹ ਨਗਰ ਕੀਰਤਨ ਪਾਕਿਸਤਾਨ ਤੋਂ ਭਾਰਤ ਦਾਖ਼ਲ ਹੋਣ ਮਗਰੋਂ ਦੇਸ਼ ਦੇ ਵੱਖ-ਵੱਖ ਸੂਬਿਆਂ ਤੱਕ ਪਹੁੰਚ ਕਰੇਗਾ ਅਤੇ ਕਰੀਬ 100 ਦਿਨ ਮਗਰੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪੁੱਜੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਆਲ ਸਿੱਖ ਅਸਾਮ ਯੂਥ ਐਸੋਸੀਏਸ਼ਨ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਗਸਤ 2019 ਵਿਚ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਲਈ 5 ਲੱਖ ਰੁਪਏ ਦੀ ਸਹਾਇਤਾ ਕੀਤੀ ਜਾਵੇਗੀ। ਇਕੱਤਰਤਾ ਦੌਰਾਨ ਗੁਜਰਾਤ ਦੇ ਸਿਕਲੀਗਰ ਸਿੱਖ ਬੱਚਿਆਂ ਨੂੰ ਪੜ੍ਹਾਈ ਲਈ ਸਹਾਇਤਾ ਜਾਰੀ ਰੱਖਣ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਕੈਪਟਨ ਅਵਤਾਰ ਸਿੰਘ ਦੇ ਅਕਾਲ ਚਲਾਣੇ 'ਤੇ ਅਫ਼ਸੋਸ ਕਰਦਿਆਂ ਸ਼ੋਕ ਮਤਾ ਕੀਤਾ ਗਿਆ।

ਇਕੱਤਰਤਾ 'ਚ ਭਾਈ ਲੌਂਗੋਵਾਲ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਮਨਜੀਤ ਸਿੰਘ ਬੱਪੀਆਣਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਅਵਤਾਰ ਸਿੰਘ ਵਣਵਾਲਾ, ਸ. ਤੇਜਿੰਦਰ ਸਿੰਘ ਢਿੱਲੋਂ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਅਵਤਾਰ ਸਿੰਘ ਸੈਂਪਲਾ, ਸ. ਪਰਮਜੀਤ ਸਿੰਘ ਸਰੋਆ, ਸ. ਲਖਬੀਰ ਸਿੰਘ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ, ਸ. ਗੁਰਿੰਦਰਪਾਲ ਸਿੰਘ ਠਰੂ ਤੇ ਸ. ਵਰਿੰਦਰ ਸਿੰਘ ਠਰੂ ਸੁਪਰਵਾਈਜ਼ਰ ਆਦਿ ਵੀ ਮੌਜੂਦ ਸਨ।

# 550ਵੇਂ ਪ੍ਰਕਾਸ਼ ਪੁਰਬ ਸਬੰਧੀ ਭਾਈ ਲੌਂਗੋਵਾਲ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਖੱਟਰ ਨੂੰ ਦਿੱਤਾ ਸੱਦਾ



ਅੰਮ੍ਰਿਤਸਰ, 7 ਜੁਲਾਈ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ 12 ਨਵੰਬਰ 2019 ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਮੁੱਖ ਸਮਾਗਮ ਵਿਚ ਸ਼ਾਮਲ ਹੋਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਦੇਸ਼ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸੱਦਾ ਦੇਣ ਦਾ ਸਿਲਸਲਾ ਲਗਾਤਾਰ ਜਾਰੀ ਹੈ। ਇਸੇ ਤਹਿਤ ਭਾਈ ਲੌਂਗੋਵਾਲ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕੀਤੀ ਅਤੇ ਪ੍ਰਕਾਸ਼ ਪੁਰਬ ਸਮਾਗਮ ਵਿਚ ਸ਼ਮੂਲੀਅਤ ਲਈ ਸੱਦਾ ਦਿਤਾ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਸਮੇਤ ਕਈ ਸੂਬਿਆਂ ਦੇ ਮੁੱਖ ਮੰਤਰੀਆਂ ਤੱਕ ਵੀ ਖੁਦ ਪਹੁੰਚ ਕਰ ਕੇ ਸੱਦਾ ਦੇ ਚੁੱਕੇ ਹਨ। ਹਰਿਆਣਾ ਦੇ ਮੁੱਖ ਮਤਰੀ ਨਾਲ ਮੁਲਾਕਾਤ ਸਮੇਂ ਭਾਈ ਲੌਂਗੋਵਾਲ ਨੇ ਉਨ੍ਹਾਂ ਨੂੰ 12 ਨਵੰਬਰ ਦੇ ਮੁੱਖ ਸਮਾਗਮ ਵਿਚ ਸ਼ਾਮਲ ਹੋਣ ਲਈ ਕਿਹਾ ਜਿਸ 'ਤੇ ਸ੍ਰੀ ਖੱਟਰ ਨੇ ਇਸ ਇਤਿਹਾਸਕ ਮੌਕੇ 'ਤੇ ਹਾਜ਼ਰੀ ਦੀ ਵਚਨਬੱਧਤਾ ਪ੍ਰਗਟਾਈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰਿਆਣਾ ਦੇ ਮੁੱਖ ਮੰਤਰੀ ਨੇ ਸਿੱਖਾਂ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਸੱਦੇ ਦਾ ਸਵਾਗਤ ਕੀਤਾ ਹੈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਖੱਟਰ ਨਾਲ ਮੁਲਾਕਾਤ ਸਮੇਂ ਭਾਈ ਲੌਂਗੋਵਾਲ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਮੈਂਬਰ ਸ਼੍ਰੋਮਣੀ ਕਮੇਟੀ ਸ. ਭੁਪਿੰਦਰ ਸਿੰਘ ਅਸੰਧ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਅਤੇ ਸ. ਦਰਸ਼ਨ ਸਿੰਘ ਪੀ.ਏ. ਵੀ ਮੌਜੂਦ ਸਨ।

# ਪਾਕਿਸਤਾਨ 'ਚ ਗੁਰਦੁਆਰਾ ਖਾਰਾ ਸਾਹਿਬ ਸੰਗਤ ਲਈ ਖੋਲ੍ਹਣ ਦਾ ਸ਼੍ਰੋਮਣੀ ਕਮੇਟੀ ਨੇ ਕੀਤਾ ਸਵਾਗਤ

ਅੰਮ੍ਰਿਤਸਰ – ਪਾਕਿਸਤਾਨ ਵਿਚਲੇ ਪੰਜਾਬ ਦੇ ਜ਼ਿਲ੍ਹਾ ਗੁੱਜਰਾਂਵਾਲਾ 'ਚ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨਾਲ ਸਬੰਧਤ ਗੁਰਦੁਆਰਾ ਖਾਰਾ ਸਾਹਿਬ ਦੇ 72 ਸਾਲਾਂ ਬਾਅਦ ਸੰਗਤ ਲਈ ਖੋਲ੍ਹਣ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਸਵਾਗਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਖਿਆ ਕਿ ਪਾਕਿਸਤਾਨ ਸਰਕਾਰ ਵੱਲੋਂ ਉਥੇ ਸਥਿਤ ਸਿੱਖ ਗੁਰਧਾਮ ਨੂੰ ਸੰਗਤ ਲਈ ਖੋਲ੍ਹਣ ਦਾ ਉੱਦਮ ਪ੍ਰਸ਼ੰਸਾਯੋਗ ਹੈ। ਉਨ੍ਹਾਂ ਆਖਿਆ ਕਿ ਇਤਿਹਾਸਕ ਗੁਰਦੁਆਰਾ ਖਾਰਾ ਸਾਹਿਬ ਛੇਵੇਂ ਪਾਤਸ਼ਾਹ ਜੀ ਨਾਲ ਸਬੰਧਤ ਹੈ ਅਤੇ ਇਸ ਦਾ ਦੇਸ਼ ਵੰਡ ਤੋਂ ਬਾਅਦ ਸੰਗਤ ਲਈ ਦੁਬਾਰਾ ਖੁੱਲਣਾ ਸਿੱਖ ਜਗਤ ਲਈ ਇਕ ਚੰਗੀ ਖ਼ਬਰ ਹੈ।

ਉਨ੍ਹਾਂ ਆਖਿਆ ਕਿ ਇਸ ਤੋਂ ਪਹਿਲਾਂ ਗੁਰਦੁਆਰਾ ਬਾਬੇ ਕੀ ਬੇਰ ਸਿਆਲਕੋਟ ਨੂੰ ਭਾਰਤੀ ਸੰਗਤ ਲਈ ਖੋਲ੍ਹਣ ਦਾ ਪਾਕਿਸਤਾਨ ਸਰਕਾਰ ਨੇ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਉਹ ਬੀਤੇ ਦਿਨੀਂ ਪਾਕਿਸਤਾਨ ਗਏ ਸਨ ਅਤੇ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਬਾਬੇ ਕੀ ਬੇਰ ਨੂੰ ਸੰਗਤਾਂ ਦੇ ਦਰਸ਼ਨ ਲਈ ਖੋਲ੍ਹਣ ਸਬੰਧੀ ਪਾਕਿਸਤਾਨ ਪੰਜਾਬ ਦੇ ਗਵਰਨਰ ਚੌਧਰੀ ਮੁਹੰਮਦ ਸਰਵਰ ਨੂੰ ਬੇਨਤੀ ਕੀਤੀ ਸੀ। ਉਨ੍ਹਾਂ ਪ੍ਰਸੰਨਤਾ ਪ੍ਰਗਟ ਕੀਤੀ ਕਿ ਸ਼੍ਰੋਮਣੀ ਕਮੇਟੀ ਦੀ ਇਸ ਮੰਗ 'ਤੇ ਪਾਕਿਸਤਾਨ ਸਰਕਾਰ ਨੇ ਗੁਰਦੁਆਰਾ ਬਾਬੇ ਕੀ ਬੇਰ ਨੂੰ ਭਾਰਤੀ ਜਥੇ ਲਈ ਖੋਲ੍ਹਣ ਲਈ ਪ੍ਰਵਾਨਗੀ ਦਿੱਤੀ ਹੈ। ਉਨ੍ਹਾਂ ਆਖਿਆ ਕਿ ਇਸ ਤੋਂ ਬਾਅਦ ਹੁਣ ਦੂਸਰੀ ਖ਼ਬਰ ਗੁਰਦੁਆਰਾ ਖਾਰਾ ਸਾਹਿਬ ਨੂੰ ਖੋਲ੍ਹਣ ਦੀ ਹੈ, ਜਿਸ ਦਾ ਸ਼੍ਰੋਮਣੀ ਕਮੇਟੀ ਸਵਾਗਤ ਕਰਦੀ ਹੈ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੰਗਲੌਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ

## ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਲਈ ਮਾਰਗ ਦਰਸ਼ਨ- ਗਿਆਨੀ ਰਘਬੀਰ ਸਿੰਘ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਲਈ ਮਾਰਗ-ਦਰਸ਼ਨ ਹੈ, ਜਿਸ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਬਿਹਤਰ ਬਣਾ ਸਕਦੇ ਹਾਂ। ਇਹ ਪ੍ਰਗਟਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੰਗਲੌਰ ਵਿਖੇ ਇਕ ਵਿਸ਼ਾਲ ਗੁਰਮਤਿ ਸਮਾਗਮ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਕੀਤਾ। ਇਹ ਗੁਰਮਤਿ ਸਮਾਗਮ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਸਿੰਘ ਸਭਾ ਬੰਗਲੌਰ ਅਤੇ ਉਥੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।




ਇਸ ਦੋ ਦਿਨਾਂ ਸਮਾਗਮ ਦੀ ਸਮਾਪਤੀ ਮੌਕੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਅਮਲੀ ਜੀਵਨ ਵਿਚ ਅਪਨਾਉਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਆਖਿਆ ਕਿ ਇਹ ਬੇਹੱਦ ਖ਼ਾਸ ਮੌਕਾ ਹੈ ਜਦੋਂ ਅਸੀਂ ਗੁਰੂ ਸਾਹਿਬ ਜੀ ਨੂੰ ਸਮਰਪਿਤ ਹੁੰਦਿਆਂ ਉਨ੍ਹਾਂ ਦੇ ਫਲਸਫੇ ਅਨੁਸਾਰ ਚੱਲ ਕੇ ਆਪਣਾ ਜੀਵਨ ਚੰਗੇਰਾ ਬਣਾ ਸਕਦੇ ਹਾਂ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸੂਬਿਆਂ ਅੰਦਰ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਦੀ ਸ਼ਲਾਘਾ ਕੀਤੀ ਅਤੇ ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਉੱਦਮ ਨੂੰ ਸਾਰਥਿਕ ਦੱਸਿਆ। ਸਿੰਘ ਸਾਹਿਬ ਨੇ ਬੰਗਲੌਰ ਦੀਆਂ ਸੰਗਤਾਂ ਨੂੰ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਮੁੱਖ ਸਮਾਗਮ ਵਿਚ ਸ਼ਾਮਲ ਹੋਣ ਲਈ ਸੱਦਾ ਵੀ ਦਿੱਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਵੀ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਤੋਂ ਇਲਾਵਾ ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਤੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ ਨੇ ਵੀ ਕਥਾ ਵਿਚਾਰਾਂ ਦੁਆਰਾ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੰਗਲੌਰ ਦੇ ਪ੍ਰਧਾਨ ਸ. ਕੁਲਦੀਪ ਸਿੰਘ, ਜਨਰਲ ਸਕੱਤਰ ਸ. ਜਸਪਾਲ ਸਿੰਘ ਅਤੇ ਹੋਰ ਆਗੂ ਸਿੱਖਾਂ ਨੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸਨਮਾਨਿਤ ਕੀਤਾ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਨੇ ਸ਼੍ਰੋਮਣੀ ਕਮੇਟੀ ਨੂੰ ਧਰਮ ਪ੍ਰਚਾਰ ਲਈ ਹਰ ਤਰ੍ਹਾਂ ਦੇ ਸਹਿਯੋਗ ਦੀ ਵਚਨਬਧਤਾ ਪ੍ਰਗਟਾਈ। ਇਸ ਤੋਂ ਪਹਿਲਾਂ ਬੰਗਲੌਰ ਵਿਖੇ ਪੁੱਜਣ 'ਤੇ ਜਥੇਦਾਰ ਗਿਆਨੀ ਰਘਬੀਰ ਸਿੰਘ ਦਾ ਸਥਾਨਕ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

# ਗੁਰਦੁਆਰਾ ਸਾਹਿਬ ਪਾਤਸਾਹੀ ਨੌਵੀਂ, ਰੱਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ

## ਅੰਮ੍ਰਿਤ ਸੰਚਾਰ ਸਮਾਗਮ ਸਮੇਂ 105 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਅੰਦਰ ਪ੍ਰਵੇਸ਼ ਕੀਤਾ



ਰੱਲਾ- ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਬਲਦੇਵ ਸਿੰਘ ਕਾਇਮਪੁਰ ਅਤੇ ਜਥੇਦਾਰ ਗੁਰਪ੍ਰੀਤ ਸਿੰਘ ਝੱਬਰ ਦੇ ਯਤਨਾਂ ਸਦਕਾ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬ ਪਾਤਸਾਹੀ ਨੌਵੀਂ, ਪਿੰਡ ਰੱਲਾ (ਮਾਨਸਾ) ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸਾਹੀ ਨੌਵੀਂ, ਰੱਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ ਤੌਰ ਤੇ ਪਹੁੰਚੇ। ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਜੀਵਨ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ ਪੁਰਬ ਮਨਾਇਆ ਜਾਣਾ ਸਾਡੀ ਖੁਸ਼ਕਿਸਮਤੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਦਾ ਹਿੱਸਾ ਬਣ ਕੇ ਅਸੀਂ ਆਪਣੇ ਪਰਿਵਾਰਾਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਦਾ ਜਤਨ ਕਰੀਏ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਦੱਸਿਆ ਕਿ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਤੋਂ ਇਕ ਅੰਤਰ ਰਾਸ਼ਟਰੀ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ ਜੋ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਪਾਕਿਸਤਾਨ ਤੋਂ ਸ਼ੁਰੂ ਹੋ ਕੇ ਭਾਰਤ ਦੇ ਵੱਖ-ਵੱਖ ਰਾਜਾਂ ਦੇ ਸਹਿਰਾਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਵਿਖੇ ਸਪੰਨ ਹੋਵੇਗਾ। ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ੍ਰੀਪਾਲ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਨੇ ਸ਼ਬਦ ਵੀਚਾਰ ਰਾਹੀਂ ਸੰਗਤਾਂ ਨੂੰ ਗੁਰਸਿੱਖੀ ਜੀਵਨ ਲਈ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 105 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮਾਗਮ ਦੌਰਾਨ ਭਾਈ ਤਰਸੇਮ ਸਿੰਘ ਪ੍ਰੀਤ ਢਾਡੀ ਜਥਾ, ਬੀਬੀ ਰਮਨਦੀਪ ਕੌਰ ਨੌਰੰਗ, ਭਾਈ ਸਤਪਾਲ ਸਿੰਘ ਐਮ. ਏ. ਢਾਡੀ ਜਥਾ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਾਬਕਾ ਮੈਂਬਰ ਜਥੇਦਾਰ ਉਦੈ ਸਿੰਘ ਲੌਂਗੋਵਾਲ, ਜਥੇਦਾਰ ਬਲਦੇਵ ਸਿੰਘ ਮਾਖਾ ਸਾਬਕਾ ਮੈਂਬਰ, ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਵਲੰਡੀ ਸਾਬੋ, ਸ. ਦਰਸਨ ਸਿੰਘ ਪੀ. ਏ. ਸਮੇਤ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜਰੀ ਭਰੀ।

# ਹਲਕਾ ਧਾਰੀਵਾਲ ਦੇ ਪਿੰਡ ਬਾਊਪੁਰ ਜੱਟਾਂ ਤੇ ਸੁਲਤਾਨੀ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ

ਧਾਰੀਵਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸੇ ਤਹਿਤ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਦੀ ਅਗਵਾਈ ਹੇਠ ਹਲਕਾ ਧਾਰੀਵਾਲ ਦੇ ਪਿੰਡ ਬਾਊਪੁਰ ਜੱਟਾਂ ਤੇ ਸੁਲਤਾਨੀ ਵਿਖੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਨਾਮ ਸਿੰਘ ਦੌਰਾਂਗਲਾ ਨੇ ਬੱਚਿਆਂ ਨੂੰ ਜਪੁਜੀ ਸਾਹਿਬ, ਸੋਦਰੁ ਰਹਿਰਾਸ ਸਾਹਿਬ ਤੇ ਸੋਹਿਲਾ ਬਾਣੀ ਦੀ ਸੰਥਿਆ ਕਰਵਾਉਣ ਦੇ ਨਾਲ ਸਿੱਖ ਧਰਮ ਦੇ ਮੁੱਢਲੇ ਸਿਧਾਂਤਾਂ ਤੇ ਸਿੱਖ ਰਹਿਤ ਮਰਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪਾਂ ਦੇ ਸਮਾਪਤੀ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜਫਰਵਾਲ ਤੇ ਮਾਝਾ ਜੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਸ਼ਹੂਰ ਵਿਸ਼ੇਸ ਤੌਰ ਤੇ ਪਹੁੰਚੇ। ਉਨ੍ਹਾਂ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੰਦਿਆਂ ਕੇਸਾਂ ਦੀ ਮਹੱਤਤਾ, ਮੁੱਢਲੇ ਸਿੱਖ ਸਿਧਾਂਤਾਂ ਦੀ ਜਾਣਕਾਰੀ ਦਿੰਦਿਆਂ ਗੁਰੂ ਇਤਿਹਾਸ ਵਿਚੋਂ ਸਾਖੀਆਂ ਰਾਹੀਂ ਵੀ ਪ੍ਰੇਰਨਾ ਕੀਤੀ। ਕੈਂਪਾਂ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਪਿਆਰਾ ਸਿੰਘ, ਪ੍ਰਧਾਨ ਭਾਈ ਕੁੰਨਣ ਸਿੰਘ, ਭਾਈ ਸਤਨਾਮ ਸਿੰਘ, ਭਾਈ ਸਰਵਨ ਸਿੰਘ, ਭਾਈ ਅਮਰੀਕ ਸਿੰਘ, ਬੀਬੀ ਸੁਖਵਿੰਦਰ ਕੌਰ, ਬੀਬੀ ਅਮਰੀਕ ਕੌਰ ਸਮੇਤ ਹੋਰ ਸੰਗਤਾਂ ਹਾਜ਼ਰ ਸਨ।



### ਸ਼੍ਰੋਮਣੀ ਕਮੇਟੀ ਵੱਲੋਂ 'ਬੈਚਲਰ ਆਫ ਗੁਰਦੁਆਰਾ ਮੈਨੇਜਮੈਂਟ ਸਟੱਡੀਜ਼' ਕੋਰਸ ਦੀ ਸ਼ੁਭ ਆਰੰਭਤਾ ਮੌਕੇ ਸ਼ੁਕਰਾਨਾ ਸਮਾਗਮ

## ਗੁਰਦੁਆਰਾ ਮੈਨੇਜਮੈਂਟ ਕੋਰਸ ਕਰਵਾਏ ਜਾਣ ਦਾ ਵਿਲੱਖਣ ਕਾਰਜ ਸ਼੍ਰੋਮਣੀ ਕਮੇਟੀ ਦੇ ਹਿੱਸੇ ਆਇਆ: ਭਾਈ ਲੌਂਗੋਵਾਲ






ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ (ਪਟਿਆਲਾ) ਵਿਖੇ ਬੈਚੂਲਰ ਆਫ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਦੀ ਸ਼ੁਭ ਆਰੰਭਤਾ ਮੌਕੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਹਿਲੇ ਸੈਸ਼ਨ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਬੋਲਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਅੱਜ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਪੂਰੇ ਧਾਰਮਕ ਅਸਥਾਨਾਂ ਦੇ ਪ੍ਰਬੰਧਾਂ ਸਬੰਧੀ ਵਿਸ਼ਵ ਭਰ 'ਚੋਂ ਗੁਰਦੁਆਰਾ ਮੈਨੇਜਮੈਂਟ ਕੋਰਸ ਕਰਵਾਏ ਜਾਣ ਦਾ ਵਿਲੱਖਣ ਕਾਰਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਿੱਸੇ ਆਇਆ ਹੈ। ਉਨ੍ਹਾਂ ਐਲਾਨ ਕੀਤਾ ਕਿ ਗੁਰਦੁਆਰਾ ਮੈਨੇਜਮੈਂਟ ਕੋਰਸ ਮੁਕੰਮਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਆਪਣੀ ਸੰਸਥਾ 'ਚ ਨੌਕਰੀ ਪ੍ਰਦਾਨ ਕਰੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਈ ਅਹਿਮ ਕਾਰਜ ਕੀਤੇ ਜਾ ਰਹੇ ਹਨ, ਉਥੇ ਹੀ ਸੰਸਥਾ ਨਾਲ ਸਬੰਧਤ ਸਕੂਲਾਂ/ਕਾਲਜਾਂ 'ਚ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਸਿੱਖਿਆ ਦੇ ਖੇਤਰ 'ਚ ਵੀ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਚਿੰਤਾ ਪ੍ਰਗਟ ਕੀਤੀ ਕਿ ਰੁਜ਼ਗਾਰ ਦੀ ਪ੍ਰਾਪਤੀ ਲਈ ਸਾਡੀ ਅਜੋਕੀ ਪੀੜੀ ਨੂੰ ਵਿਦੇਸ਼ ਜਾਣਾ ਪੈ ਰਿਹਾ ਹੈ ਅਤੇ ਅਜਿਹੇ ਰੁਝਾਨ ਨੂੰ ਠੱਲ ਪਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਨੌਜਵਾਨ ਪੀੜੀ ਨੂੰ ਉਚ ਮਿਆਰੀ ਪੜ੍ਹਾਈ ਕਰਵਾਕੇ ਰੁਜ਼ਗਾਰ ਦੇ ਵਸੀਲੇ ਵੀ ਪੈਦਾ ਕੀਤੇ ਜਾਣਗੇ।

ਇਸ ਮੌਕੇ ਡਾਇਰੈਕਟਰ ਡਾ. ਚਮਕੌਰ ਸਿੰਘ ਨੇ ਗੁਰਦੁਆਰਾ ਮੈਨੇਜਮੈਂਟ ਕੋਰਸ ਦੀ ਸ਼ੁਰੂਆਤ ਕੀਤੇ ਜਾਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕੀਤਾ। ਉਨ੍ਹਾਂ ਸੈਸ਼ਨ 'ਚ ਆਏ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੱਤੀ ਕਿ ਇਹ ਕੋਰਸ ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ ਨੂੰ ਵਧੇਰੇ ਸੁਚਾਰੂ ਬਣਾਉਣ 'ਚ ਸਹਾਈ ਸਿੱਧ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਲਈ ਰਿਫਰੈਸ਼ਰ ਕੋਰਸ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦੇ ਸਾਰਥਿਕ ਨਤੀਜੇ ਨਿਕਲਣ ਲੱਗ ਪਏ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਅਮਰਜੀਤ ਸਿੰਘ ਚਾਵਲਾ, ਜਥੇਦਾਰ ਉਦੈ ਸਿੰਘ, ਡਾਇਰੈਕਟਰ ਸਿੱਖਿਆ ਡਾ. ਤੇਜਿੰਦਰ ਕੌਰ ਧਾਲੀਵਾਲ, ਸਹਾਇਕ ਡਾਇਰੈਕਟ ਸ. ਪ੍ਰਭਜੋਤ ਸਿੰਘ, ਸਾਬਕਾ ਡਾਇਰੈਕਟਰ ਡਾ. ਜਤਿੰਦਰ ਸਿੰਘ ਸਿੱਧੂ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲੱਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਸ. ਬੀਰ ਬਿਕਰਮ ਸਿੰਘ, ਡਾ. ਸਤਿੰਦਰ ਸਿੰਘ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਡਾ. ਪਰਮਵੀਰ ਸਿੰਘ, ਮਲਜਿੰਦਰ ਕੌਰ, ਗੁਰਮਤਿ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਜਸਬੀਰ ਕੌਰ, ਪ੍ਰਿੰ. ਮਨਜੀਤ ਸਿੰਘ ਸਿੱਧੂ, ਪ੍ਰਿੰ. ਹਰਮੀਤ ਕੌਰ ਆਨੰਦ, ਡਾ. ਬ੍ਰਿਜਇੰਦਰ ਕੌਰ, ਪ੍ਰੋ ਰਾਜਵਰਿੰਦਰ ਸਿੰਘ, ਪ੍ਰੋ. ਅਸਪ੍ਰੀਤ ਕੌਰ, ਡਾ. ਹਰਜੀਤ ਸਿੰਘ, ਖਾਲਸਾ ਕਾਲਜ ਪਟਿਆਲਾ ਤੋਂ ਪ੍ਰੋ. ਤ੍ਰਿਲੋਚਨ ਸਿੰਘ ਮਹਾਜਨ, ਡਾ. ਸ਼ਮਸ਼ੇਰ ਸਿੰਘ, ਪ੍ਰਿੰ. ਸੁਰਿੰਦਰ ਕੌਰ ਨਾਭਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਆਦਿ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਪਿੰਡ ਤਲਵੰਡੀ ਭੰਗਵਾ ਵਿਖੇ ਲਗਾਏ ਗਏ 9 ਰੋਜ਼ਾ ਗੁਰਮਤਿ ਕੈਂਪ ਦੀ ਸਮਾਪਤੀ



ਅਜਨਾਲਾ- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਬੱਚਿਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਵਿਸ਼ੇਸ ਜਤਨ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਵਲੋਂ ਗੁਰਦੁਆਰਾ ਮਨਸਾ ਪੂਰਨ ਪਿੰਡ ਤਲਵੰਡੀ ਭੰਗਵਾ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਸਮਰ ਕੈਂਪ ਲਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਭਾਗ ਲਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਅਤੇ ਭਾਈ ਸੁਖਰਾਜ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਗੁਰਬਾਣੀ, ਗੁਰਇਤਿਹਾਸ ,ਸਿੱਖ ਰਹਿਤ ਮਰਿਆਦਾ, ਗੁਰਮਤਿ ਸਿਧਾਂਤਾਂ ਅਤੇ ਵਾਤਾਵਰਣ ਦੀ ਸਮੱਸਿਆ ਤੋਂ ਜਾਣੂ ਕਰਵਾਇਆ ਗਿਆ। ਕੈਂਪ ਦੀ ਸਮਾਪਤੀ ਤੇ ਵਿਦਿਆਰਥੀਆਂ ਦੇ ਸਵਾਲ ਜਵਾਬ ਮੁਕਾਬਲੇ ਕਰਵਾਏ ਗਏ। ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ, ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਸ. ਜ਼ੋਰਾਵਰ ਸਿੰਘ ਪ੍ਰਧਾਨ, ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਭਾਈ ਸੁਖਰਾਜ ਸਿੰਘ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਸਰਟੀਫਿਕੇਟ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਸੀ.ਬੀ.ਆਈ. ਕਲੋਜ਼ਰ ਰਿਪੋਰਟ ਰੱਦ

### ਸੁਲਤਾਨਪੁਰ ਲੋਧੀ ਵਿਖੇ 550 ਰਿਵਾਇਤੀ ਬੂਟਿਆਂ ਦਾ ਬਾਗ ਸਥਾਪਤ ਹੋਵੇਗਾ-ਭਾਈ ਲੌਂਗੋਵਾਲ



ਸੁਲਤਾਨਪੁਰ ਲੋਧੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਦੇ ਮਾਮਲੇ ਵਿਚ ਸੀ.ਬੀ.ਆਈ ਵੱਲੋਂ ਦਿੱਤੀ ਗਈ ਕਲੋਜ਼ਰ ਰਿਪੋਰਟ ਨੂੰ ਰੱਦ ਕਰ ਦਿੱਤਾ ਹੈ। ਇਹ ਫੈਸਲਾ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਅੰਤ੍ਰਿੰਗ ਕਮੇਟੀ ਦੇ ਇਕੱਤਰਤਾ ਦੌਰਾਨ ਲਿਆ ਗਿਆ। ਇਕੱਤਰਤਾ ਦੌਰਾਨ ਸੀ.ਬੀ.ਆਈ. ਦੀ ਰਿਪੋਰਟ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਮਾਹਿਰਾਂ ਦੀ ਰਾਇ ਨਾਲ ਅਗਲੀ ਕਾਰਵਾਈ ਕਰਨ ਦਾ ਵੀ ਫੈਸਲਾ ਕੀਤਾ ਗਿਆ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੀ ਸ਼ੁਰੂ ਤੋਂ ਮੰਗ ਕਰਦੀ ਰਹੀ ਹੈ ਅਤੇ ਇਸ ਮਾਮਲੇ ਵਿਚ ਕਿਸੇ ਵੀ ਤਰ੍ਹਾਂ ਰਿਆਇਤੀ ਰਿਪੋਰਟ ਪ੍ਰਵਾਨ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਸੀ.ਬੀ.ਆਈ. ਰਿਪੋਰਟ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇਸ਼ ਦੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰੇਗੀ ਅਤੇ ਕਾਨੂੰਨੀ ਮਾਹਿਰਾਂ ਦੀ ਰਾਇ ਲੈ ਕੇ ਅਗਲੀ ਕਾਰਵਾਈ ਵੀ ਕੀਤੀ ਜਾਵੇਗੀ। ਉਨ੍ਹਾਂ ਅੰਤ੍ਰਿੰਗ ਕਮੇਟੀ ਵਿਚ ਲਏ ਗਏ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਇਕ ਬਾਗ ਲਗਾਇਆ ਜਾਵੇਗਾ, ਜੋ ਆਪਣੇ ਆਪ ਵਿਚ ਇਤਿਹਾਸਕ ਹੋਵੇਗਾ। ਇਸ ਬਾਗ ਵਿਚ ਬਾਗਬਾਨੀ ਮਾਹਿਰਾਂ ਦੀ ਰਾਇ ਅਨੁਸਾਰ ਵੱਖ-ਵੱਖ ਤਰ੍ਹਾਂ ਦੇ 550 ਰਵਾਇਤੀ ਕਿਸਮ ਦੇ ਬੂਟੇ ਲਗਾਏ ਜਾਣਗੇ। ਇਸ ਵਿਚ ਕੈਨੇਡਾ ਦੀ ਸੰਗਤ ਤੇ ਪ੍ਰੇਮੀਆਂ ਦਾ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਬਾਣੀ ਅੰਦਰ ਵਾਤਾਵਰਨ ਸਬੰਧੀ ਪ੍ਰੇਰਣਾ ਦਿੱਤੀ ਹੈ ਅਤੇ ਇਸ ਮੰਤਵ ਨਾਲ ਹੀ ਬਾਗ ਦੀ ਸਥਾਪਨਾ ਕੀਤੀ ਜਾਵੇਗੀ।

ਭਾਈ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਵਿਦੇਸ਼ਾਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਭੇਜਣ ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਦੀਆਂ ਸੰਗਤਾਂ ਦੀ ਮੰਗ ਅਨੁਸਾਰ ਪਾਵਨ ਸਰੂਪ ਭੇਜੇ ਜਾਣਗੇ ਅਤੇ ਇਸ ਕਾਰਜ ਲਈ ਵਿਸ਼ੇਸ਼ ਚਾਰਟਰ ਜਹਾਜ਼ ਦੀ ਵਰਤੋਂ ਕੀਤੀ ਜਾਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਪਾਵਨ ਸਰੂਪ ਵਿਦੇਸ਼ ਭੇਜਣ ਸਮੇਂ ਮਰਯਾਦਾ ਦਾ ਪੂਰਨ ਖਿਆਲ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ 550ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸੰਗਤ ਦੀ ਵਧਦੀ ਆਮਦ ਕਰਕੇ ਇਥੇ ਲੰਗਰ ਵਿਚ ਪ੍ਰਸ਼ਾਦੇ ਤਿਆਰ ਕਰਨ ਵਾਲੀ ਮਸ਼ੀਨ ਲਗਾਈ ਜਾਵੇਗੀ। ਇਸ ਤੋਂ ਇਲਾਵਾ ਸੁਲਤਾਨਪੁਰ ਲੋਧੀ ਗੁਰਦੁਆਰਾ ਸਾਹਿਬ ਦਾ ਇਤਿਹਾਸ ਆਧੁਨਿਕ ਢੰਗ ਨਾਲ ਤਿਆਰ ਕੀਤੇ ਬਰੋਡਾਂ ਉਪਰ ਪ੍ਰਸਤੁਤ ਕੀਤਾ ਜਾਵੇਗਾ। ਅੰਤ੍ਰਿੰਗ ਕਮੇਟੀ ਦੇ ਹੋਰ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਸਾ ਨਿਵਾਸੀ ਗੁਰਸਿੱਖ ਨੌਜੁਆਨ ਪ੍ਰਦੀਪਇੰਦਰ ਸਿੰਘ ਜੋ ਤਾਇਕੋਵਾਂਡੋ ਦਾ ਖਿਡਾਰੀ ਨੂੰ 50 ਹਜ਼ਾਰ ਰੁਪਏ ਹੌਸਲਾ ਅਫਜਾਈ ਵਜੋਂ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬਰਗਾੜੀ ਵਿਖੇ ਰੋਸ ਧਰਨੇ ਦੌਰਾਨ ਪੁਲਿਸ ਦੀ ਕੁਟਮਾਰ ਕਾਰਨ ਇਕ ਅੱਖ ਗਵਾ ਲੈਣ ਵਾਲੇ ਸ. ਹਰਭਜਨ ਸਿੰਘ ਵਾਸੀ ਸਮਾਣਾ ਨੂੰ 1 ਲੱਖ ਰੁਪਏ ਦੇਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਹੋਰ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਚਿੱਤਰਕਾਰੀ ਦੀ ਸੇਵਾ ਕਰਨ ਵਾਲੇ ਸਵਰਗਵਾਸੀ ਚਿੱਤਰਕਾਰ ਜੀ.ਐਸ. ਸੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਈ ਜਾਵੇਗੀ। ਇਸ ਤੋਂ ਇਲਾਵਾ ਇਕੱਤਰਤਾ ਦੌਰਾਨ ਜੰਮੂ ਕਸ਼ਮੀਰ ਦੇ ਲਖਨਪੁਰ ਵਿਖੇ ਸਥਿਤ ਗੁਰੂ ਨਾਨਕ ਮਿਸ਼ਨ ਵਿਖੇ ਗੁਰਦੁਆਰਾ ਸਾਹਿਬ ਦੀ ਖੂਬਸੂਰਤ ਇਮਾਰਤ ਤਿਆਰ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਲਖਬੀਰ ਸਿੰਘ ਅਰਾਈਆਂਵਾਲਾ ਤੇ ਕੈਪਟਨ ਅਵਤਾਰ ਸਿੰਘ ਦੇ ਅਕਾਲ ਚਲਾਣੇ ਦੇ ਸ਼ੋਕ ਮਤੇ ਪੜ੍ਹੇ ਗਏ ਅਤੇ ਉਨ੍ਹਾਂ ਨਮਿਤ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਵੀ ਕੀਤੇ ਗਏ। ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ, ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਭੁਪਿੰਦਰ ਸਿੰਘ ਭਲਵਾਨ, ਸ. ਅਮਰੀਕ ਸਿੰਘ ਵਿਛੋਆ, ਸ. ਜਗਜੀਤ ਸਿੰਘ ਤਲਵੰਡੀ, ਬੀਬੀ ਜਸਬੀਰ ਕੌਰ ਜੱਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਮਹਿੰਦਰ ਸਿੰਘ ਆਹਲੀ, ਸ. ਅਵਤਾਰ ਸਿੰਘ ਸੈਂਪਲਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਸਮੇਤ ਹੋਰ ਮੌਜੂਦ ਸਨ।

## ਸਿੱਖ ਰੈਫਰੈਂਸ ਲਾਇਬ੍ਰੇਰੀ ਸਬੰਧੀ ਜਾਂਚ ਕਮੇਟੀ ਦੀ ਹੋਈ ਇਕੱਤਰਤਾ

ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਵਿਖੇ ਸਥਿਤ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਕੀਮਤੀ ਸਰਮਾਏ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਬਣਾਈ ਗਈ ਜਾਂਚ ਕਮੇਟੀ ਦੀ ਦੂਸਰੀ ਬੈਠਕ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਬੀਬੀ ਜਗੀਰ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ, ਸਾਬਕਾ ਸਕੱਤਰ ਸ. ਦਲਮੇਘ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਅਮਰ ਸਿੰਘ ਅਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ (ਕੋਆਰਡੀਨੇਟਰ) ਸ਼ਾਮਲ ਹੋਏ। ਇਸ ਬਾਰੇ ਜਾਣਕਾਰੀ ਦਿੰਦਿਆਂ ਜਾਂਚ ਕਮੇਟੀ ਦੇ ਮੁਖੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਦੱਸਿਆ ਹੈ ਕਿ ਇਕੱਤਰਤਾ ਦੌਰਾਨ ਲਾਇਬ੍ਰੇਰੀ ਨਾਲ ਸਬੰਧਤ ਰਹੀਆਂ ਕੁਝ ਸ਼ਖ਼ਸੀਅਤਾਂ ਦੇ ਵਿਚਾਰ ਜਾਣੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅਜੇ ਹੋਰ ਪੜਤਾਲ ਲੋੜੀਂਦੀ ਹੈ, ਕਿਉਂਕਿ ਕੁਝ ਸਬੰਧਤ ਵਿਅਕਤੀ ਵਿਦੇਸ਼ ਗਏ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਤਹਿ ਤੱਕ ਜਾਣ ਲਈ ਅਗਲੀ ਬੈਠਕ ਸਤੰਬਰ ਮਹੀਨੇ ਵਿਚ ਕੀਤੀ ਜਾਵੇਗੀ।

## ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਪਿੰਡਾਂ ਵਿਚ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਦੀ ਸਮਾਪਤੀ ਸਮੇਂ ਬੱਚਿਆਂ ਦਾ ਸਨਮਾਨ



ਅਬਦਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਪਿੰਡ ਅਬਦਾਲ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਵੱਖ-ਵੱਖ ਪਿੰਡਾਂ ਵਿੱਚ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਦਾ ਸਮਾਪਤੀ ਸਮਾਗਮ ਕਰਵਾਇਆ ਗਿਆ। ਪਿੰਡ ਮਰੜੀ ਕਲਾਂ, ਜਿਜੇਆਣੀ, ਤਲਵੰਡੀ ਖੁੰਮਣ, ਰੰਗੀਲਪੁਰਾ, ਸ਼ੇਖੂਪੁਰਾ, ਰੁਮਾਣਾ ਚੱਕ ਤੇ ਅਬਦਾਲ ਵਿਚ ਬੱਚਿਆਂ ਦੇ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਏ ਗਏ ਸਨ ਜਿਨ੍ਹਾਂ ਵਿਚ ਬੱਚਿਆਂ ਨੂੰ ਗੁਰਬਾਣੀ, ਗੁਰਇਤਿਹਾਸ, ਸਿੱਖ ਰਹਿਤ ਮਰਿਯਾਦਾ ਤੇ ਸਿੱਖ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ ਗਈ। ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਵੱਖ ਵੱਖ ਪਿੰਡਾਂ ਵਿੱਚੋਂ ਆਏ 107 ਦੇ ਲੱਗਭੱਗ ਬੱਚਿਆਂ ਨੇ ਭਾਗ ਲਿਆ। ਸਮਾਪਤੀ ਸਮਾਗਮ ਸਮੇਂ ਵਿਸ਼ੇਸ ਤੌਰ ਤੇ ਪਹੁੰਚੇ ਮਾਝਾ ਜ਼ੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਬੱਚਿਆਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਬੱਚਿਆਂ ਦੇ ਗੁਰਬਾਣੀ ਕੰਠ, ਕਵਿਤਾ, ਕਵੀਸ਼ਰੀ, ਲੈਕਚਰ ਤੇ ਕੀਰਤਨ ਦੇ ਮੁਕਾਬਲੇ ਕਰਵਾਏ ਗਏ। ਅੱਵਲ ਆਉਣ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਕੈਂਪ ਵਿੱਚ ਸ਼ਾਮਲ ਸਾਰੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਗੁਰਮਤਿ ਸਿਖਲਾਈ ਕੈਂਪਾਂ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਦੀਪ ਸਿੰਘ ਅਬਦਾਲ, ਭਾਈ ਦਿਲਬਾਗ ਸਿੰਘ ਭੰਗਾਲੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਸਥਾ ਵੱਲੋਂ ਵਾਲੰਟੀਅਰ ਤੌਰ ਤੇ ਭਾਈ ਗੁਰਅਵਤਾਰ ਸਿੰਘ ਤੇ ਬੀਬੀ ਦਲਜੀਤ ਕੌਰ (ਤਲਵੰਡੀ ਖੁੰਮਣ) ਨੇ ਵਿਸੇਸ਼ ਭੂਮਿਕਾ ਨਿਭਾਈ। ਇਸ ਮੌਕੇ ਪਿੰਡ ਅਬਦਾਲ ਦੀ ਸਮੂਹ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਰਾਮ ਸਿੰਘ ਸਰਪੰਚ, ਡਾਕਟਰ ਬਲਕਾਰ ਸਿੰਘ, ਗ੍ਰੰਥੀ ਭਾਈ ਜਸਪਾਲ ਸਿੰਘ, ਬਾਬਾ ਨਿਰਮਲ ਸਿੰਘ, ਭਾਈ ਕੁਲਦੀਪ ਸਿੰਘ ਆਦਿ ਨੇ ਇਸ ਉਪਰਾਲੇ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ।

## ਮਹੀਨੇ ਸਾਵਣ-ਭਾਦੋਂ (ਅਗਸਤ) ਦੇ ਇਤਿਹਾਸਕ ਦਿਹਾੜੇ

| | |
|---|---|
| 4 ਅਗਸਤ | ਸੰਤ ਹਰਚੰਦ ਸਿੰਘ ਜੀ ਲੌਂਗੋਵਾਲ ਦੀ ਅਗਵਾਈ ਹੇਠ ਪੰਜਾਬ ਅਤੇ ਸਿੱਖਾਂ ਦੀਆਂ ਹੱਕੀ ਮੰਗਾਂ ਪੂਰੀਆਂ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ 'ਧਰਮ ਯੁੱਧ ਮੋਰਚਾ' ਆਰੰਭ ਕੀਤਾ। (4-8-1982) |
| 5 ਅਗਸਤ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੈਤੋ ਦਾ ਮੋਰਚਾ ਲਾਉਣ ਦਾ ਮਤਾ ਪਾਸ ਕੀਤਾ। (5-8-1923) |
| 7 ਅਗਸਤ | ਗੁਰਦੁਆਰਾ ਐਕਟ (ਗੁਰਦੁਆਰਾ ਕਾਨੂੰਨ) ਗਜ਼ਟ ਕੀਤਾ ਗਿਆ।(7-8-1925) |
| 8 ਅਗਸਤ | ਗੁਰਦੁਆਰਾ ਗੁਰੂ ਕਾ ਬਾਗ, ਮਹੰਤ ਸੁੰਦਰ ਦਾਸ ਦੇ ਕਬਜ਼ੇ 'ਚੋਂ ਛੁਡਾਉਣ ਹਿੱਤ ਸ਼ਾਂਤਮਈ ਮੋਰਚਾ ਲੱਗਾ। ਸਰਕਾਰ ਨੇ ਮਹੰਤ ਦਾ ਪੱਖ ਲਿਆ ਅਤੇ ਇਕ ਮਹੀਨਾ ਜੱਥਿਆਂ ਉਤੇ ਬੜੀ ਬੇ-ਦਰਦੀ ਨਾਲ ਲਾਠੀਚਾਰਜ ਹੁੰਦਾ ਰਿਹਾ। ਪਰੰਤੂ ਸਿੰਘਾਂ ਨੇ ਸ਼ਾਂਤੀ ਤੇ ਅਹਿੰਸਾ ਦਾ ਮਾਰਗ ਨਾ ਤਿਆਗਿਆ ਤੇ ਸਿੱਖਾਂ ਦੀ ਬਰਦਾਸ਼ਤ ਅਤੇ ਬਹਾਦਰੀ ਜਗਤ ਪ੍ਰਸਿੱਧ ਹੋ ਗਈ, ਅੰਤ ਸਰਕਾਰ ਝੁੱਕ ਗਈ। ਸਿੱਖਾਂ ਦੀਆਂ ਮੰਗਾਂ ਪੂਰੀਆਂ ਹੋਈਆਂ ਅਤੇ ਮੋਰਚਾ 17 ਨਵੰਬਰ, 1922 ਨੂੰ ਸਫਲਤਾ ਸਹਿਤ ਸਮਾਪਤ ਹੋਇਆ। ਇਸ ਮੋਰਚੇ ਵਿਚ 5605 ਸਿੰਘਾਂ ਨੇ ਗ੍ਰਿਫਤਾਰੀਆਂ ਦਿੱਤੀਆਂ ਅਤੇ ਕਈ ਸਿੰਘਾਂ ਨੇ ਸ਼ਹੀਦੀਆਂ ਪਾਈਆਂ। (8-8-1922) |
| 15 ਅਗਸਤ | ਦੇਸ਼ ਦੋ ਹਿੱਸਿਆਂ (ਭਾਰਤ ਅਤੇ ਪਾਕਿਸਤਾਨ) ਵਿਚ ਵੰਡਿਆ ਗਿਆ। ਇਸ ਵੰਡ ਨਾਲ ਸਿੱਖ ਆਪਣੇ ਬਹੁਤ ਸਾਰੇ ਧਾਰਮਿਕ ਤੇ ਇਤਿਹਾਸਕ ਅਸਥਾਨਾਂ ਤੋਂ ਵਾਂਝੇ ਹੋ ਗਏ। (15-8-1947) |
| 20 ਅਗਸਤ | ਸੰਤ ਹਰਚੰਦ ਸਿੰਘ ਲੌਂਗੋਵਾਲ ਨੂੰ ਕਸਬਾ ਸ਼ੇਰਪੁਰ, ਜ਼ਿਲ੍ਹਾ ਸੰਗਰੂਰ ਵਿਖੇ ਸ਼ਹੀਦ ਕਰ ਦਿੱਤਾ ਗਿਆ। (20-8-1985) |
| 27 ਅਗਸਤ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਡਸਕਾ, ਜ਼ਿਲ੍ਹਾ ਸਿਆਲਕੋਟ ਵਿਖੇ ਸਥਿਤ ਗੁਰਦੁਆਰਾ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ ਮੋਰਚਾ ਲਾਇਆ। (27-8-1931) |
| 28 ਅਗਸਤ | ਸ਼੍ਰੋਮਣੀ ਅਕਾਲੀ ਦਲ ਨੇ ਅਨੰਦਪੁਰ ਸਾਹਿਬ ਵਿਖੇ ਆਤਮ-ਨਿਰਣੈ ਦਾ ਮਤਾ ਪਾਸ ਕੀਤਾ, ਜਿਸ ਨੂੰ ਅਨੰਦਪੁਰ ਸਾਹਿਬ ਦਾ ਮਤਾ ਵੀ ਕਿਹਾ ਜਾਂਦਾ ਹੈ। (28-8-1973) |

# ਗੁਰਮਤਿ ਟ੍ਰੇਨਿੰਗ ਕੈਂਪ ਵਿਚ ਅੱਵਲ ਰਹਿਣ ਵਾਲੇ ਬੱਚੇ ਸਨਮਾਨਤ



ਚੋਗਾਵਾਂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ ਦੇ ਉਪਰਾਲੇ ਸਦਕਾ ਪਹਿਲੀ ਕਲਾਸ ਤੋਂ 12 ਕਲਾਸ ਦੇ ਬੱਚਿਆਂ ਲਈ ਪਿੰਡ ਪੱਧਰੀ ਵਿਖੇ ਗੁਰਮਤਿ ਟ੍ਰੇਨਿੰਗ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿਚ 300 ਤੋਂ ਵੱਧ ਬੱਚਿਆਂ ਨੇ ਉਤਸ਼ਾਹ ਸਹਿਤ ਭਾਗ ਲਿਆ। ਬਲਾਕ ਦੇ ਤਿੰਨ ਪਿੰਡ ਕੌਲੋਵਾਲ, ਨੂਰਪੁਰ ਤੇ ਪੱਧਰੀ ਵਿਖੇ ਇਕ ਹਫਤਾ ਬੱਚਿਆਂ ਦੀਆਂ ਗੁਰਮਤਿ ਦੀਆਂ ਕਲਾਸਾਂ ਲਾਈਆਂ ਗਈਆਂ ਜਿਸ ਵਿਚ ਬੱਚਿਆਂ ਨੂੰ ਗੁਰਬਾਣੀ, ਗੁਰ ਇਤਿਹਾਸ ਤੇ ਗੁਰਧਾਮਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਸਮੇਂ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਵਿਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਬੱਚਿਆਂ ਨੂੰ ਸ. ਸੁਰਜੀਤ ਸਿੰਘ ਭਿੱਟੇਵਡ ਵੱਲੋਂ ਮੈਡਲ, ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ. ਸੁਰਜੀਤ ਸਿੰਘ ਭਿੱਟੇਵਡ ਨੇ ਕਿਹਾ ਕਿ ਅਜੋਕੇ ਸਮੇਂ ਬੱਚਿਆਂ ਨੂੰ ਸਮਾਜਕ ਸਿੱਖਿਆ ਦੇ ਨਾਲ-ਨਾਲ ਧਾਰਮਿਕ ਸਿੱਖਿਆ ਦਿਵਾਉਣੀ ਵੀ ਅਤੀ ਜ਼ਰੂਰੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਅਤੇ ਆਪਣੇ ਬੱਚਿਆਂ ਨੂੰ ਵੀ ਰਹਿਤ ਮਰਯਾਦਾ ਦੇ ਜਾਣਕਾਰੀ ਦੇ ਕੇ ਗੁਰੂ ਵਾਲੇ ਬਣਾਉਣ।

ਇਸ ਮੌਕੇ ਸ. ਸ਼ਮਸ਼ੇਰ ਸਿੰਘ ਪੱਧਰੀ, ਭਾਈ ਮਨਜੀਤ ਸਿੰਘ ਮਾਣਕ ਕਵੀਸ਼ਰ, ਪ੍ਰਚਾਰਕ ਭਾਈ ਸੁਰਜੀਤ ਸਿੰਘ ਸਭਰਾ, ਭਾਈ ਬਲਵਿੰਦਰ ਸਿੰਘ, ਭਾਈ ਰਣਜੋਧ ਸਿੰਘ, ਭਾਈ ਸਤਭਾਗ ਸਿੰਘ, ਭਾਈ ਕ੍ਰਿਪਾਲ ਸਿੰਘ, ਭਾਈ ਗੁਰਸੇਵਕ ਸਿੰਘ, ਭਾਈ ਮੇਹਰ ਸਿੰਘ, ਭਾਈ ਗੁਰਸਾਹਿਬ ਸਿੰਘ, ਭਾਈ ਲਿਆਕਤ ਸਿੰਘ ਲਾਡੀ, ਭਾਈ ਕਾਬਲ ਸਿੰਘ ਕੌਲੋਵਾਲ, ਭਾਈ ਗੁਰਜੀਤ ਸਿੰਘ, ਭਾਈ ਰਾਜਬੀਰ ਸਿੰਘ ਪੱਧਰੀ ਆਦਿ ਹਾਜ਼ਰ ਸਨ।

# ਪਿੰਡ ਚੱਕ ਮਹਿਮਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 149 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਡੇਰਾ ਬਾਬਾ ਨਾਨਕ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਜਾ ਰਹੇ ਅੰਮ੍ਰਿਤ ਸੰਚਾਰ ਸਮਾਗਮਾਂ ਦੀ ਲੜੀ ਤਹਿਤ 21 ਜੁਲਾਈ ਨੂੰ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਚੱਕ ਮਹਿਮਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਭਾਈ ਸੁਖਵਿੰਦਰ ਸਿੰਘ ਅਗਵਾਨ ਦੀ ਅਗਵਾਈ ਵਿੱਚ ਗੁਰਦੁਆਰਾ ਬਾਬਾ ਮਹਿਮਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਬਾਬਾ ਮਹਿਮਾ ਸਾਹਿਬ ਜੀ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 149 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਇਸ ਮੌਕੇ ਤੇ ਪੰਜ ਪਿਆਰੇ ਸਾਹਿਬਾਨ ਸ੍ਰੀ ਅਕਾਲ ਤਖਤ ਸਹਿਬ ਤੋਂ ਪਹੁੰਚੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਸ. ਰਣਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ, ਭਾਈ ਜਗਦੀਪ ਸਿੰਘ ਪ੍ਰਚਾਰਕ, ਭਾਈ ਹਿੰਮਤਬੀਰ ਸਿੰਘ ਪ੍ਰਚਾਰਕ, ਭਾਈ ਅਵਤਾਰ ਸਿੰਘ ਕਵੀਸ਼ਰ, ਭਾਈ ਖਜਾਨ ਸਿੰਘ ਕਵੀਸ਼ਰ, ਭਾਈ ਬਲਜਿੰਦਰ ਸਿੰਘ ਕਵੀਸ਼ਰ, ਭਾਈ ਕੁਲਵੰਤ ਸਿੰਘ ਕਵੀਸ਼ਰ ਅਤੇ ਭਾਈ ਸੁਖਵਿੰਦਰ ਸਿੰਘ ਕਵੀਸ਼ਰ ਨੇ ਹਾਜ਼ਰੀ ਭਰੀ।

# ਪਿੰਡ ਕਾਠਗੜ੍ਹ ਵਿਖੇ ਬੱਚਿਆਂ ਦਾ ਗੁਰਮਤਿ ਕੈਂਪ ਲਗਾਇਆ



- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਹਲਕਿਆਂ ਦੇ ਪਿੰਡਾਂ ਅੰਦਰ ਬੱਚਿਆਂ ਲਈ ਗੁਰਮਤਿ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਤਹਿਤ ਪਿੰਡ ਕਾਠਗੜ੍ਹ ਵਿਖੇ ਛੋਟੇ ਬੱਚਿਆਂ ਲਈ ਗੁਰਮਤਿ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਨਾਮ ਸਿੰਘ ਵੱਲੋਂ ਬੱਚਿਆਂ ਨੂੰ ਸਮਾਜ ਅੰਦਰ ਫੈਲੀਆਂ ਕੁਰੀਤੀਆਂ ਤੋਂ ਜਾਗਰੂਕ ਕੀਤਾ ਤਾਂ ਜੋ ਇਹ ਛੋਟੇ ਬੱਚੇ ਇਨ੍ਹਾਂ ਕੁਰੀਤੀਆਂ ਤੋਂ ਬਚ ਸਕਣ। ਕੈਂਪ ਵਿਚ ਬੱਚਿਆਂ ਨੂੰ ਕਈ ਧਾਰਮਿਕ ਵਿਸ਼ਿਆਂ ਜਿਵੇਂ ਕਿ ਜਪੁ ਜੀ ਸਾਹਿਬ ਦੀ ਬਾਣੀ, ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ, ਛਬੀਲ ਕਿਉਂ ਲਗਾਈ ਜਾਂਦੀ ਹੈ, ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਕੀ ਪ੍ਰੇਰਨਾ ਮਿਲਦੀ ਹੈ ਆਦਿ ਸਬੰਧੀ ਬੱਚਿਆਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਬੱਚਿਆਂ ਨਾਲ ਸਵਾਲ-ਜਵਾਬ ਵੀ ਇਨ੍ਹਾਂ ਵਿਸ਼ਿਆਂ ਸਬੰਧੀ ਕੀਤੇ ਗਏ। ਬੱਚਿਆਂ ਅੰਦਰ ਕੈਂਪ ਪ੍ਰਤੀ ਕਾਫੀ ਉਤਸ਼ਾਹ ਪਾਇਆ ਗਿਆ ਕਿਉਂਕਿ ਇਸ ਕੈਂਪ ਨੂੰ ਛੋਟੇ ਬੱਚਿਆਂ ਲਈ ਰੌਚਕ ਬਣਾਉਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਚਾਰਕਾਂ ਨੂੰ ਵਿਸ਼ੇਸ਼ ਹਿਦਾਇਤਾ ਦਿੱਤੀਆਂ ਗਈਆਂ ਹਨ ਅਤੇ ਪ੍ਰਚਾਰਕ ਸਾਹਿਬਾਨ ਵੀ ਪੂਰੀ ਮਿਹਨਤ ਨਾਲ ਕੈਂਪਾਂ ਨੂੰ ਸਫਲ ਬਣਾ ਰਹੇ ਹਨ।

ਇਸ ਮੌਕੇ ਸ. ਕੁਲਦੀਪ ਸਿੰਘ ਪਠਾਨਕੋਟ, ਸ. ਕੁਲਦੀਪ ਸਿੰਘ ਬੈਂਸ, ਸ. ਦਲਜੀਤ ਸਿੰਘ ਮਾਹੀਚੱਕ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਇਸ ਸਮੇਂ ਸ. ਕੁਲਦੀਪ ਸਿੰਘ ਪਠਾਨਕੋਟ ਤੇ ਸ. ਜਸਬੀਰ ਸਿੰਘ ਕਾਠਗੜ੍ਹ ਵੱਲੋਂ ਬੱਚਿਆਂ ਲਈ ਇਨਾਮ ਅਤੇ ਰਾਸ਼ੀ ਦਾ ਸਹਿਯੋਗ ਦਿੱਤਾ ਗਿਆ।

ਇਸ ਮੌਕੇ ਸ. ਹਰਦੇਵ ਸਿੰਘ ਕਾਠਗੜ੍ਹ, ਸ. ਗਗਨਦੀਪ ਸਿੰਘ ਗੰਜ਼ੀ, ਧਾਰਮਿਕ ਅਧਿਆਪਕਾ ਬੀਬੀ ਬਲਜੀਤ ਕੌਰ ਬੈਂਸ, ਗ੍ਰੰਥੀ ਰਾਜ ਸਿੰਘ ਥੰਮਨ ਸਮੇਤ ਸੰਗਤਾਂ ਹਾਜ਼ਰ ਸਨ।

# ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿਚ ਨਗਰ ਚੀਮਾ ਵਿਖੇ ਹੋਇਆ ਸ਼ਹੀਦੀ ਸਮਾਗਮ

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤਾ ਗਿਆ ਫ਼ੌਜੀ ਹਮਲਾ ਭੁਲਾਇਆ ਨਹੀਂ ਜਾ ਸਕਦਾ- ਭਾਈ ਲੌਂਗੋਵਾਲ



ਸੰਗਰੂਰ, 22 ਜੁਲਾਈ- ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਮੇਂ ਦੀ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ/ਸਿੰਘਣੀਆਂ ਦੀ ਯਾਦ ਵਿਚ ਗੁਰਦੁਆਰਾ ਨਾਨਕਸਰ ਸਾਹਿਬ ਚੀਮਾ (ਸੰਗਰੂਰ) ਵਿਖੇ ਸ਼ਹੀਦੀ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਿਰਕਤ ਕੀਤੀ।

ਦੱਸਣਯੋਗ ਹੈ ਕਿ ਜੂਨ 1984 'ਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਕੀਤੇ ਗਏ ਹਮਲੇ ਦੌਰਾਨ ਇਸ ਨਗਰ (ਚੀਮਾ) ਦੇ ਵੀ ਕੁਝ ਸਿੰਘ ਸ਼ਹੀਦ ਹੋਏ ਸਨ। ਇਸ ਤੋਂ ਇਲਾਵਾ 14 ਫੱਟੜ ਹੋ ਗਏ ਸਨ ਅਤੇ 79 ਸਿੰਘ/ਸਿੰਘਣੀਆਂ ਨੂੰ ਜ਼ੇਲ੍ਹ ਵੀ ਕੱਟਣੀ ਪਈ।

ਸ਼ਹੀਦੀ ਸਮਾਗਮ ਮੌਕੇ ਬੋਲਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤਾ ਗਿਆ ਫ਼ੌਜੀ ਹਮਲਾ ਸਮੇਂ ਦੀ ਕੇਂਦਰ ਹਕੂਮਤ ਦਾ ਬੇਹੱਦ ਘਟੀਆ ਕਾਰਾ ਸੀ, ਜਿਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ/ਸਿੰਘਣੀਆਂ ਸਿੱਖ ਕੌਮ ਦਾ ਮਾਣ ਹਨ ਅਤੇ ਇਨ੍ਹਾਂ ਦਾ ਜਿੰਨਾ ਵੀ ਸਤਿਕਾਰ ਕੀਤਾ ਜਾਵੇ ਉਹ ਘੱਟ ਹੈ। ਉਨ੍ਹਾਂ ਇਸ ਮੌਕੇ ਨਗਰ ਚੀਮਾ ਦੇ ਸ਼ਹੀਦਾਂ ਦੇ ਪਰਿਵਾਰਾਂ ਅਤੇ ਹੋਰ ਸਿਤਮ ਝੱਲਣ ਵਾਲੀਆਂ ਸੰਗਤਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਉਦੈ ਸਿੰਘ ਲੌਂਗੋਵਾਲ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

# ਪਿੰਡ ਜੌੜਸਿੰਘਵਾਲਾ ਤਹਿਸੀਲ ਪੱਟੀ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ



ਪੱਟੀ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸੁਖਵਰਸ ਸਿੰਘ ਪੰਨੂ ਮੈਂਬਰ ਧਰਮ ਪ੍ਰਚਾਰ ਕਮੇਟੀ ਅਤੇ ਬੀਬੀ ਹਰਜਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਵਿਸ਼ੇਸ ਸਹਿਯੋਗ ਸਦਕਾ ਪਿੰਡ ਜੌੜਸਿੰਘਵਾਲਾ ਤਹਿ ਪੱਟੀ ਜ਼ਿਲ੍ਹਾ ਤਰਨ ਤਾਰਨ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। 11 ਜੁਲਾਈ ਤੋਂ 15 ਜੁਲਾਈ ਤੱਕ ਲਗਾਏ ਗਏ ਇਸ ਗੁਰਮਤਿ ਸਿਖਲਾਈ ਕੈਂਪ ਵਿੱਚ 100 ਤੋਂ ਵੱਧ ਬੱਚਿਆ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਦਿਲਬਾਗ ਸਿੰਘ ਸਭਰਾ, ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਗੁਰਬਚਨ ਸਿੰਘ ਕਲਸੀਆਂ, ਭਾਈ ਦਲਬੀਰ ਸਿੰਘ ਕਵੀਸ਼ਰ ਜੋੜਸਿੰਘਵਾਲਾ ਨੇ ਗੁਰਇਤਿਹਾਸ, ਸਿੱਖ ਇਤਿਹਾਸ, ਸਿੱਖ ਰਹਿਤ ਮਰਯਾਦਾ, ਗੁਰਬਾਣੀ ਦੀ ਸੰਥਿਆ ਅਤੇ ਵਾਤਾਵਰਣ ਨੂੰ ਸੰਭਾਲਣ ਦੀ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਡਲ, ਪਾਂਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਪਿੰਡ ਦੀ ਪੰਚਾਇਤ ਅਤੇ ਸਮੂਹ ਸੰਗਤਾਂ ਵਲੋਂ ਭਰਪੂਰ ਸ਼ਲਾਘਾ ਕੀਤੀ।

# ਹਲਕਾ ਲੰਬੀ ਦੇ ਪਿੰਡ ਮਿੱਡੂ ਖੇੜਾ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ





ਲੰਬੀ- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸ. ਬਿੱਕਰ ਸਿੰਘ ਚੰਨੂ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੇ ਸਹਿਯੋਗ ਨਾਲ ਹਲਕਾ ਲੰਬੀ ਦੇ ਪਿੰਡ ਮਿੱਡੂ ਖੇੜਾ ਵਿਖੇ ਅੰਮ੍ਰਿਤ ਵੇਲੇ ਦੀ ਪ੍ਰਭਾਤ ਫੇਰੀ ਉਪਰੰਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਸਮੇਂ ਸ. ਬਿੱਕਰ ਸਿੰਘ ਚੰਨੂ ਜੂਨੀਅਰ ਮੀਤ ਪ੍ਰਧਾਨ, ਜਥੇਦਾਰ ਅਵਤਾਰ ਸਿੰਘ ਵਣਵਾਲਾ ਮੈਂਬਰ ਸ਼੍ਰੋਮਣੀ ਕਮੇਟੀ ਤੇ ਸ. ਭੋਲਾ ਸਿੰਘ ਹੀਰੇਵਾਲਾ ਇੰਚਾਰਜ ਮਾਲਵਾ ਜੋਨ ਨੇ ਵੀ ਵਿਸ਼ੇਸ ਤੌਰ ਤੇ ਹਾਜ਼ਰੀ ਭਰੀ। 10 ਜੁਲਾਈ ਨੂੰ ਕਰਵਾਏ ਗਏ ਇਸ ਸਮਾਗਮ ਸਮੇਂ ਸਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਧਰਮ ਪ੍ਰਚਾਰ ਕਮੇਟੀ ਦੇ ਸੀਨੀਅਰ ਪ੍ਰਚਾਰਕ ਤੇ ਮਾਝਾ ਜੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਤੇ ਚਾਨਣਾ ਪਾਇਆ। ਉਨ੍ਹਾਂ ਨੇ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੁੜ੍ਹਕੇ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਨਾ ਕੀਤੀ।

ਇਸ ਮੌਕੇ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ, ਭਾਈ ਦਲਜੀਤ ਸਿੰਘ ਵਛੋਆ ਢਾਡੀ ਜਥਾ, ਕਵੀਸ਼ਰ ਭਾਈ ਤਰਸੇਮ ਸਿੰਘ ਮੰਡ, ਕਵੀਸ਼ਰ ਭਾਈ ਜਸਪਾਲ ਸਿੰਘ ਮਾਹਣੀਖੇੜਾ, ਪ੍ਰਚਾਰਕ ਭਾਈ ਜਸਪ੍ਰੀਤ ਸਿੰਘ, ਭਾਈ ਜਗਤਾਰ ਸਿੰਘ ਜੋੜਕੀਆਂ, ਭਾਈ ਇੰਦਰਜੀਤ ਸਿੰਘ, ਭਾਈ ਜਗਜੀਤ ਸਿੰਘ ਪੰਜਾਵਾ, ਭਾਈ ਲਵਪ੍ਰੀਤ ਸਿੰਘ ਦਾਤੇਵਾਲ ਤੇ ਭਾਈ ਕੁਲਦੀਪ ਸਿੰਘ ਬਠਿੰਡਾ ਨੇ ਵੀ ਹਾਜ਼ਰੀ ਭਰੀ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਅੰਮ੍ਰਿਤ ਸੰਚਾਰ ਸਮਾਗਮ ਸਮੇਂ 60 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

ਹਮੇਸ਼ਾ ਦੀ ਤਰ੍ਹਾਂ ਅੰਮ੍ਰਿਤ ਅਭਿਲਾਖੀ ਪ੍ਰਾਣੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਮਾਗਮ ਦੌਰਾਨ ਪ੍ਰਚਾਰਕ ਸਿੰਘਾਂ ਵੱਲੋਂ ਕੀਤੀ ਪ੍ਰੇਰਨਾ ਸਦਕਾ 50 ਨੌਜਵਾਨਾਂ ਅਤੇ ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ।

# ਜੈ ਸਿੰਘ ਵਾਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਬਠਿੰਡਾ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਅਮਰੀਕ ਸਿੰਘ ਕੋਟ ਸਮੀਰ ਦੀ ਅਗਵਾਈ ਹੇਠ ਪਿੰਡ ਜੈ ਸਿੰਘ ਵਾਲਾ ਵਿਖੇ ਬੱਚਿਆਂ ਦਾ ਗੁਰਮਤਿ ਸਿਖਿਲਾਈ ਕੈਂਪ ਲਗਾਇਆ ਗਿਆ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਬੱਚਿਆਂ ਦੇ ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅੰਮ੍ਰਿਤਪਾਲ ਸਿੰਘ ਚੈਨੇਵਾਲੀਆ ਅਤੇ ਭਾਈ ਗੁਰਦੇਵ ਸਿੰਘ ਮੁਕਤਸਰ ਸਾਹਿਬ ਨੇ ਬੱਚਿਆਂ ਨੂੰ ਗੁਰਬਾਣੀ, ਗੁਰਇਤਿਹਾਸ, ਸਿੱਖ ਰਹਿਤ ਮਰਿਯਾਦਾ ਤੇ ਗੁਰਮਤਿ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿਚ 132 ਬੱਚਿਆਂ ਨੇ ਭਾਗ ਲਿਆ। ਕੈਂਪ ਦੇ ਸਮਾਪਤੀ ਸਮਾਗਮ ਸਮੇਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 23 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਸੰਚਾਰ ਸਮਾਗਮ ਸਮੇਂ ਪੰਜ ਪਿਆਰੇ ਸਾਹਿਬਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਸਮਾਗਮ ਸਮੇਂ ਵਿਸ਼ੇਸ ਤੌਰ ਤੇ ਪਹੁੰਚੇ ਭਾਈ ਅਮਰੀਕ ਸਿੰਘ ਕੋਟ ਸ਼ਮੀਰ ਅੰਤ੍ਰਿੰਗ ਕਮੇਟੀ ਮੈਂਬਰ ਨੇ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਗੁਰੂ ਵਾਲੇ ਬਣਨ 'ਤੇ ਵਧਾਈ ਦਿੱਤੀ। ਨਾਲ ਹੀ ਉਨ੍ਹਾਂ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

## 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤ ਲਈ ਸ਼੍ਰੋਮਣੀ ਕਮੇਟੀ ਕਰੇਗੀ ਵਿਸ਼ੇਸ਼ ਪ੍ਰਬੰਧ

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਤਾਬਦੀ ਸਬੰਧੀ ਸਮਾਗਮਾਂ ਨੂੰ ਲੈ ਕੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਸਮਾਗਮਾਂ ਦੀ ਰੂਪ-ਰੇਖਾ, ਰਿਹਾਇਸ਼ ਅਤੇ ਪਾਰਕਿੰਗ ਆਦਿ ਦੇ ਪ੍ਰਬੰਧਾਂ ਬਾਰੇ ਚਰਚਾ ਕੀਤੀ। ਭਾਈ ਲੌਂਗੋਵਾਲ ਅਨੁਸਾਰ 550ਵੇਂ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਪ੍ਰਬੰਧ ਕੀਤੇ ਜਾਣਗੇ। ਇਸ ਸਬੰਧੀ ਸੰਗਤ ਦੀ ਰਿਹਾਇਸ਼ ਨੂੰ ਲੈ ਕੇ ਸਕੂਲਾਂ/ਕਾਲਜਾਂ, ਪੈਲਸਾਂ ਨਾਲ ਸੰਪਰਕ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਸੁਲਤਾਨਪੁਰ ਲੋਧੀ ਅਤੇ ਨਾਲ ਲਗਦੇ ਨਗਰਾਂ ਅਤੇ ਪਿੰਡਾਂ ਦੀਆਂ ਸੰਗਤਾਂ ਨੂੰ ਘਰਾਂ ਅੰਦਰ ਸੰਗਤ ਦੇ ਠਹਿਰਾਉਂ ਲਈ ਪ੍ਰੇਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਰ ਪੱਧਰ 'ਤੇ ਇਸ ਇਤਿਹਾਸਕ ਮੌਕੇ ਨੂੰ ਯਾਦਗਾਰੀ ਬਣਾਉਣ ਲਈ ਯਤਨਸ਼ੀਲ ਹੈ।

### ਸ਼੍ਰੋਮਣੀ ਕਮੇਟੀ ਨੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਪਹਿਲਾ ਇਨਾਮੀ ਕਵੀ ਦਰਬਾਰ' ਕਰਵਾਇਆ

# ਸ਼੍ਰੋਮਣੀ ਕਮੇਟੀ ਵੱਲੋਂ ਇਨਾਮੀ ਕਵੀ ਦਰਬਾਰਾਂ ਦਾ ਸਿਲਸਿਲਾ ਸ਼ਲਾਘਾਯੋਗ ਉਪਰਾਲਾ- ਗਿਆਨੀ ਰਘਬੀਰ ਸਿੰਘ

ਸ੍ਰੀ ਕੀਰਤਪੁਰ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਵਿਸ਼ਵ ਦੇ ਸਰਬਸਾਂਝੇ ਰਹਿਬਰ ਅਤੇ ਮਹਾਨ ਸਮਾਜ ਸੁਧਾਰਕ ਸਨ। ਉਨ੍ਹਾਂ ਨੇ ਲੋਕਾਈ ਦੇ ਦੁੱਖਾਂ-ਦਰਦਾਂ ਨੂੰ ਸਮਝ ਕੇ ਆਪਣੀ ਬਾਣੀ ਅੰਦਰ ਮਨੁੱਖੀ ਜੀਵਨ ਨੂੰ ਸਾਵਾਂ ਪੱਧਰਾ ਤੇ ਸੁਖਦਾਈ ਬਣਾਉਣ ਲਈ ਮਾਰਗ ਦਰਸਾਇਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਇਥੇ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਪਹਿਲੇ ਇਨਾਮੀ ਕਵੀ ਦਰਬਾਰ ਮੌਕੇ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਮਨਾਉਦਿਆਂ ਕਵੀ ਦਰਬਾਰਾਂ ਦੀ ਲੜੀ ਸ਼੍ਰੋਮਣੀ ਕਮੇਟੀ ਦਾ ਸ਼ਲਾਘਾਯੋਗ ਉਪਰਾਲਾ ਹੈ, ਜੋ ਸਮਾਜਿਕ ਸਰੋਕਾਰਾਂ ਅਤੇ ਮਨੁੱਖੀ ਹੱਕਾਂ ਨੂੰ ਸਮਰਪਿਤ ਮਿਆਰੀ ਕਵੀਆਂ ਨੂੰ ਉਤਸ਼ਾਹਿਤ ਕਰੇਗਾ। ਇਸ ਉਪਰਾਲੇ ਲਈ ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸ਼ਲਾਘਾ ਕੀਤੀ।




ਇਸ ਪਹਿਲੇ ਇਨਾਮੀ ਕਵੀ ਦਰਬਾਰ ਵਿਚ ਵੱਖ-ਵੱਖ ਥਾਵਾਂ ਤੋਂ ਆਏ 31 ਪ੍ਰਮੁੱਖ ਕਵੀਆਂ ਨੇ ਆਪਣੀਆਂ ਕਵਿਤਾਵਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਅਤੇ ਗੁਰੂ ਸਾਹਿਬ ਵਲੋਂ ਕੀਤੇ ਸਮਾਜ ਦੇ ਬਹੁਪੱਖੀ ਸੁਧਾਰਾਂ ਅਤੇ ਅਜੋਕੇ ਸਮੇਂ ਦੀਆਂ ਸਮਾਜਿਕ ਕੁਰੀਤੀਆਂ ਨੂੰ ਆਪਣੇ ਕਾਵਿ ਅੰਦਾਜ਼ ਵਿਚ ਬਿਆਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰਾਨ ਭਾਈ ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸੁਰਿੰਦਰ ਸਿੰਘ, ਡਾ. ਦਿਲਜੀਤ ਸਿੰਘ ਭਿੰਡਰ, ਅਜਮੇਰ ਸਿੰਘ ਖੇੜਾ, ਮਨਜੀਤ ਸਿੰਘ ਬੱਧੀਆਣਾ ਤੇ ਕਵੀ ਦਰਬਾਰ ਦੇ ਕੋਆਰਡੀਨੇਟਰ ਪ੍ਰੋ. ਸੁਖਦੇਵ ਸਿੰਘ ਨੇ ਕਵੀਆਂ ਨੂੰ 3100-3100 ਰੁਪਏ ਉਤਸ਼ਾਹੀ ਇਨਾਮ ਵਜੋਂ ਦੇ ਕੇ ਨਿਵਾਜਿਆ। ਕਵੀ ਦਰਬਾਰ ਦੌਰਾਨ ਸਕਰੀਨਿੰਗ ਕਮੇਟੀ ਵਿਚ ਸ. ਕਰਨੈਲ ਸਿੰਘ ਪੰਛੀ, ਨਰਿੰਦਰ ਕੌਰ ਸਾਬਕਾ ਪ੍ਰਿੰਸੀਪਲ, ਡਾ. ਚਰਨਕਮਲ ਸਿੰਘ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਮੁਖਤਾਰ ਸਿੰਘ ਜਫ਼ਰ ਨੇ ਭੂਮਿਕਾ ਨਿਭਾਈ, ਜਦਕਿ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਵੀ ਦਰਬਾਰਾਂ ਦੀ ਸਬ-ਕਮੇਟੀ ਦੇ ਮੈਂਬਰ ਪ੍ਰੋ. ਗੁਰਭਜਨ ਸਿੰਘ ਗਿੱਲ, ਸੁਰਜੀਤ ਸਿੰਘ ਪਾਤਰ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਮਨਜੀਤ ਸਿੰਘ ਬੱਧੀਆਣਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਜਸਬੀਰ ਸਿੰਘ ਅਤੇ ਕੋਆਰਡੀਨੇਟਰ ਪ੍ਰਿੰਸੀਪਲ ਸੁਖਦੇਵ ਸਿੰਘ ਨੇ ਪਹਿਲੇ ਇਨਾਮੀ ਕਵੀ ਦਰਬਾਰ ਵਿਚ ਵੱਖ-ਵੱਖ ਕਵੀਆਂ ਵਲੋਂ ਪੇਸ਼ ਕੀਤੀਆਂ ਗਈਆਂ ਕਵਿਤਾਵਾਂ ਕਾਵਿ-ਸ਼ੈਲੀ ਅਤੇ ਵਿਸ਼ਾ ਪੱਖ ਤੋਂ ਗੁਣਵੱਤਾ ਦੇ ਆਧਾਰ 'ਤੇ ਗਰੇਡਿੰਗ ਕੀਤੀ।

ਇਸ ਦੌਰਾਨ ਕੋਆਰਡੀਨੇਟਰ ਸ. ਸੁਖਦੇਵ ਸਿੰਘ ਨੇ ਦੱਸਿਆ ਕਿ ਇਸ ਦੋਆਬਾ ਜੋਨ ਕਵੀ ਦਰਬਾਰ ਮਗਰੋਂ ਮਾਝਾ ਜੋਨ ਦਾ 'ਦੂਜਾ ਇਨਾਮੀ ਕਵੀ ਦਰਬਾਰ' 25 ਅਗਸਤ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਅਤੇ ਮਾਲਵਾ ਜੋਨ ਦਾ 'ਤੀਜਾ ਇਨਾਮੀ ਕਵੀ ਦਰਬਾਰ' 29 ਸਤੰਬਰ ਨੂੰ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ (ਸੰਗਰੂਰ) ਵਿਖੇ ਹੋਵੇਗਾ। ਇਨ੍ਹਾਂ ਤਿੰਨਾਂ ਕਵੀ ਦਰਬਾਰਾਂ ਵਿਚੋਂ ਚੁਣੇ ਗਏ ਕਵੀਆਂ ਦੀ ਪੇਸ਼ਕਾਰੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੇ ਮੁੱਖ ਸਮਾਗਮ ਮੌਕੇ ਸੁਲਤਾਨਪੁਰ ਲੋਧੀ ਵਿਖੇ 9 ਨਵੰਬਰ ਨੂੰ 'ਧੰਨ ਨਾਨਕ ਤੇਰੀ ਵਡੀ ਕਮਾਈ' ਸਿਰਲੇਖ ਹੇਠ ਹੋਣ ਵਾਲੇ ਇਨਾਮੀ ਕਵੀ ਦਰਬਾਰ ਦੇ ਫ਼ਾਈਨਲ ਮੁਕਾਬਲਿਆਂ ਵਿਚ ਕਰਵਾਈ ਜਾਵੇਗੀ, ਜਿਸ ਵਿਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਕਵੀ ਦਰਬਾਰਾਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ। ਇਸ ਤੋਂ ਪਹਿਲਾਂ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਪ੍ਰਕਾਸ਼ ਅਸਥਾਨ ਸ਼ੀਸ਼ ਮਹਿਲ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਕੀਰਤ ਸਿੰਘ ਅਤੇ ਭਾਈ ਮੁਖ਼ਤਿਆਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਇਸ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਫੂਲਾ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਜਸਵੀਰ ਸਿੰਘ, ਮੀਤ ਮੈਨੇਜਰ ਸ. ਬਲਵਿੰਦਰ ਸਿੰਘ, ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਮੁਖੀ ਬਾਬਾ ਲਾਭ ਸਿੰਘ, ਐਡਵੋਕੇਟ ਹਰਦੇਵ ਸਿੰਘ, ਬਾਬਾ ਜਰਨੈਲ ਸਿੰਘ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਅਤੇ ਬਾਬਾ ਚਰਨਜੀਤ ਸਿੰਘ ਊਨਾ ਵਾਲੇ ਵੀ ਹਾਜ਼ਰ ਸਨ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਪ੍ਰਕਾਸ਼ ਦਾ ਵਿਸ਼ੇਸ਼ ਅੰਕ ਜਾਰੀ



ਅੰਮ੍ਰਿਤਸਰ, 19 ਜੁਲਾਈ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਜੀਵਨ ਦਰਸ਼ਨ ਨੂੰ ਸੰਗਤ ਤੱਕ ਪਹੁੰਚਾਉਣ ਲਈ ਕਾਰਜ ਆਰੰਭੇ ਗਏ ਹਨ। ਇਸ ਤਹਿਤ ਜਿਥੇ ਵਿਸ਼ੇਸ਼ ਕਿਤਾਬਾਂ ਪ੍ਰਕਾਸ਼ਤ ਕਰਨ ਦੀ ਵਿਉਂਤਬੰਦੀ ਕੀਤੀ ਗਈ ਹੈ, ਉਥੇ ਹੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਮੈਗਜ਼ੀਨ 'ਗੁਰਮਤਿ ਪ੍ਰਕਾਸ਼' ਦੇ ਵਿਸ਼ੇਸ਼ ਅੰਕ ਵੀ ਤਿਆਰ ਕੀਤੇ ਜਾ ਰਹੇ ਹਨ। ਇਸ ਦਾ ਪਹਿਲਾ ਵਿਸ਼ੇਸ ਅੰਕ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਕੀਤਾ ਹੈ। ਜੁਲਾਈ 2019 ਦੇ ਇਸ ਵਿਸ਼ੇਸ਼ ਅੰਕ ਵਿਚ 25 ਖੋਜ ਭਰਪੂਰ ਲੇਖ ਸ਼ਾਮਲ ਹਨ। ਇਸ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਕੁਝ ਕਵਿਤਾਵਾਂ ਵੀ ਇਸ ਦਾ ਹਿੱਸਾ ਹਨ।

ਪਹਿਲਾ ਵਿਸ਼ੇਸ਼ ਅੰਕ ਜਾਰੀ ਕਰਨ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ, ਉਨ੍ਹਾਂ ਦੀ ਵਿਚਾਰਧਾਰਾ ਅਤੇ ਉਨ੍ਹਾਂ ਨਾਲ ਸਬੰਧਤ ਹੋਰ ਸਰੋਕਾਰਾਂ ਸਬੰਧੀ ਖੋਜ ਕਾਰਜ ਕਰਵਾ ਕੇ ਸੰਗਤਾਂ ਤੱਕ ਪਹੁੰਚਾਉਣ ਲਈ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਕੁਝ ਵਿਸ਼ੇਸ਼ ਪੁਸਤਕਾਂ ਤਿਆਰ ਕਰਵਾਈਆਂ ਜਾ ਰਹੀਆਂ ਹਨ। ਇਹ ਪੁਸਤਕਾਂ ਵੱਖ-ਵੱਖ ਭਸ਼ਾਵਾਂ ਵਿਚ ਹੋਣਗੀਆਂ। ਇਸ ਦੇ ਨਾਲ ਹੀ ਮਾਸਿਕ ਪਰਚੇ 'ਗੁਰਮਤਿ ਪ੍ਰਕਾਸ਼' ਦੇ ਕੁਝ ਵਿਸ਼ੇਸ਼ ਅੰਕ ਪ੍ਰਕਾਸ਼ਤ ਕਰਕੇ ਸੰਗਤ ਤੱਕ ਭੇਜੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਅੰਕਾਂ ਦੀ ਸ਼ੁਰੂਆਤ ਜੁਲਾਈ ਮਹੀਨੇ ਤੋਂ ਕਰ ਦਿੱਤੀ ਗਈ ਹੈ ਅਤੇ ਅਗਲੇ ਮਹੀਨਿਆਂ ਦੌਰਾਨ ਇਸੇ ਲੜੀ ਤਹਿਤ ਹੋਰ ਵਿਸ਼ੇਸ਼ ਅੰਕ ਪਾਠਕਾਂ ਦੇ ਹੱਥਾਂ ਵਿਚ ਹੋਣਗੇ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਜਾਰੀ ਕੀਤੇ ਗਏ ਵਿਸ਼ੇਸ਼ ਅੰਕ ਵਿਚ ਗੁਰੂ ਨਾਨਕ ਸਾਹਿਬ ਨਾਲ ਸਬੰਧਤ ਹਰ ਪੱਖ ਨੂੰ ਉਭਾਰਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਰਚੇ ਦੇ ਸੰਪਾਦਕ ਸ. ਸਤਵਿੰਦਰ ਸਿੰਘ ਫੂਲਪੁਰ ਨੇ ਮਿਹਨਤ ਨਾਲ ਇਹ ਅੰਕ ਤਿਆਰ ਕੀਤਾ ਹੈ ਕਿਉਂਕਿ ਇਕ ਹੀ ਵਿਸ਼ੇ 'ਤੇ ਵੱਖ-ਵੱਖ ਵਿਦਵਾਨਾਂ ਪਾਸੋਂ ਖੋਜ ਕਾਰਜ ਕਰਵਾ ਕੇ ਸੰਗ੍ਰਹਿਤ ਕਰਨੇ ਕਠਨ ਕਾਰਜ ਹੁੰਦਾ ਹੈ। ਵਿਸ਼ੇਸ਼ ਅੰਕ ਜਾਰੀ ਕਰਨ ਸਮੇਂ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸੰਪਾਦਕ ਸ. ਸਤਵਿੰਦਰ ਸਿੰਘ ਫੂਲਪੁਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ 'ਚ ਚੰਗੇ ਨੰਬਰ ਲੈਣ ਵਾਲੀ ਪ੍ਰਵਾਸੀ ਬੱਚੀ 10 ਹਜ਼ਾਰ ਰੁਪਏ ਨਾਲ ਸਨਮਾਨਿਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਸੀ ਪਰਿਵਾਰ ਦੀ ਲੜਕੀ ਆਰਤੀ ਨੂੰ ਸਿੱਖ ਧਰਮ ਸਬੰਧੀ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ 'ਧਾਰਮਿਕ ਪ੍ਰੀਖਿਆ' ਵਿੱਚੋਂ ਚੰਗੇ ਨੰਬਰ ਹਾਸਿਲ ਕਰਨ 'ਤੇ 10 ਹਜ਼ਾਰ ਰੁਪਏ ਦੀ ਰਾਸ਼ੀ ਦਾ ਚੈੱਕ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪ੍ਰਵਾਨ ਕੀਤੀ ਰਾਸ਼ੀ ਦਾ ਚੈੱਕ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਸਬੰਧਤ ਲੜਕੀ ਨੂੰ ਸੌਂਪਿਆ। ਉਨ੍ਹਾਂ ਦੱਸਿਆ ਕਿ ਸ੍ਰੀ ਅੰਮ੍ਰਿਤਸਰ ਦੀ ਸੰਧੂ ਕਲੋਨੀ ਛੇਹਰਟਾ ਵਿਖੇ ਰਹਿ ਰਹੇ ਸ੍ਰੀ ਵਿਨੋਦ ਕੁਮਾਰ ਦੀ ਲੜਕੀ ਆਰਤੀ ਨੇ ਪੰਜਾਬੀ ਸਿੱਖ ਕੇ ਧਰਮ ਪ੍ਰਚਾਰ ਕਮੇਟੀ ਦੀ ਧਾਰਮਿਕ ਪ੍ਰੀਖਿਆ ਦਿੱਤੀ ਅਤੇ ਚੰਗੇ ਨੰਬਰ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਕਿ ਗਰੀਬ ਪਰਿਵਾਰ ਦੀ ਇਸ ਬੱਚੀ ਦੀ ਪੰਜਾਬੀ ਅਤੇ ਸਿੱਖ ਧਰਮ ਪ੍ਰਤੀ ਜਾਨਣ ਦੀ ਰੁਚੀ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਇਸ ਨੂੰ 10 ਹਜ਼ਾਰ ਰੁਪਏ ਹੌਸਲਾ ਅਫ਼ਜ਼ਾਈ ਵੱਜੋਂ ਪ੍ਰਵਾਨ ਕੀਤੇ ਹਨ। ਇਸ ਮੌਕੇ ਬੱਚੀ ਦੇ ਪਰਿਵਾਰ ਨੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਵੀ ਮੌਜੂਦ ਸਨ।

# ਹਲਕਾ ਦਿੜ੍ਹਬਾ ਦੇ ਪਿੰਡ ਛਾਹੜ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ



ਦਿੜ੍ਹਬਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਲਕਾ ਦਿੜ੍ਹਬਾ ਦੇ ਪਿੰਡ ਛਾਹੜ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਨੂੰ ਆਯੋਜਤ ਕਰਨ ਲਈ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਹਰਦੇਵ ਸਿੰਘ ਰੋਗਲਾ ਵਿਸ਼ੇਸ਼ ਯੋਗਦਾਨ ਪਾਇਆ। ਇਸ ਕੈਂਪ ਵਿਚ 55 ਦੇ ਕਰੀਬ ਨੌਜਵਾਨਾਂ, ਬੱਚਿਆਂ ਅਤੇ ਮਾਈਆਂ ਨੇ ਭਾਗ ਲਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬੱਚਿਆਂ ਨੂੰ ਸਿੱਖ ਇਤਿਹਾਸ ਤੇ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਕਰਵਾਇਆ। ਭਾਈ ਅਮਰਜੀਤ ਸਿੰਘ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ। ਗੁਰਮਤਿ ਸਿਖਲਾਈ ਕੈਂਪ ਸਮੇਂ ਗੁਰਬਾਣੀ ਕੰਠ ਮੁਕਾਬਲੇ ਅਤੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਸੁੰਦਰ ਦਸਤਾਰ ਮੁਕਾਬਲਿਆਂ ਵਿਚ ਪਹਿਲਾ ਸਥਾਨ ਕਾਕਾ ਕੁਲਵਿੰਦਰ ਸਿੰਘ, ਦੂਜਾ ਸਥਾਨ ਕਾਕਾ ਭਾਲਵਿੰਦਰ ਸਿੰਘ ਤੇ ਤੀਜਾ ਸਥਾਨ ਕਾਕਾ ਹਰਜੀਤ ਸਿੰਘ ਨੇ ਪ੍ਰਾਪਤ ਕੀਤਾ। ਇਸ ਸਮੇਂ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਨੇ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਭਾਈ ਤਰਸੇਮ ਸਿੰਘ ਦੁਗਾਲ ਦੇ ਢਾਡੀ ਜੱਥੇ ਨੇ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਦੀਵਾਨ ਦੀ ਹਾਜ਼ਰੀ ਭਰਦਿਆਂ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਵਾਇਆ। ਇਸ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਦਾਨ ਭਾਈ ਬਲਵੰਤ ਸਿੰਘ, ਗ੍ਰੰਥੀ ਭਾਈ ਗਗਨਦੀਪ ਸਿੰਘ, ਭਾਈ ਰਾਮ ਸਿੰਘ, ਭਾਈ ਮਨਦੀਪ ਸਿੰਘ ਸਮੇਤ ਪਿੰਡ ਦੀ ਸੰਗਤ ਹਾਜ਼ਰ ਸੀ। ਪਿੰਡ ਵਾਸੀਆਂ ਨੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਵੀ ਕੀਤਾ।

## 1984 ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਜ਼ਮਾਨਤਾਂ 'ਤੇ ਮੁੜ ਵਿਚਾਰ ਕਰੇ ਸੁਪਰੀਮ ਕੋਰਟ-ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਹੈ ਕਿ 1984 ਦਾ ਸਿੱਖ ਕਤਲੇਆਮ ਅਣਮਨੁੱਖੀ ਕਰੂਰਕਾਰੇ ਦੀ ਸਿਖ਼ਰ ਸੀ ਅਤੇ ਇਸ ਦੇ ਦੋਸ਼ੀਆਂ ਨੂੰ ਜ਼ਮਾਨਤਾਂ ਮਿਲਣ ਨਾਲ ਪੀੜਤਾਂ ਨੂੰ ਮਾਨਸਿਕ ਠੇਸ ਪੁੱਜੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਦਿੱਲੀ ਦੇ ਤ੍ਰਿਲੋਕਪੁਰੀ ਇਲਾਕੇ ਨਾਲ ਸਬੰਧਤ ਸਿੱਖ ਕਤਲੇਆਮ ਦੇ ਇੱਕ ਮਾਮਲੇ 'ਚ ਹਾਈਕੋਰਟ ਵੱਲੋਂ ਦੋਸ਼ੀ ਕਰਾਰ ਦਿੱਤੇ ਗਏ ਵਿਅਕਤੀਆਂ ਨੂੰ ਸੁਪਰੀਮ ਕੋਰਟ ਵਿੱਚੋਂ ਜ਼ਮਾਨਤਾਂ ਮਿਲਣਾ ਅਫ਼ਸੋਸਨਾਕ ਹੈ ਅਤੇ ਇਸ ਬਾਰੇ ਮਾਨਯੋਗ ਉੱਚ ਅਦਾਲਤ ਨੂੰ ਮੁੜ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਪਹਿਲਾਂ ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਸਮੇਂ ਦੀ ਕਾਂਗਰਸ ਹਕੂਮਤ ਵੱਲੋਂ ਹਮਲਾ ਕਰਨਾ ਅਤੇ ਫਿਰ ਨਵੰਬਰ 1984 ਵਿਚ ਦਿੱਲੀ ਸਮੇਤ ਹੋਰਨਾਂ ਥਾਵਾਂ 'ਤੇ ਸਿੱਖ ਕਤਲੇਆਮ ਨੂੰ ਕੌਮ ਕਦੇ ਵੀ ਭੁਲਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ ਅਤੇ ਇਸ ਵਿਚ ਕਿਸੇ ਕਿਸਮ ਢਿੱਲ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਮਾਨਯੋਗ ਅਦਾਲਤਾਂ ਵੱਲੋਂ ਸਿੱਖਾਂ ਦੇ ਕਤਲੇਆਮ ਅਤੇ ਸਿੱਖਾਂ ਵਿਰੁੱਧ ਹੋਏ ਅੱਤਿਆਚਾਰ ਨੂੰ ਸਾਹਮਣੇ ਰੱਖ ਕੇ ਹੀ ਫੈਸਲਾ ਕਰਨਾ ਚਾਹੀਦਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦੋਸ਼ੀਆਂ ਨੂੰ ਜ਼ਮਾਨਤਾਂ ਮਿਲਣ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਮਾਹਿਰਾਂ ਨਾਲ ਵਿਚਾਰ ਕਰਕੇ ਅਗਲੀ ਕਾਰਵਾਈ ਕੀਤੀ ਜਾਵੇਗੀ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ਸਾਧਾਰਨ ਪਾਠ / ਅਖੰਡ ਪਾਠ ਦਾ ਅਰੰਭ

ਸਾਧਾਰਨ ਪਾਠ ਦੇ ਅਰੰਭ ਵੇਲੇ ਪ੍ਰਸ਼ਾਦਿ ਲਿਆ ਕੇ ਅਨੰਦ ਸਾਹਿਬ (ਛੇ ਪਉੜੀਆਂ) ਦਾ ਪਾਠ ਕਰ ਕੇ ਅਰਦਾਸ ਮਗਰੋਂ 'ਹੁਕਮ' ਲਿਆ ਜਾਵੇ। ਅਖੰਡ ਪਾਠ ਵੇਲੇ ਕੜਾਹ ਪ੍ਰਸ਼ਾਦਿ ਹੋਵੇ ਫੇਰ ਅਨੰਦ ਸਾਹਿਬ (ਛੇ ਪਉੜੀਆਂ) ਦਾ ਪਾਠ ਕਰਨ ਮਗਰੋਂ ਅਰਦਾਸ ਕਰ ਕੇ ਅਤੇ 'ਹੁਕਮ' ਲੈ ਕੇ ਪਾਠ ਦਾ ਆਰੰਭ ਕੀਤਾ ਜਾਵੇ।

### ਭੋਗ

ੳ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ (ਸਾਧਾਰਨ ਜਾਂ ਅਖੰਡ) ਦਾ ਭੋਗ ਮੁੰਦਾਵਣੀ ਉਤੇ ਜਾਂ ਰਾਗ ਮਾਲਾ ਪੜ੍ਹ ਕੇ ਚੱਲਦੀ ਸਥਾਨਕ ਰੀਤੀ ਅਨੁਸਾਰ ਪਾਇਆ ਜਾਵੇ। (ਇਸ ਗੱਲ ਬਾਬਤ ਪੰਥ 'ਚ ਅਜੇ ਤਕ ਮਤਭੇਦ ਹੈ, ਇਸ ਲਈ ਰਾਗਮਾਲਾ ਤੋਂ ਬਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਲਿਖਣ ਜਾਂ ਛਾਪਣ ਦਾ ਹੀਆ ਕੋਈ ਨਾ ਕਰੇ) ਇਸ ਤੋਂ ਉਪਰੰਤ ਅਨੰਦ ਸਾਹਿਬ ਦਾ ਪਾਠ ਕਰਕੇ ਭੋਗ ਦਾ ਅਰਦਾਸਾ ਕੀਤਾ ਜਾਵੇ ਤੇ ਕੜਾਹ ਪ੍ਰਸ਼ਾਦਿ ਵਰਤਾਇਆ ਜਾਵੇ।

ਅ) ਭੋਗ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਲੋੜ ਅਨੁਸਾਰ ਰੁਮਾਲ, ਚੌਰ, ਚਾਨਣੀ ਆਦਿ ਦੀ ਭੇਟਾ ਅਤੇ ਪੰਥਕ ਕਾਰਜਾਂ ਲਈ ਯਥਾ-ਸ਼ਕਤਿ 'ਅਰਦਾਸ' ਕਰਾਈ ਜਾਵੇ।

### ਕੜਾਹ ਪ੍ਰਸ਼ਾਦਿ

ੳ) ਕੜਾਹ ਪ੍ਰਸ਼ਾਦਿ ਜੋ ਵਿਧੀ ਅਨੁਸਾਰ ਤਿਆਰ ਕਰ ਕੇ ਜਾਂ ਕਰਾ ਕੇ ਲਿਆਂਦਾ ਜਾਵੇ, ਸੰਗਤ ਵਿਚ ਪ੍ਰਵਾਨ ਹੋਵੇਗਾ।

ਅ) ਕੜਾਹ ਪ੍ਰਸ਼ਾਦਿ ਤਿਆਰ ਕਰਨ ਦੀ ਵਿਧੀ ਇਹ ਹੈ- ਸੁਅੱਛ ਭਾਂਡੇ 'ਚ ਤ੍ਰਿਭਾਵਲੀ (ਆਟਾ, ਉੱਤਮ ਮਿੱਠਾ ਤੇ ਘੀ ਇਕੋ ਜਿਹੇ ਪਾ ਕੇ) ਗੁਰਬਾਣੀ ਦਾ ਪਾਠ ਕਰਦੇ ਹੋਏ ਤਿਆਰ ਕੀਤਾ ਜਾਵੇ। ਫਿਰ ਸੁਅੱਛ ਬਸਤਰ ਨਾਲ ਢੱਕ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹਜ਼ੂਰ ਸੁਅੱਛ ਚੌਂਕੀ ਉੱਪਰ ਰਖਿਆ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹਜ਼ੂਰ ਸੰਗਤ ਨੂੰ ਉੱਚੀ ਅਵਾਜ 'ਚ ਸੁਣਾ ਕੇ ਅਨੰਦ ਸਾਹਿਬ ਦੀਆਂ ਪਹਿਲੀਆਂ ਪੰਜ ਪਉੜੀਆਂ ਤੇ ਅੰਤਲੀ ਇਕ ਪਉੜੀ ਦਾ ਪਾਠ[੧] ਕੀਤਾ ਜਾਵੇ ਅਤੇ ਅਰਦਾਸਾ ਸੋਧਿਆ ਜਾਵੇ ਤੇ ਪ੍ਰਵਾਨਗੀ ਲਈ ਕਿਰਪਾਨ ਭੇਟ ਹੋਵੇ।

(ੲ) ਇਸ ਦੇ ਉਪਰੰਤ ਸੰਗਤ ਨੂੰ ਵਰਤਾਉਣ ਤੋਂ ਪਹਿਲਾਂ ਕੜਾਹ ਪ੍ਰਸ਼ਾਦਿ ਵਿਚੋਂ ਪੰਜਾਂ ਪਿਆਰਿਆਂ ਦਾ ਗੱਫਾ ਕੱਢ ਕੇ ਵਰਤਾਇਆ ਜਾਵੇ। ਉਪ੍ਰੰਤ ਸੰਗਤ ਵਿਚ ਵਰਤਾਉਣ ਲੱਗਿਆਂ ਪਹਿਲਾਂ ਤਾਬਿਆ ਬੈਠੇ ਸਿੰਘ[੨] ਨੂੰ ਕਟੋਰੇ ਜਾਂ ਕੌਲ ਵਿਚ ਪਾ ਕੇ ਦੇਵੇ ਤੇ ਫਿਰ ਬਾਕੀ ਸੰਗਤ ਨੂੰ ਵਰਤਾਏ। ਕਿਸੇ ਲਿਹਾਜ਼ ਜਾਂ ਘਿਰਣਾ ਕਰਕੇ ਵਿਤਕਰਾ ਨਾ ਕਰੇ। ਸਭ ਸਿੱਖ, ਗੈਰ ਸਿੱਖ, ਨੀਚ-ਊਚ ਜਾਤਿ ਵਾਲੇ ਨੂੰ ਇਕੋ ਜਿਹਾ ਵਰਤਾਵੇ। ਕੜਾਹ ਪ੍ਰਸ਼ਾਦਿ ਵਰਤਾਣ ਵੇਲੇ ਸੰਗਤ ਵਿਚ ਬੈਠੇ ਕਿਸੇ ਮਨੁੱਖ ਤੋਂ ਜ਼ਾਤ-ਪਾਤ, ਛੂਤ-ਛਾਤ ਦਾ ਖਿਆਲ ਕਰਕੇ ਗਿਲਾਨੀ ਨਹੀਂ ਕਰਨੀ ਚਾਹੀਦੀ।

(ਸ) ਕੜਾਹ ਪ੍ਰਸ਼ਾਦਿ ਭੇਟਾ ਕਰਨ ਵੇਲੇ ਘੱਟ ਤੋਂ ਘੱਟ ਇਕ ਟਕਾ ਨਕਦ ਅਰਦਾਸ ਭੀ ਹੋਵੇ।

---

੧. ਇਕ ਵਾਰੀ ਅਨੰਦ ਸਾਹਿਬ ਦਾ ਪਾਠ ਹੋ ਚੁਕਣ ਮਗਰੋਂ ਫਿਰ ਕੜਾਹ ਪ੍ਰਸ਼ਾਦਿ ਦੀ ਦੇਗ ਆ ਜਾਵੇ ਤਾਂ ਅਨੰਦ ਸਾਹਿਬ ਦਾ ਪਾਠ ਮੁੜ-ਮੁੜ ਨਹੀਂ ਕਰਨਾ, ਕ੍ਰਿਪਾਨ ਭੇਟ ਕਰਨਾ ਹੀ ਕਾਫੀ ਹੈ।
੨. ਤਾਬਿਆ ਬੈਠੇ ਸਿੰਘ ਨੂੰ ਦੂਹਰਾ ਗੱਫਾ ਦੇਣਾ ਅਯੋਗ ਵਿਤਕਰਾ ਹੈ।

ਚੱਲਦਾ....

## ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਫਸੇ ਲੋਕਾਂ ਨੂੰ ਸ਼੍ਰੋਮਣੀ ਕਮੇਟੀ ਨੇ ਲੰਗਰ ਪਹੁੰਚਾਇਆ







ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮਨੁੱਖਤਾ ਦੇ ਭਲੇ ਲਈ ਇਕ ਵਾਰ ਫਿਰ ਅੱਗੇ ਆਈ ਹੈ। ਘੱਗਰ ਦਰਿਆ ਦਾ ਬੰਨ੍ਹ ਟੁੱਟਣ ਕਾਰਨ ਪ੍ਰਭਾਵਿਤਾਂ ਦੀ ਸੇਵਾ 'ਚ ਕਾਰਜਸ਼ੀਲ ਲੋਕਾਂ ਅਤੇ ਪਾਣੀ ਤੋਂ ਪ੍ਰਭਾਵਿਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਲੰਗਰ ਵਿਵਸਥਾ ਦੇ ਰੂਪ ਵਿਚ ਪਹਿਲ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਨੇ ਪਟਿਆਲਾ ਦੇ ਪਾਣੀ ਤੋਂ ਪ੍ਰਭਾਵਿਤ ਲੋਕਾਂ ਦੀ ਵੀ ਸਾਰ ਲਈ ਹੈ। ਇਸ ਦੇ ਨਾਲ ਬਠਿੰਡਾ ਅਤੇ ਕੁਰਕੁਸ਼ੇਤਰ (ਹਰਿਆਣਾ) ਵਿਖੇ ਵੀ ਪਾਣੀ ਤੋਂ ਪ੍ਰਭਾਵਤ ਲੋਕਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਪਹਿਲ ਕੀਤੀ ਗਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਸੇਵਾਵਾਂ ਆਰੰਭੀਆਂ ਗਈਆਂ ਹਨ।

ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਜਾਰੀ ਕੀਤੀ ਗਈ ਜਾਣਕਾਰੀ ਅਨੁਸਾਰ ਘੱਗਰ ਦਰਿਆ ਦਾ ਟੁੱਟਿਆ ਹੋਇਆ ਬੰਨ੍ਹ ਮੁੜ ਸਥਾਪਤ ਕਰਨ ਲਈ ਯਤਨਸ਼ੀਲ ਲੋਕਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧਮਧਾਨ ਸਾਹਿਬ ਅਤੇ ਗੁਰਦੁਆਰਾ ਮਕੋਰੜ ਸਾਹਿਬ ਤੋਂ ਲੰਗਰ ਸੇਵਾ ਦਿੱਤੀ ਜਾ ਰਹੀ ਹੈ। ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪਾਣੀ ਤੋਂ ਪ੍ਰਭਾਵਿਤ ਲੋਕਾਂ ਨਾਲ ਹਮਦਰਦੀ ਰੱਖਦੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਧਮਧਾਨ ਸਾਹਿਬ ਦੇ ਸਟਾਫ਼ ਨੂੰ ਲੰਗਰ ਸੇਵਾ ਲਈ ਘੱਗਰ ਦਾ ਬੰਨ੍ਹ ਮੁੜ ਬੰਨ੍ਹਣ ਵਿਚ ਯਤਨ ਕਰ ਰਹੇ ਲੋਕਾਂ ਨੂੰ ਲੰਗਰ ਸੇਵਾ ਦੇਣ ਲਈ ਭੇਜਿਆ ਗਿਆ ਹੈ ਅਤੇ ਇਸੇ ਤਰ੍ਹਾਂ ਹੀ ਪਟਿਆਲਾ ਵਿਚ ਵੀ ਪਾਣੀ ਤੋਂ ਪ੍ਰਭਾਵਿਤ ਬਸਤੀਆਂ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਤੋਂ ਲੰਗਰ ਸੇਵਾ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਹਮੇਸ਼ਾਂ ਦੀ ਤਰ੍ਹਾਂ ਮਨੁੱਖੀ ਭਲਾਈ ਲਈ ਸੇਵਾ ਦੇ ਰਹੀ ਹੈ ਅਤੇ ਸਮਾਜ ਭਲਾਈ ਲਈ ਹਮੇਸ਼ਾਂ ਯਤਨਸ਼ੀਲ ਰਹੇਗੀ।

## ਅਫ਼ਗਾਨਿਸਤਾਨ 'ਚ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਨੇ ਦਿੱਤੀ ਸਹਾਇਤਾ



ਅੰਮ੍ਰਿਤਸਰ- ਅਫ਼ਗਾਨਿਸਤਾਨ ਦੇ ਸ਼ਹਿਰ ਜਲਾਲਾਬਾਦ ਵਿਖੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਨ ਜਾ ਰਹੇ ਸਿੱਖਾਂ ਦੇ ਕਾਫ਼ਲੇ 'ਤੇ ਆਤਮਘਾਤੀ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ। ਦੱਸਣਯੋਗ ਹੈ ਕਿ ਇਸ ਹਮਲੇ ਦੌਰਾਨ ਸਿੱਖ ਆਗੂ ਸ. ਅਵਤਾਰ ਸਿੰਘ ਖ਼ਾਲਸਾ ਸਮੇਤ ਕਈ ਸਿੱਖ ਮਾਰੇ ਗਏ ਸਨ ਅਤੇ ਕੁਝ ਜ਼ਖ਼ਮੀ ਹੋ ਗਏ ਸਨ, ਜਿਨ੍ਹਾਂ ਨਾਲ ਹਮਦਰਦੀ ਪ੍ਰਗਟਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਹਾਇਤਾ ਕਰਨ ਦਾ ਐਲਾਨ ਕੀਤਾ ਸੀ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ ਅਤੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਸਬੰਧਤਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ। ਇਸ ਮੌਕੇ ਅਫ਼ਗਾਨੀ ਸਿੱਖਾਂ ਦੇ ਆਗੂ ਸ. ਹੀਰਾ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਔਖੀ ਘੜੀ 'ਚ ਅਫ਼ਗਾਨਿਸਤਾਨ ਦੇ ਸਿੱਖਾਂ ਦੀ ਬਾਂਹ ਫੜ੍ਹੀ ਹੈ। ਉਨ੍ਹਾਂ ਦੁੱਖ ਨਾਲ ਕਿਹਾ ਕਿ ਅਫ਼ਗਾਨਿਸਤਾਨ ਦੇ ਨਾਸਾਜ਼ ਹਾਲਾਤਾਂ ਕਰਕੇ ਬਹੁਤ ਸਾਰੇ ਸਿੱਖ ਅੱਜ ਉਥੋਂ ਹਿਜਰਤ ਕਰ ਚੁੱਕੇ ਹਨ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਅਫ਼ਗਾਨਿਸਤਾਨ ਅੰਦਰ ਸਿੱਖਾਂ ਦੀ ਗਿਣਤੀ ਅੱਜ ਨਾ-ਮਾਤਰ ਹੀ ਰਹਿ ਗਈ ਹੈ, ਜਿਸ ਲਈ ਸਰਕਾਰਾਂ ਨੂੰ ਸੋਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਦੇ ਹਮਲੇ ਤੋਂ ਬਾਅਦ ਬਹੁਤ ਸਾਰੇ ਹੋਰ ਪਰਿਵਾਰ ਵੀ ਅਫ਼ਗਾਨਿਸਤਾਨ ਛੱਡ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਐਲਾਨੀ ਗਈ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ 14 ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜ਼ਖ਼ਮੀਆਂ ਨੂੰ ਵੀ 50-50 ਹਜ਼ਾਰ ਰੁਪਏ ਦੀ ਸਹਾਇਤਾ ਪ੍ਰਵਾਨ ਕੀਤੀ ਗਈ ਹੈ, ਜੋ ਜਲਦ ਹੀ ਸਬੰਧਤਾਂ ਨੂੰ ਦੇ ਦਿੱਤੀ ਜਾਵੇਗੀ।

ਇਸ ਮੌਕੇ ਅਫ਼ਗਾਨੀ ਸਿੱਖਾਂ ਵਿੱਚੋਂ ਸ. ਰਘਬੀਰ ਸਿੰਘ, ਸ. ਬਲਦੇਵ ਸਿੰਘ, ਸ. ਵਰਿਆਮ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਅਤੇ ਹੋਰ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਅੰਤਰ-ਧਰਮ ਸੰਮਲੇਨ ਸਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ



ਅੰਮ੍ਰਿਤਸਰ, 20 ਜੁਲਾਈ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਲੀਕੇ ਗਏ ਪ੍ਰੋਗਰਾਮਾਂ ਨੂੰ ਅਮਲੀ ਰੂਪ ਦੇਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 8 ਨਵੰਬਰ 2019 ਨੂੰ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕੀਤੇ ਜਾ ਰਹੇ ਅੰਤਰ ਧਰਮ ਸੰਮੇਲਨ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਕੀਤੀ ਗਈ। ਇਕੱਤਰਤਾ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਮਨਜੀਤ ਸਿੰਘ ਬੱਪੀਆਣਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਬਾਬਾ ਮਹਿੰਦਰ ਸਿੰਘ ਨਿਸ਼ਕਾਮ ਸੇਵਕ ਜਥਾ ਬਰਮਿੰਘਮ (ਯੂ.ਕੇ.), ਸ. ਪਰਮਜੀਤ ਸਿੰਘ ਚੰਡੋਕ, ਭਾਈ ਕਰਨੈਲ ਸਿੰਘ ਗਰੀਬ ਅਤੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ (ਕੋਆਰਡੀਨੇਟਰ) ਆਦਿ ਮੌਜੂਦ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਵਿਸ਼ਵ-ਸ਼ਾਂਤੀ ਲਈ ਮਾਰਗ ਦਰਸ਼ਨ ਹੈ। ਇਸ ਇਤਿਹਾਸਕ ਮੌਕੇ 'ਤੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਦੁਨੀਆਂ ਤੱਕ ਫੈਲਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤਰ ਧਰਮ ਸੰਮੇਲਨ ਕਰਵਾਇਆ ਜਾ ਰਿਹਾ ਹੈ। ਉ ਨ੍ਹਾਂ ਕਿਹਾ ਕਿ ਅੰਤਰ ਧਰਮ ਸੰਮੇਲਨ ਰਾਹੀਂ ਕਾਦਰ ਤੇ ਕੁਦਰਤ ਦੀ ਪਵਿੱਤਰਤਾ ਦਾ ਅਹਿਸਾਸ ਕਰਦੇ ਹੋਏ ਵਿਸ਼ਵ ਸ਼ਾਂਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਦੁਨੀਆਂ ਵਿਚ ਫੈਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵੱਖ-ਵੱਖ ਧਰਮਾਂ ਦੇ ਆਗੂਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਇਸ ਅੰਤਰ ਧਰਮ ਸੰਮੇਲਨ ਵਿਚ ਸ਼ਮੂਲੀਅਤ ਲਈ ਸੱਦਾ ਦਿੱਤਾ ਜਾਵੇਗਾ।

## ਕਮਲ ਨਾਥ ਵੱਲੋਂ ਦਸਮ ਪਾਤਸ਼ਾਹ ਦਾ ਨਿਰਾਦਰ ਉਸਦੀ ਬੌਣੀ ਮਾਨਸਿਕਤਾ ਦਾ ਪ੍ਰਗਟਾਵਾ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਕਮਲ ਨਾਥ ਵੱਲੋਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਦੱਸਣਯੋਗ ਹੈ ਕਿ ਕਮਲ ਨਾਥ ਆਪਣੀ ਫੇਸਬੁੱਕ 'ਤੇ ਪਾਈ ਇਕ ਪੋਸਟ ਵਿਚ ਸਿੱਖਾਂ ਦੇ ਪ੍ਰਚੱਲਤ ਬੋਲ ਨੂੰ ਤੋੜ ਮਰੋੜ ਕੇ ਪੇਸ਼ ਕਰਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਥਾਂ ਆਪਣਾ ਨਾਂ ਵਰਤਿਆ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਾਰੀ ਬਿਆਨ ਰਾਹੀਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਕਮਲ ਨਾਥ ਨੇ ਅਜਿਹਾ ਕਰਕੇ ਆਪਣੀ ਬੌਣੀ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਹੈ। ਉਸ ਦੀ ਇਸ ਹਰਕਤ ਨਾਲ ਸਿੱਖ ਸੰਗਤਾਂ ਵਿਚ ਰੋਸ ਅਤੇ ਰੋਹ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਕਮਲ ਨਾਥ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

## ਜ਼ਿਲ੍ਹਾ ਬਠਿੰਡਾ ਦੇ ਪਿੰਡ ਬਾਹੋ ਸਿਵੀਆ ਵਿਖੇ ਗੁਰਮਤਿ ਸਿਖਿਲਾਈ ਕੈਂਪ ਲਗਾਇਆ



ਬਠਿੰਡਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਭਾਈ ਅਮਰੀਕ ਸਿੰਘ ਕੋਟ ਸਮੀਰ ਐਗਜੈਕਟਿਵ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਪਿੰਡ ਬਾਹੋ ਸਿਵੀਆ ਵਿਖੇ ਬੱਚਿਆਂ ਦਾ ਗੁਰਮਤਿ ਸਿਖਿਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅੰਮ੍ਰਿਤਪਾਲ ਸਿੰਘ ਚੈਨੇਵਾਲੀਆ ਅਤੇ ਭਾਈ ਗੁਰਦੇਵ ਸਿੰਘ ਮੁਕਤਸਰ ਸਾਹਿਬ ਨੇ ਬੱਚਿਆਂ ਨੂੰ ਗੁਰਬਾਣੀ, ਗੁਰਇਤਿਹਾਸ, ਸਿੱਖ ਰਹਿਤ ਮਰਿਯਾਦਾ ਤੇ ਗੁਰਮਤਿ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਲਗਾਤਾਰ ਕਥਾ ਸਮਾਗਮ ਵੀ ਕੀਤੇ ਗਏ। ਕੈਂਪ ਦੀ ਸਮਾਪਤੀ ਸਮੇਂ ਵਿਸ਼ੇਸ ਤੌਰ ਤੇ ਪਹੁੰਚੇ ਭਾਈ ਅਮਰੀਕ ਸਿੰਘ ਕੋਟ ਸ਼ਮੀਰ ਐਗਜੈਕਟਿਵ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਗੁਰੂ ਸਾਹਿਬ ਜੀ ਦੀਆਂ ਸਿਖਿਆਵਾਂ ਨੂੰ ਅਮਲੀ ਰੂਪ ਵਿਚ ਅਪਨਾਉਣ ਦੀ ਪ੍ਰੇਰਨਾ ਕੀਤੀ। ਇਸ ਕੈਂਪ ਵਿਚ 125 ਬੱਚਿਆ ਨੇ ਹਾਜ਼ਰੀ ਭਰੀ। ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਮਾਣ ਪੱਤਰ, ਮੈਡਲ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿਚ ਭਾਈ ਗੁਰਦਾਸ ਸਿੰਘ ਗੋਸਲ ਦੇ ਢਾਡੀ ਜਥੇ ਨੇ ਵੀ ਹਾਜ਼ਰੀ ਭਰੀ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਤੋਂ ਵਿਸ਼ਾਲ ਨਗਰ ਕੀਰਤਨ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਭਰਵਾਂ ਸਵਾਗਤ




ਅੰਮ੍ਰਿਤਸਰ, 22 ਜੁਲਾਈ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕਾ) ਤੋਂ ਆਰੰਭ ਹੋਏ ਵਿਸ਼ਾਲ ਨਗਰ ਕੀਰਤਨ ਦਾ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਵਿਖੇ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਹ ਸਵਾਗਤ ਸ਼ਹਿਰ ਦੇ ਬਾਈਪਾਸ ਨਜ਼ਦੀਕ ਗੋਲਡਨ ਗੇਟ ਵਿਖੇ ਹੋਇਆ। ਨਗਰ ਕੀਰਤਨ ਨੂੰ ਜੀ-ਆਇਆਂ ਕਹਿਣ ਲਈ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਮੈਂਬਰ, ਅਧਿਕਾਰੀ ਅਤੇ ਕਰਮਚਾਰੀ ਵੱਡੀ ਗਿਣਤੀ ਵਿਚ ਮੌਜੂਦ ਸਨ। ਇਸ ਤੋਂ ਇਲਾਵਾ ਸੰਗਤਾਂ ਨੇ ਵੀ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਨਗਰ ਕੀਰਤਨ ਦੇ ਸਵਾਗਤ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਨਿਸ਼ਾਨ ਸਿੰਘ, ਸ. ਗੁਰਪ੍ਰਤਾਪ ਸਿੰਘ ਟਿੱਕਾ, ਵਧੀਕ ਮੈਨੇਜਰ ਸ. ਸਤਨਾਮ ਸਿੰਘ ਮਾਂਗਾ ਸਰਾਏ, ਸ. ਨਿਸ਼ਾਨ ਸਿੰਘ, ਸ. ਬਘੇਲ ਸਿੰਘ, ਸ. ਜਗਤਾਰ ਸਿੰਘ ਸ਼ਹੂਰਾ ਸਮੇਤ ਹੋਰ ਮੌਜੂਦ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਟ ਕੀਤੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ। ਨਗਰ ਕੀਰਤਨ ਨਾਲ ਮੌਜੂਦ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਸਿੰਘ ਸਾਹਿਬ ਭਾਈ ਰਾਮ ਸਿੰਘ, ਗੁਰਦੁਆਰਾ ਨਾਨਕ ਝੀਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਬਲਬੀਰ ਸਿੰਘ, ਸ. ਮਨਪ੍ਰੀਤ ਸਿੰਘ ਕੋਆਰਡੀਨੇਟਰ ਅਤੇ ਸ. ਡੀ.ਪੀ. ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸ਼੍ਰੋਮਣੀ ਕਮੇਟੀ ਵੱਲੋਂ ਸਿਰੋਪਾਓ ਦਿੱਤੇ ਗਏ।

ਦੱਸਣਯੋਗ ਹੈ ਕਿ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਇਆ ਗਿਆ ਹੈ। 2 ਜੂਨ ਨੂੰ ਆਰੰਭ ਹੋਏ ਇਸ ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। 18 ਜੁਲਾਈ ਨੂੰ ਪੰਜਾਬ ਦਾਖ਼ਲ ਹੋਣ ਮਗਰੋਂ ਪਟਿਆਲਾ, ਸਰਹਿੰਦ, ਲੁਧਿਆਣਾ, ਸੁਲਤਾਨਪੁਰ ਲੋਧੀ ਤੋਂ ਹੁੰਦਾ ਹੋਇਆ ਇਹ ਨਗਰ ਕੀਰਤਨ ਸ੍ਰੀ ਅੰਮ੍ਰਿਤਸਰ ਵਿਖੇ ਪੁੱਜਾ। ਨਗਰ ਕੀਰਤਨ ਦਾ ਸੱਚਖੰਡ ਸ੍ਰੀ ਹਰਿੰਮਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪਹੁੰਚਣ 'ਤੇ ਪਲਾਜ਼ਾ ਵਿਖੇ ਵੀ ਸਵਾਗਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ 550ਵੇਂ ਪ੍ਰਕਾਸ਼ ਪੁਰਬ ਮੌਕੇ ਤੰਤੀ ਸਾਜ਼ਾਂ ਦੇ ਮਾਹਿਰ ਰਾਗੀਆਂ ਦਾ ਕਰੇਗੀ ਸਨਮਾਨ

ਅੰਮ੍ਰਿਤਸਰ, 28 ਜੁਲਾਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸਿੱਖ ਪੰਥ ਦੇ ਪ੍ਰਸਿੱਧ ਰਾਗੀ ਜਥਿਆਂ ਦੁਆਰਾ ਕੀਤੇ ਗਏ ਸ਼ਬਦ ਕੀਰਤਨ ਦੀਆਂ ਵੀਡੀਓਜ਼ ਸੰਗਤਾਂ ਤੱਕ ਪਹੁੰਚਾਉਣ ਦਾ ਫੈਸਲਾ ਕੀਤਾ ਹੈ। ਇਸ ਤੋਂ ਇਲਾਵਾ ਤੰਤੀ ਸਾਜ਼ਾਂ ਦੇ ਮਾਹਿਰ ਰਾਗੀਆਂ ਦਾ ਵਿਸ਼ੇਸ਼ ਸਨਮਾਨ ਕਰਨ ਦਾ ਵੀ ਪ੍ਰੋਗਰਾਮ ਬਣਾਇਆ ਗਿਆ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਇੱਕ ਬਿਆਨ ਰਾਹੀਂ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਪੰਥ ਦੇ ਰਾਗੀ ਜਥਿਆਂ ਨੂੰ ਵਿਸ਼ੇਸ਼ ਸਨਮਾਨ ਦਿੰਦਿਆਂ ਉਨ੍ਹਾਂ ਦੀਆਂ ਵੱਖ ਵੱਖ ਗੁਰਮਤਿ ਸਮਾਗਮਾਂ ਵਿਚ ਕੀਰਤਨ ਸੇਵਾਵਾਂ ਲਈਆਂ ਜਾਣਗੀਆਂ ਅਤੇ ਫਿਰ ਉਸ ਦੀਆਂ ਵੀਡੀਓਜ਼ ਬਣਵਾ ਕੇ ਸੰਗਤਾਂ ਵਿਚ ਵੰਡੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਮਾਗਮਾਂ ਦੌਰਾਨ 11 ਨਵੰਬਰ ਨੂੰ ਇੱਕ ਵਿਸ਼ੇਸ਼ ਰਾਗ ਦਰਬਾਰ ਕਰਵਾਇਆ ਜਾ ਰਿਹਾ ਹੈ। ਇਹ ਵਿਸ਼ਵ ਪੱਧਰੀ ਰਾਗ ਦਰਬਾਰ ਵਿਲੱਖਣ ਹੋਵੇਗਾ। ਇਸ ਵਿਚ ਦੇਸ਼ ਦੁਨੀਆਂ ਦੇ ਪ੍ਰਸਿੱਧ ਰਾਗੀ ਜਥੇ ਸੰਗਤ ਨੂੰ ਸ਼ਬਦ ਕੀਰਤਨ ਸਰਵਣ ਕਰਵਾਉਣਗੇ। ਉਨ੍ਹਾਂ ਦੱਸਿਆ ਕਿ ਰਾਗ ਦਰਬਾਰ ਸਮੇਂ ਕੀਰਤਨ ਕਰਨ ਵਾਲੇ ਜਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਾਵਨ ਗੁਰਬਾਣੀ ਦਾ ਉਨ੍ਹਾਂ ਦੁਆਰਾ ਗਾਇਨ ਕੀਤੇ ਤੇ ਉਚਾਰੇ ਗਏ 19 ਨਿਰਧਾਰਤ ਰਾਗਾਂ ਦਾ ਹੀ ਗਾਇਨ ਕਰਨਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਰਾਗ ਦਰਬਾਰ ਨੂੰ ਮੁਕੰਮਲ ਰੂਪ ਵਿਚ ਰਿਕਾਰਡ ਕਰਕੇ ਵੀ ਸੰਗਤਾਂ ਤੱਕ ਪਹੁੰਚਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕੀਰਤਨੀ ਜਥਿਆਂ ਦੀਆਂ ਸੇਵਾਵਾਂ ਹੋਰ ਵੱਖ ਵੱਖ ਸਮਾਗਮਾਂ ਵਿਚ ਵੀ ਅਹਿਮ ਰਹਿਣਗੀਆਂ। ਉਨ੍ਹਾਂ ਜਾਣਕਾਰੀ ਦਿੱਤੀ ਕਿ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਕਿਉਂਕਿ ਪ੍ਰਕਾਸ਼ ਪੁਰਬ ਸਮਾਗਮਾਂ ਦਾ ਕੇਂਦਰੀ ਅਸਥਾਨ ਹੈ ਇਸ ਲਈ ਉਥੇ ਪਹਿਲੀ ਨਵੰਬਰ ਤੋਂ ਲੈ ਕੇ 13 ਨਵੰਬਰ ਤੱਕ ਸਵੇਰੇ ਸ਼ਾਮ ਦੀਵਾਨ ਸਜਣਗੇ ਜਿਸ ਵਿਚ ਪੰਥ ਪ੍ਰਸਿੱਧ ਕੀਰਤਨੀ ਜਥੇ ਸੰਗਤ ਨੂੰ ਗੁਰਬਾਣੀ ਕੀਤਰਨ ਨਾਲ ਜੋੜਨਗੇ। ਭਾਈ ਲੌਂਗੋਵਾਲ ਨੇ ਇਹ ਵੀ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ 20 ਅਕਤੂਬਰ ਤੋਂ ਲੈ ਕੇ 20 ਨਵੰਬਰ ਤੱਕ ਇੱਕ ਮਹੀਨਾ ਸਾਰੇ ਰਾਗੀ ਜਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਾਵਨ ਬਾਣੀ ਦਾ ਉਨ੍ਹਾਂ ਵੱਲੋਂ ਉਚਾਰੇ ਰਾਗਾਂ ਅਨੁਸਾਰ ਹੀ ਕੀਰਤਨ

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਿੱਲੀ ਵਿਖੇ ਹੋਣ ਵਾਲੇ ਗੁਰਮਤਿ ਸਮਾਗਮ ਲਈ ਸ਼੍ਰੋਮਣੀ ਕਮੇਟੀ ਨੇ ਭਾਰਤ ਦੇ ਰਾਸ਼ਟਰਪਤੀ ਨੂੰ ਦਿੱਤਾ ਸੱਦਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਿੱਲੀ ਵਿਖੇ 1 ਸਤੰਬਰ ਨੂੰ ਕਰਵਾਏ ਜਾ ਰਹੇ ਕੀਰਤਨ ਸਮਾਗਮ ਵਿਚ ਸ਼ਮੂਲੀਅਤ ਲਈ ਭਾਰਤ ਦੇ ਰਾਸ਼ਟਰਪਤੀ ਸ੍ਰੀ ਰਾਮ ਨਾਥ ਕੋਵਿੰਦ ਨੂੰ ਸੱਦਾ ਪੱਤਰ ਦਿੱਤਾ ਗਿਆ ਹੈ। ਰਾਸ਼ਟਰਪਤੀ ਭਵਨ ਵਿਖੇ ਉਨ੍ਹਾਂ ਨੂੰ ਸੱਦਾ ਪੱਤਰ ਦੇਣ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਸੀਨੀਅਰ ਆਗੂ ਸ. ਬਲਵਿੰਦਰ ਸਿੰਘ ਭੂੰਦੜ ਅਤੇ ਸ੍ਰੀ ਨਰੇਸ਼ ਗੁਜਰਾਲ ਸਮੇਤ ਦਿੱਲੀ ਕਮੇਟੀ ਦੇ ਨੁਮਾਇੰਦੇ ਵੀ ਮੌਜੂਦ ਸਨ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਧਾਰਮਿਕ ਜਥੇਬੰਦੀਆਂ ਅਤੇ ਸੰਸਥਾਵਾਂ ਦੇ ਸਹਿਯੋਗ ਨਾਲ ਵੱਖ-ਵੱਖ ਗੁਰਮਤਿ ਸਮਾਗਮ ਉਲੀਕੇ ਜਾ ਰਹੇ ਹਨ। ਜਿਸ ਤਹਿਤ ਇਕ ਸਮਾਗਮ ਦਿੱਲੀ ਦੇ ਆਈ.ਜੀ.ਆਈ. ਸਟੇਡੀਅਮ ਵਿਖੇ ਇਕ ਵਿਸ਼ਾਲ ਕੀਰਤਨ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 1 ਸਤੰਬਰ ਨੂੰ ਹੋਣ ਵਾਲੇ ਇਸ ਸਮਾਗਮ ਵਿਚ 1100 ਬੱਚੇ ਸ਼ਮੂਲੀਅਤ ਕਰਕੇ ਕੀਰਤਨ ਕਰਨਗੇ। ਇਸ ਸਮਾਗਮ ਵਿਚ ਸਿੱਖ ਕੌਮ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਹੋਣਗੀਆਂ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸਮਾਗਮ ਵਿਚ ਸ਼ਮੂਲੀਅਤ ਲਈ ਦੇਸ਼ ਦੇ ਰਾਸ਼ਟਰਪਤੀ ਨੂੰ ਸੱਦਾ ਦਿੱਤਾ ਗਿਆ ਹੈ, ਜਿਨ੍ਹਾਂ ਨੇ ਸਮਾਗਮ ਵਿਚ ਸ਼ਾਮਲ ਹੋਣ ਦਾ ਭਰੋਸਾ ਦਿੱਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਅਨੁਸਾਰ ਇਸ ਸਮਾਗਮ ਵਿਚ ਪੁੱਜਣ ਲਈ ਦੇਸ਼ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਅਪੀਲ ਕੀਤੀ ਜਾਵੇਗੀ।

ੴ ਸਤਿਗੁਰ ਪ੍ਰਸਾਦਿ॥
ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗ ਚਾਨਣ ਹੋਆ॥
ਜਗਤ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ
ਸੋਨੇ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ

ਦਸ, ਪੰਜ ਤੇ ਢਾਈ ਗ੍ਰਾਮ

ਪੰਜਾਹ ਤੇ ਪੰਝੀ ਗ੍ਰਾਮ
ਦਫ਼ਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਪ੍ਰਾਪਤ ਕਰ ਸਕਦੇ ਹੋ।
ਵਧੇਰੇ ਜਾਣਕਾਰੀ ਲਈ ਸੰਪਰਕ ਨੰਬਰ 0183-2553956 ਐਕਸ ਨੰ: 314

# ਸ਼੍ਰੋਮਣੀ ਕਮੇਟੀ ਵੱਲੋਂ 550 ਵੇਂ ਪ੍ਰਕਾਸ਼ ਪੁਰਬ ਸਬੰਧੀ ਆਯੋਜਿਤ ਕੀਤੇ ਜਾਣ ਵਾਲੇ ਸੈਮੀਨਾਰਾਂ ਦਾ ਖਾਕਾ ਹੋਇਆ ਤਿਆਰ

## ਲੁਧਿਆਣਾ ਵਿਖੇ ਸਿੱਖ ਬੁੱਧੀਜੀਵੀਆਂ ਅਤੇ ਵਿੱਦਿਅਕ ਅਦਾਰਿਆਂ ਦੇ ਪ੍ਰਿੰਸੀਪਲਾਂ ਦੀ ਹੋਈ ਵਿਸ਼ੇਸ਼ ਇਕੱਤਰਤਾ









ਲੁਧਿਆਣਾ 22 ਜੁਲਾਈ- ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਯੋਜਿਤ ਕੀਤੇ ਜਾਣ ਵਾਲੇ ਸਮੂਹ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਤੇ ਸੈਮੀਨਾਰ ਦਾ ਖਾਕਾ ਤਿਆਰ ਹੋ ਗਿਆ ਹੈ। ਜਿਸ ਦੇ ਅੰਤਰਗਤ 13 ਮੁੱਖ ਸੈਮੀਨਾਰਾਂ ਤੋਂ ਇਲਾਵਾ ਵੱਖ ਵੱਖ ਕਾਲਜਾਂ ਤੇ ਸਕੂਲਾਂ ਅੰਦਰ ਸਥਾਨਕ ਪੱਧਰ ਤੇ ਵੀ ਸੈਮੀਨਾਰ ਆਯੋਜਿਤ ਕੀਤੇ ਜਾਣਗੇ । ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ ਤੇ ਮਨਾਉਣ ਹਿੱਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਆਯੋਜਿਤ ਕਰਵਾਏ ਜਾਣ ਵਾਲੇ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਸੈਮੀਨਾਰਾਂ ਦੀ ਸਮੁੱਚੀ ਵਿਉਂਤਬੰਦੀ ਕਰਨ ਹਿੱਤ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਲੁਧਿਆਣਾ ਵਿਖੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ (ਚੇਅਰਮੈਨ ਸਬ ਕਮੇਟੀ) ਦੀ ਅਗਵਾਈ ਹੇਠ ਬਣਾਈ ਗਈ ਸਬ ਕਮੇਟੀ ਦੇ ਮੈਂਬਰਾਂ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੇ ਸਮੂਹ ਕਾਲਜਾਂ ਦੇ ਪ੍ਰਿੰਸੀਪਲਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਆਯੋਜਿਤ ਕੀਤੀ ਗਈ। ਇੱਕਤਰਤਾ ਉਪਰੰਤ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਜਾਣਕਾਰੀ ਦਿੱਤੀ ਕਿ ਵੱਖ ਵੱਖ ਕਾਲਜਾਂ ਵਿਖੇ ਆਯੋਜਿਤ ਕੀਤੇ ਜਾਣ ਵਾਲੇ ਸੈਮੀਨਾਰਾਂ ਦੌਰਾਨ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਵੀ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਮਨਾਉਣਾ ਤਾਂ ਹੀ ਸਫਲਾ ਹੋ ਸਕਦਾ ਹੈ ਜੇਕਰ ਅਸੀ ਸਮੁੱਚੀ ਗੁਰੂ ਨਾਨਕ ਨਾਮ ਲੇਵਾ ਸੰਗਤ ਖਾਸ ਕਰਕੇ ਵਿਦਿਆਰਥੀ ਵਰਗ ਨੂੰ ਗੁਰੂ ਸਾਹਿਬਾਂ ਦੀ ਵਿਚਾਰਧਾਰਾ, ਫਿਲਾਸਫੀ ਤੇ ਸਿੱਖਿਆਵਾਂ ਤੋਂ ਜਾਣੂ ਕਰਵਾ ਸਕੀਏ। ਇਸ ਲਈ ਆਯੋਜਿਤ ਕੀਤੇ ਜਾਣ ਵਾਲੇ ਸੈਮੀਨਾਰਾਂ ਦੌਰਾਨ ਵਿਦਿਆਰਥੀਆਂ ਦੇ ਨਾਲ ਨਾਲ ਇਲਾਕੇ ਦੇ ਲੋਕਾਂ ਦੀ ਵੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਈ ਜਾਵੇ। ਇਸ ਦੌਰਾਨ ਸੈਮੀਨਾਰ ਕਮੇਟੀ ਦੇ ਕੋਆਰਡੀਨੇਟਰ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਸਾਂਝੇ ਰੂਪ ਵਿੱਚ ਜਾਣਕਾਰੀ ਦਿੰਦਿਆ ਹੋਇਆਂ ਦੱਸਿਆਂ ਕਿ ਸਬ ਕਮੇਟੀ ਦੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ 9 ਅਗਸਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ, 16 ਅਗਸਤ ਨੂੰ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ, 3 ਸਤੰਬਰ ਨੂੰ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ, 5 ਅਕਤੂਬਰ ਨੂੰ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਤੇ 26 ਅਕਤੂਬਰ ਨੂੰ ਗੁਰੂ ਨਾਨਕ ਗਰਲਜ਼ ਕਾਲਜ ਮੁਕਤਸਰ ਵਿਖੇ ਰਾਸ਼ਟਰੀ ਪੱਧਰ ਤੇ ਸੈਮੀਨਾਰ ਆਯੋਜਿਤ ਕੀਤੇ ਜਾਣਗੇ ਅਤੇ ਬਾਕੀ ਸੈਮੀਨਾਰਾਂ ਦੀਆਂ ਤਾਰੀਕਾਂ ਦਾ ਵੇਰਵਾ ਅਗਲੀ ਸਬ-ਕਮੇਟੀ ਦੀ ਮੀਟਿੰਗ ਵਿੱਚ ਐਲਾਨਿਆ ਜਾਵੇਗਾ। ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ ਗਈ ਸਬ-ਕਮੇਟੀ ਦੇ ਮੈਂਬਰਾਂ ਜਿਹਨਾ ਵਿੱਚ ਸ. ਜੈਪਾਲ ਸਿੰਘ ਮੁੰਡੀਆਂ, ਸ. ਗੁਰਮੀਤ ਸਿੰਘ ਬੂਹ, ਸ. ਸੁਖਹਰਪ੍ਰੀਤ ਸਿੰਘ ਰੋਡੇ, ਭਾਈ ਗੁਰਚਰਨ ਸਿੰਘ ਗਰੇਵਾਲ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਕਰਮਜੀਤ ਕੌਰ ਲਾਂਡਰਾ ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਤੇਜਿੰਦਰ ਕੌਰ ਧਾਲੀਵਾਲ (ਡਾਇਰੈਕਟਰ ਐਜੂਕੇਸ਼ਨ), ਸੈਮੀਨਾਰ ਕਮੇਟੀ ਦੇ ਕੋਆਰਡੀਨੇਟਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਉਘੇ ਸਿੱਖ ਵਿਦਵਾਨ ਤੇ ਬੁੱਧੀਜੀਵੀ ਡਾ. ਚਮਕੌਰ ਸਿੰਘ, ਡਾ. ਪਰਮਵੀਰ ਸਿੰਘ, ਪ੍ਰਿੰ. ਧਰਮਿੰਦਰ ਸਿੰਘ ਉਬਾ, ਪ੍ਰਿੰ. ਕਸ਼ਮੀਰ ਸਿੰਘ, ਡਾ. ਗੁਰਬੀਰ ਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੇ ਸਮੂਹ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ ਨੇ ਹਾਜ਼ਰੀ ਭਰੀ।

# ਪਾਕਿਸਤਾਨ ਸਥਿਤ ਗੁਰਦੁਆਰਾ ਚੋਆ ਸਾਹਿਬ ਨੂੰ ਅਰਸੇ ਬਾਅਦ ਖੋਲ੍ਹਣ ਦਾ ਭਾਈ ਲੌਂਗੋਵਾਲ ਵੱਲੋਂ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਾਕਿਸਤਾਨ ਸਰਕਾਰ ਵੱਲੋਂ ਗੁਰਦੁਆਰਾ ਚੋਆ ਸਾਹਿਬ ਨੂੰ ਖੋਲ੍ਹੇ ਜਾਣ ਦਾ ਭਰਵਾਂ ਸਵਾਗਤ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਓਕਾਫ ਬੋਰਡ ਵੱਲੋਂ ਲਏ ਗਏ ਇਸ ਫੈਸਲੇ ਦੀ ਪ੍ਰਸ਼ੰਸਾ ਕਰਦਿਆਂ ਆਖਿਆ ਕਿ ਇਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਮੌਕੇ ਲਿਆ ਗਿਆ ਇਕ ਚੰਗਾ ਫੈਸਲਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੰਗਤ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਬੀਤੇ ਦਿਨੀਂ ਗੁਰਦੁਆਰਾ ਖਾਰਾ ਸਾਹਿਬ ਪਾਤਸ਼ਾਹੀ ਛੇਵੀਂ ਨੂੰ 72 ਸਾਲਾਂ ਬਾਅਦ ਸੰਗਤ ਲਈ ਖੋਲ੍ਹਿਆ ਗਿਆ ਸੀ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ ਪਾਕਿਸਤਾਨ ਅੰਦਰ ਪਹਿਲੇ ਪਾਤਸ਼ਾਹ ਜੀ ਨਾਲ ਸਬੰਧਤ ਕਈ ਅਸਥਾਨ ਹਨ, ਇਨ੍ਹਾਂ ਵਿੱਚੋਂ ਹੀ ਇਕ ਗੁਰਦੁਆਰਾ ਚੋਆ ਸਾਹਿਬ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਇਸ ਨੂੰ ਖੋਲ੍ਹ ਕੇ ਇਕ ਚੰਗਾ ਉੱਦਮ ਕੀਤਾ ਹੈ। ਉਨ੍ਹਾਂ ਇਹ ਵੀ ਆਖਿਆ ਕਿ ਅਜਿਹੇ ਉਪਰਾਲੇ ਦੋਹਾਂ ਦੇਸ਼ਾਂ ਦੇ ਲੋਕਾਂ ਨੂੰ ਆਪਸ ਨਾਲ ਜੋੜਦੇ ਹਨ ਅਤੇ ਭਾਈਚਾਰਕ ਸਾਂਝ ਵੀ ਮਜ਼ਬੂਤ ਹੁੰਦੀ ਹੈ।

ਸਫ਼ਾ 1 ਦਾ ਬਾਕੀ...

## ਨਗਰ ਕੀਰਤਨ...

ਕੀਤਾ। ਇਸ ਮੌਕੇ ਪਾਕਿਸਤਾਨ ਗੁਰਦੁਆਰਾ ਕਮੇਟੀ ਦੇ ਜਨਰਲ ਸਕੱਤਰ ਸ. ਅਮੀਰ ਸਿੰਘ ਨੇ ਆਖਿਆ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਸਿੱਖ ਸੰਗਤਾਂ ਦੀਆਂ ਲੱਗੀਆਂ ਰੌਣਕਾਂ ਸਾਂਝਾਂ ਦਾ ਪ੍ਰਤੀਕ ਹਨ। ਉਨ੍ਹਾਂ ਆਖਿਆ ਕਿ ਅਜਿਹੇ ਮੌਕੇ ਮੁੱਦਤਾਂ ਬਾਅਦ ਬਣਦੇ ਹਨ। ਸ. ਅਮੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦੀ ਗੱਲ ਕਰਦਿਆਂ ਕਿਹਾ ਕਿ ਸਿੱਖ ਕੌਮ ਦੇ ਹਰ ਮਸਲੇ ਦਾ ਹੱਲ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੀ ਨਿਕਲ ਸਕਦਾ ਹੈ ਅਤੇ ਇਸ ਮਹਾਨ ਤਖ਼ਤ ਦੀਆਂ ਸ਼ਾਨਾਂ ਨੇ ਸਿੱਖਾਂ ਦੀ ਵਿਲੱਖਣ ਹੋਂਦ ਹਸਤੀ ਵਿਸ਼ਵ ਵਿਚ ਪ੍ਰਗਟ ਕੀਤੀ ਹੈ। ਪਾਕਿਸਤਾਨ ਦੇ ਨੌਜੁਆਨ ਸਿੱਖ ਆਗੂ ਡਾ. ਮਹੀਪਾਲ ਸਿੰਘ ਨੇ ਵੀ ਸੰਗਤਾਂ ਨਾਲ ਆਪਣੇ ਵਿਚਾਰ ਪ੍ਰਗਟ ਕੀਤੇ।

### ਵਾਹਗਾ ਸਰਹੱਦ ਰਾਹੀਂ ਭਾਰਤ ਦਾਖ਼ਲ ਹੋਣ ਸਮੇਂ ਸੰਗਤਾਂ ਵੱਲੋਂ ਭਰਵਾਂ ਸਵਾਗਤ

ਇਹ ਅੰਤਰਰਾਸ਼ਟਰੀ ਨਗਰ ਕੀਰਤਨ ਵਾਹਗਾ ਅਟਾਰੀ ਸਰਹੱਦ ਤੋਂ ਸੜਕ ਰਸਤੇ ਸ਼ਾਮ 4:00 ਵਜੇ ਭਾਰਤ ਪੁੱਜਾ, ਜਿਥੇ ਵੱਖ-ਵੱਖ ਧਾਰਮਿਕ, ਸਮਾਜਿਕ, ਰਾਜਨੀਤਕ ਸ਼ਖ਼ਸੀਅਤਾਂ ਸਮੇਤ ਲੱਖਾਂ ਦੀ ਤਾਦਾਦ ਵਿਚ ਸੰਗਤਾਂ ਨੇ ਨਗਰ ਕੀਰਤਨ ਦਾ ਸ਼ਰਧਾ ਭਾਵਨਾ ਨਾਲ ਸਵਾਗਤ ਕੀਤਾ। ਇਹ ਦ੍ਰਿਸ਼ ਆਪਣੇ ਆਪ ਵਿਚ ਅਲੌਕਿਕ ਸੀ। ਜ਼ੀਰੋ ਲਾਈਨ ਤੋਂ ਜਿਉਂ ਹੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਤਿਕਾਰ ਸਹਿਤ ਲੈ ਕੇ ਭਾਰਤ ਦਾਖ਼ਲ ਹੋਏ ਤਾਂ ਸੰਗਤਾਂ ਨੇ ਅਕਾਸ਼ ਗੂੰਜਾਊ ਜੈਕਾਰਿਆਂ ਨਾਲ ਸਰਹੱਦ ਦਾ ਮਾਹੌਲ ਖ਼ਾਲਸਈ ਰੰਗ ਵਿਚ ਰੰਗ ਦਿੱਤਾ। ਭਾਰਤ ਦਾਖਲ ਹੋਣ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਨੇ ਰੁਮਾਲਾ ਸਾਹਿਬ ਭੇਟ ਕਰਕੇ ਸ਼ਰਧਾ ਪ੍ਰਗਟਾਈ। ਇਸ ਮੌਕੇ ਨਗਰ ਕੀਰਤਨ ਦੇ ਦਰਸ਼ਨਾਂ ਲਈ ਜਥੇਦਾਰ ਤੋਤਾ ਸਿੰਘ, ਸ. ਬਿਕਰਮ ਸਿੰਘ ਮਜੀਠੀਆ, ਬੀਬੀ ਜਗੀਰ ਕੌਰ, ਸ. ਗੁਲਜ਼ਾਰ ਸਿੰਘ ਰਣੀਕੇ, ਸ. ਨਿਰਮਲ ਸਿੰਘ ਕਾਹਲੋਂ, ਸ. ਵਿਰਸਾ ਸਿੰਘ ਵਲਟੋਹਾ, ਦਮਦਮੀ ਟਕਸਾਲ ਦੇ ਮੁਖੀ ਬਾਬਾ







ਹਰਨਾਮ ਸਿੰਘ ਖ਼ਾਲਸਾ, ਕੈਬਨਿਟ ਮੰਤਰੀ ਸ. ਚਰਨਜੀਤ ਸਿੰਘ ਚੰਨੀ, ਸ੍ਰੀ. ਓ.ਪੀ. ਸੋਨੀ, ਐਮ.ਪੀ. ਸ. ਗੁਰਜੀਤ ਸਿੰਘ ਔਜਲਾ ਸਮੇਤ ਲੱਖਾਂ ਦੀ ਤਾਦਾਦ ਵਿਚ ਸੰਗਤਾਂ ਅਟਾਰੀ ਸਰਹੱਦ ਵਿਖੇ ਪੁੱਜੀਆਂ ਹੋਈਆਂ ਸਨ। ਇਥੇ ਪੰਜਾਬ ਪੁਲਿਸ ਨੇ ਆਪਣੇ ਰਵਾਇਤੀ ਢੰਗ ਨਾਲ 'ਗਾਡ ਆਫ ਆਨਰ' ਦਿੱਤਾ। ਅਟਾਰੀ ਸਰਹੱਦ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲਈ ਰਵਾਨਾ ਹੋਏ ਨਗਰ ਕੀਰਤਨ ਲਈ ਸੰਗਤਾਂ ਦਾ ਇਨ੍ਹਾਂ ਭਾਰੀ ਇਕੱਠ ਸੀ ਕਿ ਨਗਰ ਕੀਰਤਨ ਅਗਲੀ ਸਵੇਰ ਸਮੇਂ ਸ੍ਰੀ ਦਰਬਾਰ ਸਾਹਿਬ ਪਹੁੰਚ ਸਕਿਆ ਜਿਥੋਂ ਅਗਲੇ ਪੜਾਅ ਡੇਰਾ ਬਾਬਾ ਨਾਨਕ ਲਈ ਰਵਾਨਾ ਹੋ ਗਿਆ। ਨਗਰ ਕੀਰਤਨ ਦੀ ਆਰੰਭਤਾ ਮੌਕੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਸ. ਹੀਰਾ ਸਿੰਘ ਗਾਬੜੀਆ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਸ. ਸ਼ਿੰਗਾਰਾ ਸਿੰਘ ਲੋਹੀਆਂ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੋਹਣ ਸਿੰਘ ਠੰਡਲ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਦੀਪ ਸਿੰਘ ਭਾਟੀਆ, ਮੁੱਖ ਸਕੱਤਰ ਡਾ. ਰੂਪ ਸਿੰਘ, ਸ. ਕਰਨੈਲ ਸਿੰਘ ਪੰਜੋਲੀ, ਸ. ਹਰਪਾਲ ਸਿੰਘ ਜੱਲ੍ਹਾ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਮੇਜਰ ਸਿੰਘ ਢਿੱਲੋਂ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਕੌਰ ਸਿੰਘ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਰਣਜੀਤ ਸਿੰਘ ਕਾਹਲੋਂ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਕੁਲਵੰਤ ਸਿੰਘ ਮੰਨਣ, ਸ. ਗੁਰਤੇਜ ਸਿੰਘ ਢੱਡੇ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਅਮਰਬੀਰ ਸਿੰਘ ਢੋਟ, ਬੀਬੀ ਹਰਜਿੰਦਰ ਕੌਰ, ਬੀਬੀ ਕਿਰਨਜੋਤ ਕੌਰ, ਬੀਬੀ ਗੁਰਪ੍ਰੀਤ ਕੌਰ ਰੂਹੀ, ਬੀਬੀ ਪਰਮਜੀਤ ਕੌਰ ਲਾਂਡਰਾਂ, ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਪ੍ਰੇਮ ਸਿੰਘ, ਭਾਈ ਦਇਆ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਬਘੇਲ ਸਿੰਘ, ਸ. ਜਗਸੀਰ ਸਿੰਘ, ਪਾਕਿਸਤਾਨ ਕਮੇਟੀ ਮੈਂਬਰ, ਪਾਕਿਸਤਾਨ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿਚ ਪਾਕਿਸਤਾਨ ਅਤੇ ਭਾਰਤ ਤੋਂ ਪੁੱਜੀਆਂ ਸੰਗਤਾਂ ਹਾਜ਼ਰ ਸਨ।



# ਸ੍ਰੀ ਨਨਕਾਣਾ ਸਾਹਿਬ ਦੇ ਸਿੱਖ ਨੌਜੁਆਨਾਂ ਨੂੰ ਸ਼੍ਰੋਮਣੀ ਕਮੇਟੀ ਨੇ ਦਿੱਤੀਆਂ ਗਤਕਾ ਕਿੱਟਾਂ

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਹੋਏ ਸ਼ਾਮ ਦੇ ਗੁਰਮਤਿ ਸਮਾਗਮ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਨਨਕਾਣਾ ਸਾਹਿਬ ਦੇ ਸਿੱਖ ਨੌਜੁਆਨਾਂ ਨੂੰ ਗਤਕਾ ਕਿੱਟਾਂ ਦਿੱਤੀਆਂ ਗਈਆਂ। ਨਿਰਵੈਰ ਖ਼ਾਲਸਾ ਗਤਕਾ ਅਖਾੜਾ ਸ੍ਰੀ ਨਨਕਾਣਾ ਸਾਹਿਬ ਅਤੇ ਹੋਰ ਗੁਰਸਿੱਖ ਨੌਜੁਆਨਾਂ ਨੂੰ ਗਤਕਾ ਸਿਖਲਾਈ ਲਈ ਸ਼੍ਰੋਮਣੀ ਕਮੇਟੀ ਵੱਲੋਂ ਤਿੰਨ ਗਤਕਾ ਕਿੱਟਾਂ ਪ੍ਰਵਾਨ ਕੀਤੀਆਂ ਗਈਆਂ ਸਨ, ਜੋ ਅੱਜ ਸਮਾਗਮ ਦੌਰਾਨ ਸਬੰਧਤਾਂ ਨੂੰ ਪ੍ਰਦਾਨ ਕੀਤੀਆਂ।

ਇਸ ਮੌਕੇ ਭਾਈ ਲੌਂਗੋਵਾਲ ਨੇ ਆਖਿਆ ਕਿ ਗਤਕਾ ਸਿੱਖ ਮਾਰਸ਼ਲ ਆਰਟ ਦਾ ਬੇਹਤਰ ਪ੍ਰਗਟਾਵਾ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੌਜੁਆਨਾਂ ਨੂੰ ਸਿੱਖ ਸੱਭਿਆਚਾਰ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ



ਕਰਦੀ ਰਹੇਗੀ। ਇਸ ਤੋਂ ਪਹਿਲਾਂ ਨਨਕਾਣਾ ਸਾਹਿਬ ਦੀਆਂ ਸਿੱਖ ਬੱਚੀਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਕਥਾ ਕੀਤੀ।

# ਭਾਈ ਮਰਦਾਨਾ ਜੀ ਦੇ ਵੰਸ਼ਜ਼ ਭਾਈ ਸਰਫਰਾਜ਼ ਦੇ ਜਥੇ ਨੂੰ ਮਾਸਿਕ ਸਹਾਇਤਾ ਦੀ ਪਹਿਲੀ ਕਿਸ਼ਤ ਦਿੱਤੀ



ਸ੍ਰੀ ਨਨਕਾਣਾ ਸਾਹਿਬ ਤੋਂ ਅੰਤਰਰਾਸ਼ਟਰੀ ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼ਾਮਲ ਹੋਣ ਲਈ ਪਾਕਿਸਤਾਨ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਭਾਈ ਮਰਦਾਨਾ ਜੀ ਦੇ ਵੰਸ਼ਜ਼ ਭਾਈ ਲਾਲ ਜੀ ਦੇ ਪੋਤਰੇ ਭਾਈ ਸਰਫਰਾਜ਼ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਮਾਸਿਕ ਸਹਾਇਤਾ ਦੀ ਪਹਿਲੀ ਕਿਸ਼ਤ 21 ਹਜ਼ਾਰ ਪ੍ਰਦਾਨ ਕੀਤੀ ਗਈ। ਸਹਾਇਤਾ ਰਾਸ਼ੀ ਦੇਣ ਸਮੇਂ ਭਾਈ ਲੌਂਗੋਵਾਲ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੀ ਮੌਜੂਦ ਸਨ। ਦੱਸਣਯੋਗ ਹੈ ਕਿ ਪਿਛਲੇ ਦਿਨੀਂ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਮਰਦਾਨਾ ਜੀ ਦੇ ਵੰਸ਼ਜ਼ ਨੂੰ ਮਾਸਿਕ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਸੀ। ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸਜੇ ਸ਼ਾਮ ਦੇ ਦੀਵਾਨ ਸਮੇਂ ਪ੍ਰਵਾਨਿਤ ਰਾਸ਼ੀ ਸਬੰਧਤਾਂ ਨੂੰ ਦਿੱਤੀ ਗਈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ 21 ਹਜ਼ਾਰ ਰੁਪਏ ਦੀ ਇਹ ਸਹਾਇਤਾ ਹਰ ਮਹੀਨੇ ਭਾਈ ਸਰਫਰਾਜ਼ ਦੇ ਜਥੇ ਨੂੰ ਦਿੱਤੀ ਜਾਇਆ ਕਰੇਗੀ। ਇਸ ਤੋਂ ਇਲਾਵਾ ਭਾਈ ਸਰਫਰਾਜ਼ ਦੀ ਮਾਤਾ ਦੇ ਇਲਾਜ਼ ਲਈ 11 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਵੀ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀ ਗਈ।

## ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਵਿੱਦਿਅਕ ਅਦਾਰੇ

### ਨੈਕ ਬੰਗਲੌਰ ਵੱਲੋਂ 'ਏ' ਗ੍ਰੇਡ, 'ਕਾਲਜ ਵਿਦ ਪੋਟੈਂਸ਼ੀਅਲ ਫਾਰ ਐਕਸੀਲੈਂਸ' ਤੇ ਯੂ.ਜੀ.ਸੀ. ਵੱਲੋਂ 'ਆਟੋਨੌਮਸ ਕਾਲਜ' ਦਾ ਦਰਜਾ ਪ੍ਰਾਪਤ

# ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ

ਸ਼ਿਵਾਲਿਕ ਦੀਆਂ ਰਮਣੀਕ ਵਾਦੀਆਂ ਵਿੱਚ ਸਥਿਤ, ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਅਤੇ ਸੰਸਾਰ ਪ੍ਰਸਿੱਧ ਧਾਰਮਿਕ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਾਸਾਨੀ ਸਖ਼ਸ਼ੀਅਤ ਦੇ ਮਾਲਕ ਅਤੇ ਸ਼ਹਾਦਤ ਦੇ ਪੁੰਜ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਨਾਮ ਤੇ ਚੱਲ ਰਿਹਾ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ 1968 ਵਿੱਚ ਸੰਤ ਮਹਿੰਦਰ ਸਿੰਘ ਹਰਖੋਵਾਲ ਜੀ ਦੇ ਵਿਸ਼ੇਸ਼ ਯਤਨਾਂ ਸਦਕਾ ਸਥਾਪਿਤ ਹੋਇਆ। 19 ਜੁਲਾਈ 1977 ਨੂੰ ਸਿੱਖਾਂ ਦੀ ਸਰਵਉੱਚ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਕਾਲਜ ਦਾ ਪ੍ਰਬੰਧ ਸੰਭਾਲਿਆ। ਹੁਣ ਇਸ ਸਮੇਂ ਇਸ ਸੰਸਥਾ ਦੀ ਅਗਵਾਈ ਦੂਰਅੰਦੇਸ਼ੀ ਅਤੇ ਕੁਸ਼ਲ ਸੰਚਾਲਕ ਭਾਈ ਗੋਬਿੰਦ ਸਿੰਘ ਲੌਂਗੋਵਾਲ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਰ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਯੋਗ ਅਗਵਾਈ ਵਿੱਚ, ਉਚੇਰੀ ਸਿੱਖਿਆ ਦੇ ਖੇਤਰ ਵਿੱਚ ਤੇਜ਼ੀ ਨਾਲ ਵਿਕਾਸ ਕਰ ਰਿਹਾ ਇਹ ਕਾਲਜ ਸੂਬੇ ਦੀਆਂ ਚੋਣਵੀਆਂ ਸੰਸਥਾਵਾਂ ਵਿੱਚ ਅਹਿਮ ਮੁਕਾਮ ਹਾਸਿਲ ਕਰ ਚੁੱਕਿਆ ਹੈ। ਲੰਮੀ ਜੱਦੋ-ਜ਼ਹਿਦ ਅਤੇ ਅਣਥੱਕ ਮਿਹਨਤ ਸਦਕਾ ਅੱਜ ਇਹ ਕਾਲਜ ਜਿੱਥੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਮਾਨਤਾ ਪ੍ਰਾਪਤ ਹੈ ਉੱਥੇ ਇਹ ਕਾਲਜ ਨੈਕ ਬੰਗਲੌਰ ਵੱਲੋਂ "ਏ" ਗ੍ਰੇਡ ਨਾਲ ਵੀ ਪ੍ਰਮਾਣਿਤ ਹੈ। ਅਪ੍ਰੈਲ 2016 ਵਿੱਚ ਇਸ ਕਾਲਜ ਨੂੰ "ਕਾਲਜ ਵਿਦ ਪੋਟੈਂਸ਼ੀਅਲ ਫਾਰ ਐਕਸੀਲੈਂਸ (ਸੀ.ਪੀ.ਈ.)" ਦਾ ਸਟੇਟਸ ਵੀ ਪ੍ਰਾਪਤ ਹੋਇਆ ਹੈ। ਵਰਣਨਯੋਗ ਹੈ ਕਿ ਇਹ ਸਟੇਟਸ ਉਨ੍ਹਾਂ ਕਾਲਜਾਂ ਨੂੰ ਹੀ ਪ੍ਰਾਪਤ ਹੁੰਦਾ ਹੈ ਜਿਨ੍ਹਾਂ ਨੂੰ ਪਹਿਲਾਂ ਨੈਕ ਵੱਲੋਂ 'ਏ' ਗ੍ਰੇਡ ਪ੍ਰਾਪਤ ਹੋਇਆ ਹੋਵੇ। ਇਹ ਸਟੇਟਸ ਭਾਰਤ ਦੇ 306 ਕਾਲਜਾਂ ਨੂੰ, ਪੰਜਾਬ ਦੇ 07 ਕਾਲਜਾਂ ਨੂੰ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ 02 ਕਾਲਜਾਂ ਨੂੰ ਪ੍ਰਾਪਤ ਹੋਇਆ ਹੈ ਜਿਨ੍ਹਾਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਅਨੰਦਪੁਰ ਸਾਹਿਬ ਇੱਕ ਹੈ। ਭਾਰਤ ਸਰਕਾਰ ਦੇ ਬਾਇਓਟੈਕਨਾਲੌਜੀ ਵਿਭਾਗ ਵੱਲੋਂ ਇਸ ਕਾਲਜ ਨੂੰ "ਸਟਾਰ ਕਾਲਜ" ਦੀ ਸਕੀਮ ਪ੍ਰਾਪਤ ਹੈ ਅਤੇ "ਉੱਨਤ ਭਾਰਤ ਅਭਿਆਨ" ਸਕੀਮ ਵੀ ਪ੍ਰਾਪਤ ਹੋ ਚੁੱਕੀ ਹੈ। ਸੈਸ਼ਨ 2018-19 ਵਿੱਚ ਯੂ.ਜੀ.ਸੀ. ਵੱਲੋਂ ਕਾਲਜ ਦੀ ਕੀਤੀ ਅਸੈਸਮੈਂਟ ਦੌਰਾਨ ਕਾਲਜ ਨੂੰ ਵਿੱਦਿਅਕ ਵਰ੍ਹੇ 2019-20 ਤੋਂ 'ਆਟੋਨੌਮਸ ਕਾਲਜ' ਦਾ ਅਤਿ ਸਨਮਾਨਯੋਗ ਦਰਜਾ ਦਿੱਤਾ ਗਿਆ ਹੈ।

ਡਾ. ਤਜਿੰਦਰ ਕੌਰ ਧਾਲੀਵਾਲ, ਡਾਇਰੈਕਟਰ ਐਜੂਕੇਸ਼ਨ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੀ ਯੋਗ ਅਗਵਾਈ ਅਧੀਨ ਕੰਮ ਕਰ ਰਹੇ ਸੂਝਵਾਨ ਅਧਿਆਪਕ ਸਾਹਿਬਾਨ ਦੇ ਸਹਿਯੋਗ ਇਹ ਕਾਲਜ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ ਹੈ। ਪਿਛਲੇ ਕੁੱਝ ਸਾਲਾਂ ਵਿੱਚ ਇਸ ਕਾਲਜ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਭਾਰੀ ਵਾਧਾ ਹੋਇਆ ਹੈ। ਅੱਜ 3000 ਤੋਂ ਵੱਧ ਵਿਦਿਆਰਥੀ ਇਸ ਕਾਲਜ ਵਿਖੇ ਉਚੇਰੀ ਵਿੱਦਿਆ ਪ੍ਰਾਪਤ ਕਰ ਰਹੇ ਹਨ। ਸਾਲ 2018-19 ਦੌਰਾਨ ਕਾਲਜ ਵਿੱਚ ਵਿਦਿਆਰਥੀਆਂ ਦੀ ਗਿਣਤੀ 3500 ਅਤੇ ਅਗਲੇ ਪੰਜ ਸਾਲਾਂ ਵਿੱਚ 8000 ਤੋਂ ਪਾਰ ਕਰ ਜਾਣ ਦੀ ਸੰਭਾਵਨਾ ਹੈ। ਉਸ ਸੰਭਾਵਨਾ ਦੇ ਮੱਦੇਨਜ਼ਰ 16 ਕਲਾਸ ਰੂਮ ਵਾਲਾ, ਚਾਰ ਮੰਜ਼ਿਲਾ ਬਲਾਕ ਬਣ ਕੇ ਤਿਆਰ ਹੋ ਚੁੱਕਿਆ ਹੈ, ਜਿਸ ਵਿੱਚ 500 ਦੇ ਕਰੀਬ ਵਿਦਿਆਰਥੀਆਂ ਲਈ ਕਲਾਸਾਂ ਲਗਾਉਣ ਦਾ ਯੋਗ ਪ੍ਰਬੰਧ ਹੈ। ਇਸ ਸਮੇਂ ਕਾਲਜ ਵਿੱਚ ਐਮ.ਕਾਮ, ਐਮ.ਐਸ.ਸੀ (ਆਈ.ਟੀ), ਐਮ.ਐਸ.ਸੀ (ਆਈ.ਟੀ) ਲੇਟਰਲ ਐਂਟਰੀ, ਐਮ.ਏ (ਪੰਜਾਬੀ), ਐਮ.ਏ (ਹਿਸਟਰੀ), ਐਮ.ਏ. (ਹਿੰਦੀ), ਐਮ.ਏ. (ਇੰਗਲਿਸ਼), ਐਮ.ਏ. (ਪੁਲਿਟੀਕਲ ਸਾਇੰਸ),ਐਮ.ਐਸ.ਸੀ. (ਮੈਥੇਮੈਟਿਕਸ), ਐਮ.ਐਸ.ਸੀ. (ਫਿਜ਼ਿਕਸ), ਐਮ.ਐਸ.ਸੀ. (ਕਮਿਸਟਰੀ), ਐਮ.ਐਸ.ਸੀ. (ਬਾਟਨੀ), ਬੀ.ਕਾਮ.(ਜਨਰਲ), ਬੀ.ਕਾਮ. (ਆਨਰਜ਼), ਬੀ.ਕਾਮ (ਅਕਾਂਊਂਟਿੰਗ ਐਂਡ ਫਾਇਨਾਂਸ), ਬੀ.ਬੀ.ਏ., ਬੀ.ਸੀ.ਏ., ਬੀ.ਐਸ.ਸੀ (ਮੈਡੀਕਲ), ਬੀ.ਐਸ.ਸੀ. (ਨਾਨ ਮੈਡੀਕਲ), ਬੀ.ਐਸ.ਸੀ. (ਆਨਰਜ਼ ਇਨ ਐਗਰੀਕਲਚਰ), ਬੀ.ਐਸ.ਸੀ. (ਆਨਰਜ਼ ਇਨ ਫਿਜ਼ਿਕਸ), ਬੀ.ਐਸ.ਸੀ. (ਆਨਰਜ਼ ਇਨ ਮੈਥੇਮੈਟਿਕਸ), ਬੀ.ਐਸ.ਸੀ. (ਆਨਰਜ਼ ਇਨ ਕਮਿਸਟਰੀ), ਬੀ.ਏ. (ਆਨਰਜ਼ ਸਕੂਲ ਇਨ ਇੰਗਲਿਸ਼), ਬੀ.ਵਾਕ.(ਸਾਫ਼ਟਵੇਅਰ ਡਿਵੈਲਪਮੈਂਟ), ਬੀ.ਵਾਕ.(ਫੂਡ ਪ੍ਰੋਸੈਸਿੰਗ), ਬੀ.ਵਾਕ (ਰਿਟੇਲ ਮੈਨੇਜਮੈਂਟ),ਬੀ.ਵਾਕ (ਹਾਸਪਿਟੈਲਿਟੀ ਐਂਡ ਟੂਰਿਜ਼ਮ), ਪੀ. ਜੀ. ਡੀ. ਸੀ.ਏ,ਡਿਪਲੋਮਾ ਇਨ ਐਗਰੀਕਲਚਰ ਅਤੇ ਬੀ.ਏ. ਦੇ ਕੋਰਸ ਸਫ਼ਲਤਾ ਪੂਰਵਕ ਚੱਲ ਰਹੇ ਹਨ।

ਇਲਾਕੇ ਦੇ ਵਿਦਿਆਰਥੀਆਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਸੈਸ਼ਨ 2019-20 ਤੋਂ ਐਮ.ਏ. (ਇਕਨਾਮਿਕਸ), ਐਮ.ਐਸ.ਸੀ. (ਆਨਰਜ਼ ਇਨ ਕਮਿਸਟਰੀ), ਐਮ.ਐਸ. ਸੀ. (ਜ਼ੂਆਲੌਜ਼ੀ), ਡਿਪਲੋਮਾ ਇਨ ਕੰਪਿਊਟਰ ਹਾਰਡਵੇਅਰ ਐਂਡ ਨੈਟਵਰਕਿੰਗ ਅਤੇ ਸਰਟੀਫ਼ਿਕੇਟ ਕੋਰਸ ਇਨ ਵੈੱਬ ਡਿਜ਼ਾਇਨਿੰਗ ਦੇ ਨਵੇਂ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ। ਇਸ ਕਾਲਜ ਵਿੱਚ ਉੱਚ-ਪੱਧਰ ਦੇ ਕਿੱਤਾ ਮੁਖੀ ਕੋਰਸ ਸ਼ੁਰੂ ਹੋਣ ਸਦਕਾ ਇਹ ਕਾਲਜ ਜਿੱਥੇ ਆਰਥਿਕ ਤੌਰ ਤੇ ਮਜ਼ਬੂਤ ਹੋਇਆ ਹੈ ਉੱਥੇ ਕਾਲਜ ਨੂੰ ਨਵੀਂ ਨੁਹਾਰ ਵੀ ਪ੍ਰਾਪਤ ਹੋਈ ਹੈ।

ਅੱਜ ਇਸ ਕਾਲਜ ਕੈਂਪਸ ਵਿੱਚ "4ਜੀ" ਇੰਟਰਨੈੱਟ ਤਕਨਾਲੌਜੀ ਅਤੇ "ਵਾਈ-ਫ਼ਾਈ" ਦੀ ਸੁਵਿਧਾ ਉਪਲੱਬਧ ਹੈ। ਇਸ ਦੇ ਨਾਲ ਹੀ 150 ਸੀਟਾਂ ਵਾਲੇ ਏ.ਸੀ. ਕਾਨਫ਼ਰੰਸ ਹਾਲ ਦਾ ਨਿਰਮਾਣ ਵੀ ਕੀਤਾ ਗਿਆ ਹੈ। ਕਾਲਜ ਵਿੱਚ ਉਸਾਰੀ ਅਧੀਨ ਇੱਕ ਅਤਿ-ਆਧੁਨਿਕ ਅਤੇ ਵਿਸ਼ਾਲ ਪੰਜ ਮੰਜ਼ਿਲਾ ਪੀ.ਜੀ. ਅਤੇ ਮਲਟੀਪਰਪਜ਼ ਬਲਾਕ ਬਣ ਕੇ ਤਿਆਰ ਹੋਣ ਵਾਲਾ ਹੈ, ਜਿਸ ਵਿੱਚ ਵਿਦਿਆਰਥੀਆਂ ਦੀ ਸਹੂਲਤ ਲਈ ਲਿਫ਼ਟ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ।

ਅਕਾਦਮਿਕ ਖੇਤਰ ਵਿੱਚ ਕਾਲਜ ਦੇ 18 ਵਿਦਿਆਰਥੀਆਂ ਨੇ 82% ਤੋਂ 93% ਅੰਕ ਪ੍ਰਾਪਤ ਕਰਕੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ ਮੈਰਿਟ ਲਿਸਟ ਵਿੱਚ ਨਾਮ ਦਰਜ਼ ਕੀਤਾ। ਕਾਲਜ ਦੇ 100 ਵਿਦਿਆਰਥੀਆਂ ਨੇ 75% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਬੀ.ਐਸ.ਸੀ. (ਮੈਡੀਕਲ ਅਤੇ ਨਾਨ ਮੈਡੀਕਲ), ਬੀ.ਐਸ.ਸੀ. (ਐਗਰੀਕਲਚਰ), ਬੀ.ਬੀ.ਏ., ਬੀ.ਸੀ.ਏ., ਬੀ.ਕਾਮ(ਜਰਨਲ), ਬੀ.ਕਾਮ.(ਪ੍ਰੋਫੈਸ਼ਨਲ), ਬੀ.ਕਾਮ.(ਅਕਾਊਂਟਿੰਗ ਐਂਡ ਫਾਇਨਾਂਸ), ਪੀ.ਜੀ.ਡੀ.ਸੀ.ਏ., ਐਮ.ਐਸ.ਸੀ.(ਆਈ.ਟੀ.), ਐਮ.ਐਸ.ਸੀ.(ਮੈਥੇਮੈਟਿਕਸ), ਐਮ.ਕਾਮ, ਐਮ.ਏ.(ਪੰਜਾਬੀ), ਐਮ.ਏ.(ਹਿਸਟਰੀ), ਐਮ.ਏ.(ਹਿੰਦੀ) ਅਤੇ ਐਮ.ਏ.(ਇੰਗਲਿਸ਼) ਦੇ ਨਤੀਜੇ 100% ਰਹੇ।

ਵਿਦਿਆਰਥੀਆਂ ਦੀ ਬਹੁਪੱਖੀ ਪ੍ਰਤਿਭਾ ਨੂੰ ਉਭਾਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਕਾਲਜ ਵੱਲੋਂ ਵਿਸ਼ੇਸ਼ ਟ੍ਰੇਨਿੰਗ ਦੇ ਕੇ ਉਨ੍ਹਾਂ ਦੀ ਰਾਸ਼ਟਰੀ ਅਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਸ਼ਮੂਲੀਅਤ ਕਰਵਾਈ ਜਾਂਦੀ ਹੈ। ਵਿਦਿਆਰਥੀ ਇਨ੍ਹਾਂ ਮੁਕਾਬਲਿਆਂ ਵਿੱਚ ਆਪਣੀ ਕਲਾ ਦਾ ਮੁਜ਼ਾਹਰਾ ਕਰਕੇ ਮਾਣਮੱਤੀਆਂ ਪ੍ਰਾਪਤੀਆਂ ਕਰਦੇ ਹਨ। ਇਸ ਸਾਲ ਵਿਦਿਆਰਥੀਆਂ ਨੇ ਜ਼ੋਨਲ ਯੂਥ ਫੈਸਟੀਵਲ ਵਿੱਚ ਸ਼ਾਮਿਲ 20 ਕਾਲਜਾਂ ਨੂੰ ਵੱਡੇ ਫ਼ਰਕ ਨਾਲ ਪਛਾੜ ਕੇ ਓਵਰ ਆਲ ਪਹਿਲਾ ਸਥਾਨ ਹਾਸਿਲ ਕੀਤਾ ਹੈ। ਇੰਟਰ ਜ਼ੋਨਲ ਯੂਥ ਫੈਸਟੀਵਲ ਵਿੱਚ ਕਾਲਜ ਨੇ ਸ਼ਲਾਘਾਯੋਗ ਪ੍ਰਾਪਤੀਆਂ ਕਰਦੇ ਹੋਏ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ 250 ਕਾਲਜਾਂ ਵਿੱਚੋਂ ਓਵਰਆਲ ਦੂਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਈਵੇਂਟਾਂ ਵਿੱਚ ਵੀ ਪਹਿਲੀਆਂ ਪੁਜੀਸ਼ਨਾ ਪ੍ਰਾਪਤ ਕੀਤੀਆਂ ਹਨ।

ਕਾਲਜ ਵਿੱਚ ਫੁੱਟਬਾਲ, ਬਾਸਕਟਬਾਲ, ਵਾਲੀਬਾਲ, ਬੈਡਮਿੰਟਨ, ਹਾਕੀ, ਵੇਟ-ਲਿਫਟਿੰਗ, ਕਬੱਡੀ (ਲੜਕੇ ਅਤੇ ਲੜਕੀਆਂ), ਚੈੱਸ, ਟੇਬਲ-ਟੈਨਿਸ, ਅਥਲੈਟਿਕਸ ਆਦਿ ਖੇਡਾਂ ਦਾ ਸੁਯੋਗ ਪ੍ਰਬੰਧ ਅਤੇ ਸਹੂਲਤਾਂ ਹਨ। 400 ਮੀਟਰ ਟ੍ਰੈਕ ਵਾਲਾ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਹੈ। ਇਸ ਸਾਲ ਲੜਕਿਆਂ ਦੀ ਰੱਸਾਕਸ਼ੀ ਟੀਮ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਅੰਤਰ ਕਾਲਜ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਇਨ੍ਹਾਂ ਵਿਚੋਂ ਦੋ ਖਿਡਾਰੀਆਂ ਦੀ ਚੋਣ ਸੀਨੀਅਰ ਨੈਸ਼ਨਲ ਮੁਕਾਬਲੇ ਅਤੇ ਅੰਤਰ ਯੂਨੀਵਰਸਿਟੀ ਮੁਕਾਬਲਿਆਂ ਲਈ ਹੋਈ। ਕਾਲਜ ਦੀ ਲੜਕੀਆਂ ਦੀ ਨੈਸ਼ਨਲ ਸਟਾਇਲ ਕਬੱਡੀ ਟੀਮ ਨੇ ਪੰਜਾਬੀ ਯੂਨੀਵਰਸਿਟੀ ਦੇ ਅੰਤਰ ਕਾਲਜ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਦੋ ਖਿਡਾਰਣਾਂ ਮਹਿਕਪ੍ਰੀਤ ਕੌਰ ਤੇ ਸੁਖਦੀਪ ਕੌਰ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਮੁਕਾਬਲੇ ਵਿੱਚ ਪੰਜਾਬੀ ਯੂਨੀਵਰਸਿਟੀ ਦੀ ਟੀਮ ਵਿੱਚ ਖੇਡਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੀ ਐਥਲੀਟ ਅੰਮ੍ਰਿਤ ਕੌਰ ਨੇ ਅੰਤਰ ਕਾਲਜ ਪੰਜਾਬੀ ਯੂਨੀਵਰਸਿਟੀ ਮੁਕਾਬਲਿਆਂ ਵਿੱਚ 100 ਅਤੇ 200 ਮੀਟਰ ਦੌੜ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਦੇ ਨਾਲ-ਨਾਲ ਆਲ ਇੰਡੀਆ ਇੰਟਰ ਯੂਨੀਵਰਸਿਟੀ ਮੁਕਾਬਲਿਆਂ ਵਿੱਚ ਪੰਜਾਬੀ ਯੂਨੀਵਰਸਿਟੀ ਦੀ ਪ੍ਰਤੀਨਿਧਤਾ ਵੀ ਕੀਤੀ। ਇਸੇ ਕੜੀ ਵਿੱਚ ਹਾਕੀ ਦੀ ਟੀਮ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਰਾਜ ਪੱਧਰੀ ਮੁਕਾਬਲਿਆਂ ਲਈ ਛੇ ਵਿਦਿਆਰਥੀਆਂ ਦੀ ਚੋਣ ਹੋਈ। 15ਵੀਆਂ ਖ਼ਾਲਸਾਈ ਖੇਡਾਂ ਜਿਸ ਦੀ ਮੇਜ਼ਬਾਨੀ ਕਾਲਜ ਵੱਲੋਂ ਕੀਤੀ ਗਈ ਅਤੇ ਇਨ੍ਹਾਂ ਦਾ ਉਦਘਾਟਨ ਮਾਨਯੋਗ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਕੀਤਾ ਗਿਆ। ਖਾਲਸਾਈ ਖੇਡਾਂ ਦੇ ਐਥਲੇਟਿਕਸ ਮੁਕਾਬਲਿਆਂ ਵਿੱਚ ਅੰਮ੍ਰਿਤ ਕੌਰ ਅਤੇ ਸੇਵਾ ਸਿੰਘ ਸਰਵੋਤਮ ਐਥਲੀਟ ਚੁਣੇ ਗਏ। ਲੜਕਿਆਂ ਦੀ ਐਥਲੇਟਿਕਸ ਦੀ ਟੀਮ ਨੇ ਓਵਰਆਲ ਪਹਿਲਾ ਸਥਾਨ 40 ਕਾਲਜਾਂ ਵਿੱਚੋਂ ਓਵਰਆਲ ਦੂਸਰਾ ਸਥਾਨ ਪ੍ਰਾਪਤ ਕਰਕੇ ਕਾਲਜ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ।

ਕਾਲਜ ਵਿੱਚ ਸਫ਼ਲਤਾ ਪੂਰਵਕ ਚੱਲ ਰਹੇ ਐਨ.ਐਸ.ਐਸ. ਦੇ ਤਿੰਨੇ ਯੂਨਿਟਾਂ ਦੇ ਪ੍ਰੋਗਰਾਮ ਅਫ਼ਸਰਾਂ ਨੇ ਸਮਾਜਿਕ ਚੇਤਨਾ ਅਤੇ ਉਸਾਰੂ ਸੋਚ ਸਦਕਾ ਕਾਲਜ ਵਿਚ ਵਾਤਾਵਰਣ ਦਿਵਸ, ਸਵੱਛਤਾ ਪੰਦਰਵਾੜਾ ਅਤੇ ਖੂਨਦਾਨ ਕੈਂਪ ਲਗਾਉਣ ਦੇ ਨਾਲ -ਨਾਲ ਸੱਤ ਰੋਜ਼ਾ ਕੈਂਪ ਦਾ ਆਯੋਜਨ ਕੀਤਾ। ਦੇਸ਼ ਦੇ ਨੌਜਵਾਨਾਂ ਨੂੰ ਸੇਵਾ ਦੇ ਕੰਮ ਵਿੱਚ ਲਾਉਣ ਲਈ ਸਰਕਾਰ ਨੇ ਕੌਮੀ ਸੇਵਾ ਯੋਜਨਾ ਆਰੰਭ ਕੀਤੀ ਹੋਈ ਹੈ। ਜਿਨ੍ਹਾਂ ਦੁਆਰਾ ਵਿੱਦਿਆਰਥੀਆਂ ਵਿੱਚ ਕਾਲਜ ਕੈਂਪਸ ਨੂੰ ਸੰਵਾਰਨ ਤੋਂ ਲੈ ਕੇ ਪੇਂਡੂ, ਸ਼ਹਿਰੀ ਸੇਵਾ ਅਤੇ ਸਮਾਜ ਉਸਾਰੀ ਦੇ ਕੰਮ ਕੀਤੇ ਜਾਂਦੇ ਹਨ। ਪ੍ਰੋੜ੍ਹ ਸਿੱਖਿਆ ਸੰਬੰਧੀ ਸਫ਼ਾਈ ਮੁਹਿੰਮ ਅਤੇ ਲੋਕਾਂ ਨੂੰ ਜਾਗਰਿਤ ਕਰਨ ਲਈ ਰੈਲੀਆਂ ਕੱਢੀਆਂ ਜਾਂਦੀਆਂ ਹਨ। ਵਿਦਿਆਰਥੀ ਨੌਜਵਾਨਾਂ ਵਿੱਚ ਅਗਵਾਈ, ਸਮਾਜ ਸੇਵਾ ਅਤੇ ਤਿਆਗ ਦੀ ਭਾਵਨਾ ਦਾ ਵਿਕਾਸ ਕਰਨ ਲਈ ਕਾਲਜ ਦੇ ਐਨ.ਐਸ.ਐਸ. ਯੂਨਿਟ ਸਮੇਂ-ਸਮੇਂ ਤੇ ਖੂਨਦਾਨ ਕੈਂਪ ਲਗਾ ਕੇ ਸਮਾਜ ਸੇਵਾ ਵਿੱਚ ਹਮੇਸ਼ਾ ਆਪਣਾ ਫਰਜ਼ ਬਾਖੂਬੀ ਨਿਭਾਉਂਦੇ ਹਨ। ਐਨ.ਐਸ.ਐਸ ਦੀਆਂ ਗਤੀਵਿਧੀਆਂ ਵਿੱਚ ਸ਼ਲਾਘਾਯੋਗ ਕਾਰਗੁਜ਼ਾਰੀ ਸਦਕਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਇਸ ਕਾਲਜ ਨੂੰ ਪਹਿਲਾਂ ਹੀ ਉੱਤਮ ਕਾਲਜ ਐਲਾਨਿਆ ਜਾ ਚੁੱਕਾ ਹੈ।

ਇਲਾਕੇ ਦੀ ਲੋੜ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਕਾਲਜ ਵਿੱਚ ਐਨ.ਸੀ.ਸੀ. ਦੇ 100 ਕੈਡਿਟਾਂ ਦਾ ਯੂਨਿਟ ਸਫਲਤਾ ਪੂਰਵਕ ਚਲ ਰਿਹਾ ਹੈ। ਕਾਲਜ ਦੇ 30 ਕੈਡਿਟਾਂ ਨੇ ਸਲਾਨਾ ਟ੍ਰੇਨਿੰਗ ਕੈਂਪ, ਰੋਪੜ ਅਤੇ ਇੱਕ ਕੈਡਿਟ ਨੇ ਰਾਸ਼ਟਰੀ ਟਰੈਕਿੰਗ ਕੈਂਪ ਵਿਚ ਹਿੱਸਾ ਲਿਆ। ਚੰਗਾ ਚਰਿੱਤਰ, ਨਿਰਸਵਾਰਥ ਸੇਵਾ, ਆਗੂ ਬਣਨ ਦੀ ਯੋਗਤਾ ਅਤੇ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਲਈ ਕਾਲਜ ਵਿੱਚ ਐਨ.ਸੀ.ਸੀ. (ਆਰਮੀ ਵਿੰਗ) ਦਾ ਵਿਸ਼ੇਸ਼ ਪ੍ਰਬੰਧ ਹੈ। ਵਿੱਦਿਅਕ ਵਰ੍ਹੇ 2013-14 ਤੋਂ ਕਾਲਜ ਨੂੰ 23 ਪੰਜਾਬ ਬਟਾਲੀਅਨ ਐਨ.ਸੀ.ਸੀ.ਰੂਪਨਗਰ ਦੀ ਇੱਕ ਯੂਨਿਟ ਅਲਾਟ ਕੀਤੀ ਹੋਈ ਹੈ। ਵਿਦਿਆਰਥੀਆਂ ਨੂੰ ਫੌਜ ਵਿੱਚ ਕਮਿਸ਼ਨ ਲੈਣ ਲਈ ਤਿਆਰ ਕੀਤਾ ਜਾਂਦਾ ਹੈ। ਵਿਦਿਆਰਥੀ ਨਿਮਨ ਕੋਰਸਾਂ ਅਤੇ ਮੁਹਿੰਮਾਂ ਵਿੱਚ ਹਿੱਸਾ ਲੈ ਸਕਦੇ ਹਨ।

1. ਸੰਯੁਕਤ ਸਾਲਾਨਾ ਟ੍ਰੇਨਿੰਗ ਕੈਂਪ
2. ਰਾਸ਼ਟਰੀ ਸਦਭਾਵਨਾ ਕੈਂਪ
3. ਗਣਤੰਤਰਤਾ ਦਿਵਸ ਪਰੇਡ ਕੈਂਪ
4. ਮਾਊਂਟੇਨਰਿੰਗ ਕੈਂਪ
5. ਫਾਇਰਿੰਗ ਅਤੇ ਮੈਪ ਰੀਡਿੰਗ ਟ੍ਰੇਨਿੰਗ ਕੈਂਪ
6. ਆਲ ਇੰਡੀਆ ਹਾਈਕਿੰਗ ਅਤੇ ਟ੍ਰੈਕਿੰਗ ਐਕਸਪੀਡੀਸ਼ਨ

ਕਾਲਜ ਦੇ ਸੁਨਹਿਰੀ 50ਵੇਂ ਵਰ੍ਹੇ ਮੌਕੇ 23 PB BN ਦੇ ਕਮਾਂਡਿੰਗ ਅਫਸਰ ਕਰਨਲ ਬੀ.ਪੀ.ਐਸ. ਠਾਕੁਰ ਨੇ ਵਿਦਿਆਰਥੀ ਵਰਗ ਵਿੱਚ ਲੀਡਰਸ਼ਿੱਪ, ਅਨੁਸ਼ਾਸ਼ਨ, ਕਰੈਕਟਰ ਡਿਵੈਲਪਮੈਂਟ ਪੈਦਾ ਕਰਨ ਲਈ ਅਤੇ ਆਰਮਡ ਫੋਰਸ ਵਿੱਚ ਦਾਖ਼ਲੇ ਲਈ ਮਿਤੀ 16 ਨਵੰਬਰ 2018 ਨੂੰ Sri Guru Teg Bahadur Armed Forces and Allied Services Preparatory Academy ਦਾ ਉਦਘਾਟਨ ਕੀਤਾ। ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ ਗਰਮੀ ਅਤੇ ਸਰਦੀ ਦੀਆਂ ਛੁੱਟੀਆਂ ਦੌਰਾਨ ਵਿਸ਼ੇਸ਼ ਕੈਂਪ ਵੀ ਲਗਾਏ ਜਾਂਦੇ ਹਨ ਅਤੇ PSYCHOLOGICAL TESTS ਲਏ ਜਾਂਦੇ ਹਨ।

ਧਾਰਮਿਕ ਗਤੀਵਿਧੀਆਂ ਵਿੱਚ ਕਾਲਜ ਦੇ ਵਿਦਿਆਰਥੀ ਲਗਭਗ ਸਾਰਾ ਸਾਲ ਹੀ ਕਾਰਜਸ਼ੀਲ ਰਹੇ। ਸਮੇਂ -ਸਮੇਂ 'ਤੇ ਆਯੋਜਿਤ ਧਾਰਮਿਕ ਪ੍ਰੀਖਿਆਵਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਉਤਸ਼ਾਹਜਨਕ ਨਤੀਜੇ ਪ੍ਰਾਪਤ ਹੋਏ। ਸੈਸ਼ਨ 2018-19 ਦਾ ਆਰੰਭ 15 ਜੁਲਾਈ 2018 ਨੂੰ ਕਾਲਜ ਗੁਰਦੁਆਰਾ ਸਾਹਿਬ ਵਿੱਚ ਅਰਦਾਸ ਕਰਕੇ ਕੀਤਾ ਗਿਆ। 22 ਤੋਂ 24 ਨਵੰਬਰ 2018 ਨੂੰ ਕਾਲਜ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਗੁਰਪੁਰਬ ਅਖੰਡ ਪਾਠ ਸਾਹਿਬ ਕਰਵਾ ਕੇ ਮਨਾਇਆ ਗਿਆ। ਇਸ ਮੌਕੇ ਵਿਦਿਅਰਥੀਆਂ ਦੇ ਦਸਤਾਰ ਮੁਕਾਬਲੇ,ਕਵਿਤਾ ਉਚਾਰਣ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। 1 ਅਤੇ 2 ਫਰਵਰੀ 2019 ਨੂੰ ਧਰਮ ਅਧਿਐਨ ਪੱਤਰ-ਵਿਹਾਰ ਕੋਰਸ ਦਾ ਇਮਿਤਿਹਾਨ ਆਯੋਜਿਤ ਕੀਤਾ ਗਿਆ। 7 ਅਤੇ 8 ਫਰਵਰੀ 2109 ਨੂੰ ਧਾਰਮਿਕ ਪ੍ਰੀਖਿਆ ਕਰਵਾਈ ਗਈ ਅਤੇ 28 ਫਰਵਰੀ 2019 ਨੂੰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਆਯੋਜਿਤ 'ਨੈਤਿਕ ਸਿੱਖਿਆ' ਇਮਿਤਿਹਾਨ ਕਰਵਾਇਆ ਗਿਆ ਜਿਸ ਵਿੱਚ ਕਾਲਜ ਦੇ 119 ਵਿਦਿਆਰਥੀਆਂ ਨੇ ਭਾਗ ਲਿਆ। ਕਾਲਜ ਵੱਲੋਂ ਹਰ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ ਜਾਂਦੀ ਹੈ। 19 ਅਪ੍ਰੈਲ 2019 ਨੂੰ ਕਾਲਜ ਵੱਲੋਂ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਸ੍ਰੀ ਗੁਰੁ ਨਾਨਕ ਦੇਵ ਜੀ ਦਾ ਜੀਵਨ ਅਤੇ ਫ਼ਿਲਾਸਫ਼ੀ' ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਆਯੋਜਿਤ ਕੀਤਾ ਗਿਆ।

ਕਾਲਜ ਵਿੱਚ ਹਰ ਸਾਲ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੁਆਰਾ ਨਵਾਂ ਸ਼ਹਿਰ ਰੋਪੜ ਜ਼ੋਨ ਦਾ ਅੰਤਰ ਕਾਲਜ ਯੁਵਕ ਮੇਲਾ ਆਯੋਜਿਤ ਕੀਤਾ ਜਾਂਦਾ ਹੈ ਜਿਸ ਵਿੱਚ ਵਿਦਿਆਰਥੀ ਗਤਕਾ, ਭਾਸ਼ਣ, ਕਵਿਤਾ, ਕੀਰਤਨ ਅਤੇ ਦਸਤਾਰਬੰਦੀ ਮੁਕਾਬਲਿਆਂ ਵਿੱਚ ਵਧ-ਚੜ ਕੇ ਹਿੱਸਾ ਲੈਂਦੇ ਹਨ। ਕਾਲਜ ਵਿੱਚ ਵੱਖੋ ਵੱਖਰੇ ਵਿਭਾਗਾਂ ਦੁਆਰਾ ਵਿਦਾਇਗੀ ਪਾਰਟੀਆਂ ਕਾਲਜ ਗੁਰਦੁਆਰਾ ਸਾਹਿਬ ਵਿੱਚ ਸਹਿਜ ਪਾਠ ਦੇ ਭੋਗ ਪਾ ਕੇ ਅਤੇ ਕੀਰਤਨ ਕਰਕੇ ਮਨਾਈਆਂ ਗਈਆਂ। ਕਾਲਜ ਵਿਖੇ ਰੈਡ-ਕਰਾਸ ਦਾ ਯੂਨਿਟ ਵੀ ਸਥਾਪਤ ਹੈ। ਜੋ ਆਪਣੀ ਸਫਲਤਾਪੂਰਵਕ ਕਾਰਗੁਜ਼ਾਰੀ ਸਦਕਾ ਕਾਲਜ ਅਤੇ ਇਲਾਕੇ ਵਿੱਚ ਆਪਣਾ ਵਿਸ਼ੇਸ਼ ਸਥਾਨ ਬਣਾ ਚੁੱਕਿਆ ਹੈ। ਅਨੰਦਪੁਰ ਸਾਹਿਬ ਵਿਖੇ ਮਨਾਏ ਗਏ ਹੋਲੇ-ਮੁਹੱਲੇ ਦੌਰਾਨ ਯਾਤਰੂਆਂ ਦੀ ਸਹਾਇਤਾ ਲਈ ਕੈਂਪ ਲਗਾ ਕੇ ਲੋੜਵੰਦਾਂ ਨੂੰ ਦਵਾਈਆਂ ਮੁਹੱਈਆ ਕੀਤੀਆਂ ਗਈਆਂ।

ਕਾਲਜ ਵਿਖੇ ਸਥਾਪਤ ਟਰੇਨਿੰਗ ਅਤੇ ਪਲੇਸਮੈਂਟ ਸੈੱਲ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਅਤੇ ਰੁਜਗਾਰ ਦੇ ਯੋਗ ਬਣਾਉਣਾ ਹੈ। ਇਹ ਸੈੱਲ ਵਿਦਿਆਰਥੀਆਂ ਦੀ ਪਲੇਸਮੈਂਟ ਲਈ ਨਿੱਗਰ ਉਪਰਾਲੇ ਕਰ ਰਿਹਾ ਹੈ। ਇਸ ਸੈਸ਼ਨ ਦੌਰਾਨ ਵਿਦਿਆਰਥੀਆਂ ਦੀ ਪਲੇਸਮੈਂਟ ਲਈ ਮੇਲਾ ਵੀ ਲਗਵਾਇਆ ਗਿਆ ਹੈ। ਆਉਣ ਵਾਲੇ ਸਾਲਾ ਵਿਚ ਇਹ ਸੈੱਲ ਹੋਰ ਵੀ ਵੱਡੇ ਪੱਧਰ ਦੀਆਂ ਗਤੀਵਿਧੀਆਂ ਕਰਨ ਦੇ ਸਮਰੱਥ ਹੋ ਜਾਵੇਗਾ।

ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰ ਮੰਤਰਲੇ ਵੱਲੋਂ ਕਾਲਜ ਵਿਖੇ 90.8 MHz ਫਰੀਕੁਏਂਸੀ ਉੱਪਰ ਚੱਲਣ ਵਾਲਾ ਕਮਿਊਨਿਟੀ ਰੇਡੀਓ ਸਟੇਸ਼ਨ ਵੀ ਸਥਾਪਿਤ ਕੀਤਾ ਜਾ ਚੁੱਕਾ ਹੈ। ਜਿਸ ਵਿੱਚ ਵਿਦਿਆਰਥੀਆਂ, ਸਮਾਜ ਅਤੇ ਧਰਮ ਦੇ ਨਾਲ ਸਬੰਧਿਤ ਪ੍ਰੋਗਰਾਮ ਪ੍ਰਸਾਰਤ ਕੀਤੇ ਜਾ ਰਹੇ ਹਨ। ਕਾਲਜ ਕੈਂਪਸ ਅੰਦਰ ਬਣੇ ਸ਼ਾਨਦਾਰ ਲੜਕੀਆਂ ਦੇ ਹੋਸਟਲ (ਜਿਸ ਵਿੱਚ 60 ਵਿਦਿਆਰਥਣਾਂ ਦੇ ਰਹਿਣ ਦੀ ਸੁਵਿਧਾ ਹੈ) ਲਈ ਸੁਰੱਖਿਆ ਪੱਖੋਂ ਪੁਖਤਾ ਪ੍ਰਬੰਧ ਕੀਤੇ ਹੋਏ ਹਨ। ਕਾਲਜ ਕੈਂਪਸ ਅੰਦਰ ਹੀ ਲੜਕੀਆਂ ਲਈ ਬੈਡਮਿੰਟਨ, ਬਾਸਕਟਬਾਲ, ਟੈਬਲ -ਟੈਨਿਸ, ਖੋ-ਖੋ ਅਤੇ ਕਬੱਡੀ ਦੇ ਖੇਡ ਮੈਦਾਨ ਵੀ ਬਣੇ ਹੋਏ ਹਨ।

ਕਾਲਜ ਦੇ ਵੱਖ- ਵੱਖ ਵਿਭਾਗਾਂ ਨਾਲ ਸਬੰਧਤ ਅਧਿਆਪਕ ਸਾਹਿਬਾਨ ਕਾਲਜ ਵਿੱਚ ਹੋਣ ਵਾਲੀਆਂ ਗਤੀਵਿਧੀਆਂ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਦੇ ਹੋਏ ਸਮੇਂ-ਸਮੇਂ ਸਿਰ ਹੋਣ ਵਾਲੀਆਂ ਕਾਨਫਰੰਸਾਂ ਵਿੱਚ ਭਾਗ ਲੈਂਦੇ ਰਹੇ ਹਨ। ਅਧਿਆਪਕ ਸਾਹਿਬਾਨ ਨੇ ਸੈਂਕੜੇ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਰਿਸਰਚ ਪੇਪਰ ਲਿਖ ਕੇ ਅਤੇ ਪੇਸ਼ ਕਰਕੇ ਨਾਮਣਾ ਖੱਟਿਆ ਹੈ। ਅੱਜ ਕਾਲਜ ਵਿੱਚ ਅਧਿਆਪਕਾਂ ਦੀ ਗਿਣਤੀ 125 ਹੈ। ਵਿੱਦਿਅਕ ਵਰ੍ਹੇ 2019-20 ਦੌਰਾਨ ਇਹ ਗਿਣਤੀ 150 ਦੇ ਕਰੀਬ ਹੋ ਜਾਵੇਗੀ।

ਕਾਲਜ ਦਾ ਸਮੁੱਚਾ ਸਟਾਫ਼ ਆਪਣੀਆਂ ਬਣਦੀਆਂ ਜ਼ਿੰਮੇਵਾਰੀਆਂ ਪ੍ਰਤੀ ਬੇਹੱਦ ਸੰਜ਼ੀਦਾ ਹੈ। ਆਸ ਕਰਦੇ ਹਾਂ ਕਿ ਪ੍ਰਧਾਨ ਸਾਹਿਬ ਜੀ ਦੀ ਯੋਗ ਅਗਵਾਈ ਅਤੇ ਪ੍ਰਿੰਸੀਪਲ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਇਹ ਕਾਲਜ ਹੋਰ ਵੀ ਵੱਡੀਆਂ ਪੁਲਾਂਘਾਂ ਪੁੱਟੇਗਾ।



## ਅਜੋਕੇ ਸਮੇਂ 'ਚ ਚੁਣੌਤੀਆਂ ਦਾ ਸਮਾਧਾਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਸੰਭਵ : ਭਾਈ ਗੋਬਿੰਦ ਸਿੰਘ ਲੌਂਗੋਵਾਲ



ਸੰਗਰੂਰ- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕਰਵਾਏ ਜਾਣ ਵਾਲੇ ਸੈਮੀਨਾਰਾਂ ਦੇ ਸਬੰਧ 'ਚ ਬੁੱਧੀਜੀਵੀ ਵਰਗ ਦੀ ਇਕੱਤਰਤਾ ਇਤਿਹਾਸਕ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੋਈ। ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸੈਮੀਨਾਰ ਸਬ ਕਮੇਟੀ ਦੇ ਮੁੱਖੀ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿਗ ਕਮੇਟੀ ਮੈਂਬਰ ਭੁਪਿੰਦਰ ਸਿੰਘ ਭਲਵਾਨ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਮੀਤ ਸਿੰਘ ਬੂਹ, ਬੀਬੀ ਹਰਜਿੰਦਰ ਕੌਰ, ਬੀਬੀ ਕੁਲਦੀਪ ਕੌਰ ਟੌਹੜਾ ਤੇ ਬੀਬੀ ਪਰਮਜੀਤ ਕੌਰ ਲਾਂਡਰਾ, ਸਹਾਇਕ ਡਾਇਰੈਕਟਰ (ਸਕੂਲਾਂ) ਬੀਬੀ ਸਤਵੰਤ ਕੌਰ ਤੋਂ ਇਲਾਵਾ ਕਮੇਟੀ ਦੇ ਕੋਆਰਡੀਨੇਟਰ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਆਦਿ ਹਾਜ਼ਰ ਸਨ। ਬੁੱਧਜੀਵੀ ਵਰਗ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਸੈਮੀਨਾਰਾਂ ਰਾਹੀਂ ਸ਼੍ਰੋਮਣੀ ਕਮੇਟੀ ਗੁਰੂ ਸਾਹਿਬ ਦੀ ਵਿਚਾਰਧਾਰਾ ਅਤੇ ਫਲਸਫੇ ਨੂੰ ਦੁਨੀਆਂ ਵਿੱਚ ਪ੍ਰਚਾਰਨ ਦਾ ਜਤਨ ਕਰ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਅਜੋਕੇ ਸਮੇਂ 'ਚ ਚੁਣੌਤੀਆਂ ਦਾ ਸਮਾਧਾਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਸੰਭਵ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਸ਼ਬਦ ਗੁਰੂ ਦੇ ਆਸਰੇ ਨਾਲ ਦੁਨੀਆ ਦੀ ਹਰ ਸਮੱਸਿਆ ਦਾ ਹੱਲ ਹੋ ਸਕਦਾ ਹੈ। ਉਨ੍ਹਾਂ ਬੁੱਧਜੀਵੀ ਵਰਗ ਨੂੰ ਪ੍ਰਕਾਸ਼ ਪੁਰਬ ਸਮਾਗਮਾਂ ਅਤੇ ਸੈਮੀਨਾਰਾਂ ਦਾ ਹਿੱਸਾ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਜਿਥੇ ਸ਼੍ਰੋਮਣੀ ਕਮੇਟੀ ਆਪਣੇ ਪੱਧਰ 'ਤੇ ਕਾਰਜਾਂ 'ਚ ਲੱਗੀ ਹੋਈ ਹੈ, ਉਥੇ ਹੀ ਬੁੱਧਜੀਵੀ ਵਰਗ ਨੂੰ ਆਪੋ-ਆਪਣੇ ਪੱਧਰ 'ਤੇ ਗੁਰੂ ਸਾਹਿਬ ਦੀ ਵਿਚਾਰਧਾਰਾ, ਸਿਧਾਂਤ ਅਤੇ ਉਪਦੇਸ਼ ਨੂੰ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਅਹਿਮ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਪ੍ਰਕਾਸ਼ ਪੁਰਬ ਸਮਾਗਮਾਂ ਰਾਹੀਂ ਗੁਰੂ ਸਾਹਿਬ ਦੇ ਸੰਦੇਸ਼ ਨੂੰ ਅੰਤਰਰਾਸ਼ਟਰੀ ਪੱਧਰ ਤੱਕ ਪਹੁੰਚਾਇਆ ਜਾ ਸਕੇ। ਉਪਰੰਤ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਪ੍ਰਧਾਨਗੀ 'ਚ ਗਠਿਤ ਸਬ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਤੋਂ ਬਾਅਦ ਸੈਮੀਨਾਰਾਂ ਦੀਆਂ ਤਰੀਕਾਂ ਦਾ ਐਲਾਨ ਅਗਲੀ ਇਕੱਤਰਤਾ 'ਚ ਕਰਨ ਦਾ ਫੈਸਲਾ ਕੀਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਡਾ. ਗੁਰਨਾਮ ਸਿੰਘ, ਡਾਇ: ਡਾ. ਚਮਕੌਰ ਸਿੰਘ, ਡਾ. ਪਰਮਵੀਰ ਸਿੰਘ, ਮੈਂਬਰ ਸ. ਸੰਤਾ ਸਿੰਘ ਉਮੇਦਪੁਰੀ, ਮੈਂਬਰ ਸ. ਜੈਪਾਲ ਸਿੰਘ ਮੰਡੀਆਂ ਆਦਿ ਹਾਜ਼ਰ ਸਨ।